ਵੀਰਵਾਰ, 27 ਅਗਸਤ, 2026
11 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 86

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • THURSDAY, 27 AUGUST, 2026 ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

YouTube nawan zamana TV

ਰੱਖੜੀ 'ਤੇ ਮਾਨ ਨੇ ਨਿਭਾਇਆ ਭਰਾ ਦਾ ਫ਼ਰਜ਼

1.37 ਲੱਖ 'ਸਤਿਕਾਰ ਸਖੀਆਂ' ਦੇ ਖਾਤੇ 'ਚ ਪਾਈ 52.20 ਕਰੋੜ ਦੀ ਪਹਿਲੀ ਕਿਸ਼ਤ

ਗੋਇੰਦਵਾਲ ਸਾਹਿਬ, ਖਡੂਰ ਸਾਹਿਬ (ਕਾਬਲ ਸਿੰਘ ਮੱਲ੍ਹੀ, ਹਰਜੋਤ ਸਿੰਘ ਸੰਧਾ) : ਰੱਖੜੀ ਦੇ ਤਿਉਹਾਰ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ 1.37 ਲੱਖ 'ਸਤਿਕਾਰ ਸਖੀਆਂ' ਨੂੰ 52.20 ਕਰੋੜ ਰੁਪਏ ਦੀ ਸਨਮਾਨ ਰਾਸ਼ੀ ਤਬਦੀਲ ਕਰਕੇ 'ਭਰਾ' ਦਾ ਫਰਜ਼ ਨਿਭਾਇਆ। ਇਸ ਦੇ ਨਾਲ ਹੀ ਉਨ੍ਹਾਂ ਪੂਰੇ ਪੰਜਾਬ ਦੀਆਂ ਔਰਤਾਂ ਤੱਕ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਪਹੁੰਚਾਉਣ ਵਿੱਚ ਸਤਿਕਾਰ ਸਖੀਆਂ ਦੇ ਅਣਥੱਕ ਯੋਗਦਾਨ ਦੀ ਭਰਵੀਂ ਸ਼ਲਾਘਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸਤਿਕਾਰ ਸਖੀਆਂ ਦੀਆਂ ਕੋਸ਼ਿਸ਼ਾਂ ਸਦਕਾ ਹੀ ਇਸ ਯੋਜਨਾ ਤਹਿਤ 75 ਲੱਖ ਤੋਂ ਵੱਧ ਔਰਤਾਂ ਦੀ ਰਜਿਸਟ੍ਰੇਸ਼ਨ ਸੰਭਵ ਹੋ ਸਕੀ ਹੈ ਅਤੇ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ

• ਬਾਕੀ ਸਫਾ 2 'ਤੇ

ਹੈਲੀਕਾਪਟਰ 'ਚ ਨੁਕਸ ਕਾਰਨ ਮਾਨ ਗੋਇੰਦਵਾਲ ਨਹੀਂ ਪਹੁੰਚ ਸਕੇ

ਗੋਇੰਦਵਾਲ : ਹੈਲੀਕਾਪਟਰ 'ਚ ਨੁਕਸ ਪੈਣ 'ਤੇ ਨਾ ਪੁੱਜ ਸਕਣ ਕਾਰਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਖੀਆਂ ਦੇ ਸਨਮਾਨ ਵਿੱਚ ਸੂਬਾ ਪੱਧਰੀ ਸਮਾਗਮ ਨੂੰ ਲਾਈਵ ਹੋ ਕੇ ਸੰਬੋਧਨ ਕੀਤਾ। ਉਨ੍ਹਾਂ ਇਕੱਠ ਕੋਲੋਂ ਨਾ ਪਹੁੰਚ ਸਕਣ ਦੀ ਮੁਆਫੀ ਮੰਗੀ।

'ਅਕਾਲੀ ਦਲ ਵਾਰਿਸ ਪੰਜਾਬ' ਦੇ ਅਸਲ 'ਚ ਵਾਇਰਸ : ਸੁਖਬੀਰ

ਮਲੋਟ (ਨ ਜ਼ ਸ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੁੱਧਵਾਰ ਖਡੂਰ ਸਾਹਿਬ ਦੇ ਸਾਂਸਦ ਅੰਮ੍ਰਿਤਪਾਲ ਸਿੰਘ ਤੇ ਉਸ ਦੀ ਪਾਰਟੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਨਾਲ-ਨਾਲ ਸੱਤਾਧਾਰੀ ਆਮ ਆਦਮੀ ਪਾਰਟੀ ਤੇ ਕਾਂਗਰਸ 'ਤੇ ਤਿੱਖਾ ਹਮਲਾ ਬੋਲਦਿਆਂ ਸ਼੍ਰੋਮਣੀ ਅਕਾਲੀ ਦਲ ਨੂੰ 'ਪੰਜਾਬ ਨੂੰ ਬਚਾਉਣ' ਦੇ ਸਮਰੱਥ ਇੱਕੋ-ਇੱਕ ਤਾਕਤ ਦੱਸਿਆ। ਭਾਜਪਾ ਨਾਲ ਸੰਭਾਵੀ ਮੁੜ ਗੱਠਜੋੜ ਦੀਆਂ ਚਰਚਾਵਾਂ ਦਰਮਿਆਨ ਭਾਜਪਾ ਬਾਰੇ ਇੱਕ ਵੀ ਸ਼ਬਦ ਨਹੀਂ ਬੋਲਿਆ।

ਪਾਰਟੀ ਦੀ 'ਪੰਜਾਬ ਬਚਾਓ ਰੈਲੀ' ਨੂੰ ਸੰਬੋਧਨ ਕਰਦਿਆਂ ਸੁਖਬੀਰ ਨੇ ਕਿਹਾ ਕਿ ਉਹ ਅਕਾਲੀ ਦਲ ਦੇ ਪ੍ਰਧਾਨ ਵਜੋਂ ਨਹੀਂ, ਸਗੋਂ ਪਰਵਾਰ ਦੇ ਮੈਂਬਰ ਵਜੋਂ ਪਾਰਟੀ ਵਰਕਰਾਂ ਦਾ ਆਸ਼ੀਰਵਾਦ ਲੈਣ ਲਈ ਘਰ ਆਏ ਹਨ। ਉਨ੍ਹਾਂ ਦੋਸ਼ ਲਾਇਆ ਕਿ ਵਿਰੋਧੀ ਤਾਕਤਾਂ ਪਿਛਲੇ ਦੋ ਸਾਲਾਂ ਤੋਂ ਅਕਾਲੀ ਦਲ ਨੂੰ ਕਮਜ਼ੋਰ ਕਰਨ, ਬਾਦਲ ਪਰਵਾਰ ਨੂੰ ਖਤਮ ਕਰਨ ਅਤੇ ਪੰਜਾਬ 'ਤੇ ਕਬਜ਼ਾ ਕਰਨ ਤੇ ਗੁਰਦੁਆਰਿਆਂ ਦੀਆਂ ਗੋਲਕਾਂ ਲੁੱਟਣ

ਦੀ ਸਾਜ਼ਿਸ਼ ਰਚ ਰਹੀਆਂ ਹਨ।

ਆਪਣੇ 'ਤੇ ਹੋਏ ਦੋ ਹਮਲਿਆਂ ਦਾ ਹਵਾਲਾ ਦਿੰਦੇ ਹੋਏ, ਸੁਖਬੀਰ ਨੇ ਦੋਸ਼ ਲਗਾਇਆ ਕਿ ਦੋਵੇਂ ਹਮਲੇ ਗੁਰੂ ਘਰਾਂ ਵਿਖੇ ਹੋਏ ਅਤੇ ਉਨ੍ਹਾਂ ਦੇ ਪਿੱਛੇ ਵਾਲੇ 'ਮਰਿਆਦਾ' ਨੂੰ ਵੀ ਨਹੀਂ ਜਾਣਦੇ ਸਨ। ਆਪਣੇ ਪਿਤਾ ਅਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਵਿਰਾਸਤ ਨੂੰ ਯਾਦ ਕਰਦੇ ਹੋਏ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਨੂੰ ਸ਼ਾਂਤੀ, ਫਿਰਕੂ ਸਦਭਾਵਨਾ, ਕਿਸਾਨਾਂ, ਮਜ਼ਦੂਰਾਂ ਅਤੇ ਸੂਬੇ ਦੇ ਵਿਕਾਸ ਲਈ ਵਚਨਬੱਧ ਪਾਰਟੀ ਵਜੋਂ ਦਰਸਾਇਆ। ਉਨ੍ਹਾਂ ਕਿਹਾ ਕਿ ਪੰਜਾਬ ਕਦੇ ਡਰ ਨਾਲ ਜਕੜਿਆ ਹੋਇਆ ਸੀ, ਲੋਕ ਹਿੰਸਾ ਕਾਰਨ ਆਪਣੇ ਘਰਾਂ ਤੋਂ ਬਾਹਰ ਨਿਕਲਣ ਤੋਂ ਡਰਦੇ ਸਨ। ਪ੍ਰਕਾਸ਼ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਸ਼ਾਂਤੀ ਅਤੇ ਸਥਿਰਤਾ ਬਹਾਲ ਕਰਨ ਵਿੱਚ ਮਦਦ ਕੀਤੀ। ਉਨ੍ਹਾ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਸ਼ਹਾਦਤ ਅਤੇ ਅਕਾਲੀ ਆਗੂਆਂ 'ਤੇ ਹੋਏ ਹਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਕਾਲੀ ਦਲ ਨੇ ਮੁਸ਼ਕਲ ਦੌਰ ਵਿੱਚ ਵੀ ਪੰਜਾਬ ਦੇ ਹਿੱਤਾਂ ਤੋਂ ਪਿੱਛੇ ਹਟਣ ਦੀ ਬਜਾਏ ਸੰਘਰਸ਼ ਜਾਰੀ ਰੱਖਿਆ। ਸੁਖਬੀਰ ਨੇ ਅੰਮ੍ਰਿਤਪਾਲ ਸਿੰਘ ਅਤੇ ਉਸ ਦੀ ਜਥੇਬੰਦੀ, ਅਕਾਲੀ ਦਲ (ਵਾਰਿਸ ਪੰਜਾਬ ਦੇ) ਨੂੰ ਵਾਇਰਸ ਕਿਹਾ ਅਤੇ ਇਸ ਦੇ ਪੰਜਾਬ ਅਤੇ ਸਿੱਖ ਹਿੱਤਾਂ ਦੀ ਨੁਮਾਇੰਦਗੀ ਕਰਨ ਦੇ ਦਾਅਵੇ ਦੇ ਅਧਿਕਾਰ 'ਤੇ ਸਵਾਲ ਉਠਾਏ। ਉਨ੍ਹਾ ਅੰਮ੍ਰਿਤਪਾਲ ਦੇ ਪਿਛੋਕੜ, ਪੁਲਸ ਸਟੇਸ਼ਨ 'ਤੇ ਇੱਕ ਵਿਰੋਧ ਪ੍ਰਦਰਸ਼ਨ ਦੌਰਾਨ ਉਸ ਦੀ ਪਾਰਟੀ ਵੱਲੋਂ ਗੁਰੂ ਗ੍ਰੰਥ ਸਾਹਿਬ ਨੂੰ ਢਾਲ ਵਜੋਂ ਵਰਤਣ ਅਤੇ ਨਸ਼ਿਆਂ ਵਿਰੁੱਧ ਉਸ ਦੀ ਮੁਹਿੰਮ ਦੀ ਆਲੋਚਨਾ ਕੀਤੀ ਅਤੇ ਦੋਸ਼ ਲਗਾਇਆ ਕਿ ਉਸ ਦਾ ਆਪਣਾ ਭਰਾ ਨਸ਼ੇੜੀ ਸੀ। ਉਨ੍ਹਾ ਇਹ ਵੀ ਦੋਸ਼ ਲਗਾਇਆ ਕਿ

• ਬਾਕੀ ਸਫਾ 2 'ਤੇ

ਨੇਪਾਲ ਦੇ ਹੜ੍ਹਾਂ 'ਚ 105 ਭਾਰਤੀ ਲਾਪਤਾ

ਕਠਮੰਡੂ (ਨ ਜ਼ ਸ) : ਨੇਪਾਲ 'ਚ ਬੁੱਧਵਾਰ ਸਵੇਰੇ ਰਸੁਵਾ ਜ਼ਿਲ੍ਹੇ ਵਿੱਚ ਭੋਟੇਕੋਸ਼ੀ ਨਦੀ ਵਿੱਚ ਅਚਾਨਕ ਹੜ੍ਹ ਆਉਣ ਤੋਂ ਬਾਅਦ 384 ਯਾਤਰੀ ਲਾਪਤਾ ਹੋ ਗਏ, ਜਿਨ੍ਹਾਂ ਵਿੱਚ 105 ਭਾਰਤੀ ਤੇ 37 ਐੱਨ ਆਰ ਆਈ ਹਨ। ਮੁੱਢਲੀ ਸੂਚੀ ਵਿੱਚ 291 ਵਿਦੇਸ਼ੀ ਅਤੇ 93 ਨੇਪਾਲੀ ਨਾਗਰਿਕ ਲਾਪਤਾ ਦੱਸੇ ਗਏ ਹਨ। ਵਿਦੇਸ਼ੀਆਂ ਵਿੱਚ ਆਸਟ੍ਰੇਲੀਆ, ਨੀਦਰਲੈਂਡ, ਅਮਰੀਕਾ, ਮਲੇਸ਼ੀਆ, ਯੂ ਕੇ ਅਤੇ ਦੱਖਣੀ ਅਫਰੀਕਾ ਦੇ ਨਾਗਰਿਕ ਵੀ ਹਨ। ਕਈ ਹੋਰ ਵਿਦੇਸ਼ੀ ਯਾਤਰੀਆਂ ਦੀ ਕੌਮੀਅਤ ਦੀ ਪੁਸ਼ਟੀ ਹੋਣੀ ਬਾਕੀ ਹੈ। ਭੋਟੇਕੋਸ਼ੀ ਨਦੀ ਦੇ ਤੇਜ਼ ਵਹਾਅ ਨੇ ਕਈ ਪਿੰਡਾਂ, ਬਾਜ਼ਾਰਾਂ, ਰਿਹਾਇਸ਼ੀ ਇਲਾਕਿਆਂ, ਸੜਕਾਂ, ਪੁਲਾਂ ਤੇ ਹਾਈਡਰੋ ਪਾਵਰ ਪ੍ਰੋਜੈਕਟਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਬਹੁਤ ਸਾਰੀਆਂ

ਗੱਡੀਆਂ ਅਤੇ ਬੁਨਿਆਦੀ ਢਾਂਚਾ ਰੁੜ੍ਹ ਗਿਆ। ਰਿਪੋਰਟਾਂ ਮੁਤਾਬਕ ਇਸ 'ਚ ਘੱਟੋ-ਘੱਟ 8 ਲੋਕਾਂ ਦੀ ਮੌਤ ਹੋ ਚੁੱਕੀ ਹੈ। ਹੜ੍ਹ ਏਨਾ ਅਚਾਨਕ ਆਇਆ ਕਿ ਜਿਵੇਂ ਕੋਈ ਜਵਾਲਾਮੁਖੀ ਫਟ ਗਿਆ ਹੋਵੇ, ਜਿਸ ਤੋਂ ਬਾਅਦ ਲੋਕ ਆਪਣੀ ਜਾਨ ਬਚਾਉਣ ਲਈ ਉੱਚੀਆਂ ਥਾਵਾਂ ਵੱਲ ਭੱਜਣ ਲੱਗੇ। ਤਬਾਹੀ ਦਾ ਸਭ ਤੋਂ ਵੱਡਾ ਅਸਰ ਨੇਪਾਲ ਦੇ ਊਰਜਾ ਖੇਤਰ 'ਤੇ ਪਿਆ ਹੈ। ਊਰਜਾ ਮੰਤਰਾਲੇ ਅਨੁਸਾਰ ਹਾਈਡਰੋ ਪ੍ਰੋਜੈਕਟਾਂ ਦੇ ਨੁਕਸਾਨੇ ਜਾਣ ਕਾਰਨ 430 ਮੈਗਾਵਾਟ ਬਿਜਲੀ ਸਪਲਾਈ ਪ੍ਰਭਾਵਤ ਹੋਈ ਹੈ, ਜੋ ਕਿ ਨੇਪਾਲ ਦੀ ਕੁੱਲ ਹਾਈਡਰੋ ਪਾਵਰ ਸਮਰੱਥਾ ਦਾ 12 ਫੀਸਦੀ ਤੋਂ ਵੱਧ ਹੈ। ਦੂਜੇ ਪਾਸੇ ਚੀਨ ਵਾਲੇ ਪਾਸੇ ਤਿੱਬਤ ਦੇ ਗਾਇਰੋਂਗ ਕਾਊਂਟੀ ਵਿੱਚ ਵੀ ਜ਼ਮੀਨ ਖਿਸਕਣ ਕਾਰਨ ਭਾਰੀ ਨੁਕਸਾਨ ਦੀ ਖ਼ਬਰ ਹੈ।

ਨੀਟ ਦੀ ਤਿਆਰੀ ਕਰ ਰਹੀ ਕੁੜੀ ਵੱਲੋਂ ਖੁਦਕੁਸ਼ੀ

ਕੋਟਾ (ਨ ਜ਼ ਸ) ਮੱਧ ਪ੍ਰਦੇਸ਼ ਦੀ 20 ਸਾਲਾ ਨੀਟ ਪ੍ਰੀਖਿਆਰਥੀ ਖੁਸ਼ਬੂ ਪਟੇਲ ਨੇ ਇੱਥੇ ਕਿਰਾਏ ਦੇ ਅਪਾਰਟਮੈਂਟ ਵਿੱਚ ਕਥਿਤ ਤੌਰ 'ਤੇ ਖੁਦਕੁਸ਼ੀ ਕਰ ਲਈ। ਖੁਸ਼ਬੂ, ਜੋ ਦੂਜੀ ਵਾਰ ਮੈਡੀਕਲ ਦਾਖਲਾ ਪ੍ਰੀਖਿਆ ਦੀ ਤਿਆਰੀ ਕਰ ਰਹੀ ਸੀ, ਲੈਂਡਮਾਰਕ ਸਿਟੀ ਸਥਿਤ ਅਪਾਰਟਮੈਂਟ ਵਿੱਚ ਲਟਕਦੀ ਮਿਲੀ।

ਪੁਲਸ ਮੁਤਾਬਕ ਉਸ ਦੀ ਭੈਣ ਖੁਸ਼ੀ ਪਟੇਲ, ਜੋ ਕਿ ਜੇ ਈ ਈ ਪ੍ਰੀਖਿਆ ਦੀ ਤਿਆਰੀ ਕਰ ਰਹੀ ਹੈ, ਕਲਾਸਾਂ ਤੋਂ ਬਾਅਦ ਰਾਤ 9 ਵਜੇ ਦੇ ਕਰੀਬ ਫਲੈਟ ਵਾਪਸ ਆਈ ਅਤੇ ਦਰਵਾਜ਼ਾ ਅੰਦਰੋਂ ਬੰਦ ਪਾਇਆ। ਵਾਰ-ਵਾਰ ਦਸਤਕ ਦੇਣ ਤੋਂ ਬਾਅਦ ਵੀ ਕੋਈ ਜਵਾਬ ਨਾ ਮਿਲਣ 'ਤੇ ਉਸ ਨੇ ਦੋਸਤਾਂ, ਸੁਰੱਖਿਆ ਗਾਰਡਾਂ ਅਤੇ ਗੁਆਂਢੀਆਂ ਤੋਂ ਮਦਦ ਮੰਗੀ। ਖੁਸ਼ਬੂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਸਾਲ ਜਨਵਰੀ ਤੋਂ ਬਾਅਦ ਕੋਟਾ ਵਿੱਚ ਕੋਚਿੰਗ ਵਿਦਿਆਰਥੀ ਦੀ ਖੁਦਕੁਸ਼ੀ ਨਾਲ ਮੌਤ ਦਾ ਇਹ ਅੱਠਵਾਂ ਮਾਮਲਾ ਹੈ।

ਦਮਦਮੀ ਟਕਸਾਲ ਵੱਲੋਂ ਚੋਣਾਂ 'ਚ ਨਿੱਤਰਨ ਦੀ ਤਿਆਰੀ!

ਅੰਮ੍ਰਿਤਸਰ (ਨ ਜ਼ ਸ) : ਦਮਦਮੀ ਟਕਸਾਲ ਨੇ ਇੱਕ ਵੱਖਰਾ ਜਥੇਬੰਦਕ ਵਿੰਗ 'ਦਮਦਮੀ ਟਕਸਾਲ ਸੇਵਕ ਜਥਾ' ਕਾਇਮ ਕੀਤਾ ਹੈ, ਜਿਸ ਦਾ ਢਾਂਚਾ ਬਿਲਕੁਲ ਮੁੱਖ ਧਾਰਾ ਦੀਆਂ ਸਿਆਸੀ ਪਾਰਟੀਆਂ ਵਰਗਾ ਹੈ। ਇਸ ਨਾਲ ਚਰਚਾ ਗਰਮ ਹੋ ਗਈ ਹੈ ਕਿ ਕੀ ਟਕਸਾਲ ਸਿੱਧੇ ਤੌਰ 'ਤੇ ਚੋਣ ਸਿਆਸੀ ਵਿੱਚ ਉਤਰਨ ਦੀ ਤਿਆਰੀ ਕਰ ਰਹੀ ਹੈ। ਦਮਦਮੀ ਟਕਸਾਲ ਦਾ ਸਿਆਸਤ ਨਾਲ ਲੰਮਾ ਇਤਿਹਾਸ ਰਿਹਾ ਹੈ। ਪਹਿਲਾਂ ਟਕਸਾਲ ਸ਼੍ਰੋਮਣੀ ਅਕਾਲੀ ਦਲ ਦਾ ਸਮਰਥਨ ਕਰਦੀ ਰਹੀ ਹੈ, ਪਰ ਪਿਛਲੇ ਕੁਝ ਸਮੇਂ ਤੋਂ ਟਕਸਾਲ ਮੁਖੀ ਹਰਨਾਮ ਸਿੰਘ ਧੁੰਮਾ ਦੀ ਭਾਜਪਾ ਨਾਲ ਨੇੜਤਾ ਵਧਦੀ ਦੇਖੀ ਗਈ ਹੈ। ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਦੌਰਾਨ ਟਕਸਾਲ ਨੇ ਮੁੰਬਈ ਵਿੱਚ ਖੁੱਲ੍ਹ ਕੇ ਭਾਜਪਾ ਦਾ ਸਮਰਥਨ ਕੀਤਾ ਸੀ। ਇਸ ਤੋਂ ਇਲਾਵਾ 6 ਜੂਨ ਨੂੰ ਮਹਿਤਾ ਚੌਕ ਵਿਖੇ ਘੱਲੂਘਾਰਾ ਸਮਾਗਮ ਦੌਰਾਨ ਮਹਾਰਾਸ਼ਟਰ ਦੇ ਮੰਤਰੀਆਂ ਅਤੇ ਭਾਜਪਾ ਨੇਤਾਵਾਂ ਨੇ ਸ਼ਿਰਕਤ ਕੀਤੀ ਸੀ। ਚਰਚਾਵਾਂ ਹਨ ਕਿ 'ਸੇਵਕ ਜਥਾ' ਦੇ ਜ਼ਰੀਏ ਟਕਸਾਲ ਇੱਕ ਅਜਿਹਾ ਨੈੱਟਵਰਕ ਤਿਆਰ ਕਰ ਰਹੀ ਹੈ, ਜੋ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੀ ਮਦਦ ਕਰ ਸਕਦਾ ਹੈ। ਹਾਲਾਂਕਿ, ਟਕਸਾਲ ਦੇ ਬੁਲਾਰੇ ਹਰਸ਼ਦੀਪ ਸਿੰਘ ਰੰਧਾਵਾ ਨੇ ਇਹ ਸਾਰੇ ਦਾਅਵੇ ਖਾਰਜ ਕਰਦਿਆਂ ਸਪੱਸ਼ਟ ਕੀਤਾ ਹੈ ਕਿ ਇਹ ਕੋਈ ਸਿਆਸੀ ਪਾਰਟੀ ਨਹੀਂ ਹੈ ਅਤੇ ਨਾ ਹੀ ਚੋਣਾਂ ਲੜਨ ਦਾ ਕੋਈ ਇਰਾਦਾ ਹੈ। ਇਸ ਦਾ ਮੁੱਖ ਮਕਸਦ ਸ਼ਰਧਾਲੂਆਂ ਨੂੰ ਸਿਆਸੀ ਤੌਰ 'ਤੇ ਜਾਗਰੂਕ ਕਰਨਾ, ਧਰਮ ਪ੍ਰਚਾਰ, ਨਸ਼ਾ ਛੁਡਾਊ ਮੁਹਿਮ ਅਤੇ ਪੰਜਾਬ ਦੇ ਮੁੱਦਿਆਂ 'ਤੇ ਲਗਾਤਾਰ ਕੰਮ ਕਰਨਾ ਹੈ। ਹਾਲਾਂਕਿ ਵੱਡਾ ਸਿਆਸੀ ਪ੍ਰਭਾਵ ਹੋਣ ਦੇ ਬਾਵਜੂਦ ਟਕਸਾਲ ਨੇ ਕਦੇ ਸਿੱਧੇ ਤੌਰ 'ਤੇ ਚੋਣਾਂ ਨਹੀਂ ਲੜੀਆਂ। ਜਥੇਦਾਰਾਂ ਦੀ ਨਿਯੁਕਤੀ ਨੂੰ ਲੈ ਕੇ ਅਕਾਲੀ ਦਲ ਅਤੇ ਧੁੰਮਾ ਵਿਚਕਾਰ ਮਤਭੇਦ ਹਨ। ਧੁੰਮਾ ਨੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵਜੋਂ ਪ੍ਰਵਾਨ ਨਹੀਂ ਕੀਤਾ।

ਮੋਦੀ ਚੰਦਰਸ਼ੇਖਰਨ ਨੂੰ ਮੰਤਰੀ ਬਣਾ ਸਕਦੈ

ਨਵੀਂ ਦਿੱਲੀ : ਕੇਂਦਰੀ ਮੰਤਰੀ ਮੰਡਲ ਵਿੱਚ ਸੰਭਾਵਤ ਫੇਰਬਦਲ ਵਿੱਚ ਐੱਨ ਚੰਦਰਸ਼ੇਖਰਨ, ਜਿਨ੍ਹਾ ਹਾਲ ਹੀ ਵਿੱਚ ਟਾਟਾ ਸੰਨਜ਼ ਦੇ ਚੇਅਰਮੈਨ ਵਜੋਂ ਅਸਤੀਫਾ ਦੇ ਦਿੱਤਾ ਹੈ, ਨੂੰ ਵੱਡਾ ਮੰਤਰਾਲਾ ਮਿਲ ਸਕਦਾ ਹੈ। ਕੁਝ ਨੇਤਾਵਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਸੁਣਿਆ ਹੈ ਕਿ 63 ਸਾਲਾ ਚੰਦਰਸ਼ੇਖਰਨ ਨੂੰ ਕੈਬਨਿਟ ਅਹੁਦੇ ਲਈ ਵਿਚਾਰਿਆ ਜਾ ਸਕਦਾ ਹੈ। ਇਹ ਪੁੱਛੇ ਜਾਣ 'ਤੇ ਕਿ ਚੰਦਰਸ਼ੇਖਰਨ ਨੂੰ ਕਿਸ ਮੰਤਰਾਲੇ ਲਈ ਵਿਚਾਰਿਆ ਜਾ ਸਕਦਾ ਹੈ, ਜਵਾਬ ਸੀ, 'ਇੱਕ ਕਾਰਪੋਰੇਟ ਮੰਤਰਾਲਾ ਜਾਂ ਇੱਥੋਂ ਤੱਕ ਕਿ ਸਿੱਖਿਆ ਮੰਤਰਾਲਾ।' ਮੋਦੀ ਦੇ 12 ਸਾਲਾਂ ਦੇ ਕਾਰਜਕਾਲ ਵਿੱਚ ਦੇਸ਼ ਨੇ ਚਾਰ ਸਿੱਖਿਆ ਮੰਤਰੀ ਦੇਖੇ ਹਨ—ਸਮ੍ਰਿਤੀ ਈਰਾਨੀ, ਪ੍ਰਕਾਸ਼ ਜਾਵਡੇਕਰ, ਰਮੇਸ਼ ਪੋਖਰਿਆਲ ਅਤੇ ਧਰਮੇਂਦਰ ਪ੍ਰਧਾਨ। ਸਾਰਿਆਂ ਨੂੰ ਕਿਸੇ ਨਾ ਕਿਸੇ ਕਾਰਨ ਕਰਕੇ ਅਹੁਦਾ ਛੱਡਣਾ ਪਿਆ।

ਭਾਗਵਤ ਦੇ ਪ੍ਰੋਗਰਾਮ ਦਾ ਮੈਂ ਵੀ ਵਿਰੋਧੀ : ਮਮਦਾਨੀ

ਨਿਊ ਯਾਰਕ : ਇੱਥੋਂ ਦੇ ਮੇਅਰ ਜ਼ੋਹਰਾਨ ਮਮਦਾਨੀ ਨੇ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੀ ਸ਼ਮੂਲੀਅਤ ਵਾਲੇ ਮੈਡੀਸਨ ਸਕੁਏਅਰ ਗਾਰਡਨ ਪ੍ਰੋਗਰਾਮ ਦਾ ਵਿਰੋਧ ਕੀਤਾ, ਪਰ ਕਿਹਾ ਕਿ ਸ਼ਹਿਰ ਕੋਲ 29 ਅਗਸਤ ਨੂੰ ਹੋਣ ਵਾਲੇ ਨਿੱਜੀ ਪ੍ਰੋਗਰਾਮ ਨੂੰ ਰੱਦ ਕਰਨਾ ਉਨ੍ਹਾ ਦੇ ਅਧਿਕਾਰ ਖੇਤਰ ਤੋਂ ਬਾਹਰ ਹੈ। ਭਾਗਵਤ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦੇ ਸ਼ਤਾਬਦੀ-ਸਾਲ ਵਿੱਚ ਗਲੋਬਲ ਆਊਟਰੀਚ ਪ੍ਰੋਗਰਾਮ ਦੇ ਹਿੱਸੇ ਵਜੋਂ ਅਮਰੀਕਾ ਪਹੁੰਚੇ ਹਨ। ਨਿਊ ਯਾਰਕ ਵਿੱਚ ਆਪਣੇ ਠਹਿਰਾਅ ਦੌਰਾਨ ਉਹ ਸ਼ਨੀਵਾਰ ਨੂੰ ਮੈਡੀਸਨ ਸਕੁਏਅਰ ਗਾਰਡਨ ਵਿਖੇ ਯੂਨੀਵਰਸਲ ਏਕਤਾ ਸਮਾਰੋਹ ਵਿੱਚ ਹਿੱਸਾ ਲੈਣਗੇ ਅਤੇ ਭਾਰਤੀ ਡਾਇਸਪੋਰਾ ਦੇ ਲਗਭਗ 5,000 ਮੈਂਬਰਾਂ ਨੂੰ ਸੰਬੋਧਨ ਕਰਨਗੇ। ਮਮਦਾਨੀ ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ, 'ਮੈਂ ਰੈਲੀ ਦਾ ਸਮਰਥਨ ਨਹੀਂ ਕਰਦਾ, ਪਰ ਮੈਨੂੰ ਨਹੀਂ ਪਤਾ ਕਿ ਸ਼ਹਿਰ ਕੋਲ ਕਿਸੇ ਨਿੱਜੀ ਸਮਾਗਮ ਨੂੰ ਰੱਦ ਕਰਨਾ ਮੇਰੇ ਅਧਿਕਾਰ ਖੇਤਰ ਵਿੱਚ ਹੈ।'

ਗੁਰਪਤਵੰਤ ਪਨੂੰ ਦੀ ਗੋਲਡੀ ਤੇ ਲਾਰੈਂਸ ਬਿਸ਼ਨੋਈ ਨੂੰ ਧਮਕੀ

ਨਿਊ ਯਾਰਕ : ਗੈਂਗਸਟਰ ਗੋਲਡੀ ਬਰਾੜ ਵੱਲੋਂ ਖਾਲਿਸਤਾਨ ਹਮਾਇਤੀ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜ਼ਿੰਮੇਵਾਰੀ ਲਏ ਜਾਣ ਦੇ ਦੋ ਦਿਨ ਬਾਅਦ ਪਾਬੰਦੀਸ਼ੁਦਾ ਜਥੇਬੰਦੀ 'ਸ

ਸੜਕ ਹਾਦਸੇ 'ਚ ਤਿੰਨ ਵਿਅਕਤੀ ਜ਼ਖ਼ਮੀ, ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਧ੍ਰੂਮੋਦ ਭਾਰਦਵਾਜ)- ਮੰਡੀ ਗੋਬਿੰਦਗੜ੍ਹ ਦੀ ਅਮਲੋਹ ਰੋਡ 'ਤੇ ਵਾਪਰੇ ਸੜਕ ਹਾਦਸੇ ਵਿੱਚ ਤਿੰਨ ਵਿਅਕਤੀਆਂ ਦੇ ਜ਼ਖ਼ਮੀ ਹੋਣ ਦੀ ਸੂਚਨਾ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਅਵਤਾਰ ਸਿੰਘ ਵਾਸੀ ਪਿੰਡ ਮਾਣਕਮਾਜਰਾ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮੰਡੀ ਗੋਬਿੰਦਗੜ੍ਹ ਦੀ ਅਮਲੋਹ ਰੋਡ ਤੋਂ ਲੰਘ ਰਿਹਾ ਸੀ।ਉਹ ਜਦੋਂ ਪਿੰਡ ਤੂਰਾਂ ਦੇ ਮਹਾਦੇਵ ਮੰਦਰ ਕੋਲ ਪੁੱਜਾ ਤਾਂ ਸਾਹਮਣੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਜਿਪਸੀ ਜਿਸ ਨੂੰ ਉਸਦਾ ਡਰਾਈਵਰ ਬੜੀ ਅਣਗਹਿਲੀ ਨਾਲ ਚਲਾਉਂਦਾ ਹੋਇਆ ਆ ਰਿਹਾ ਸੀ, ਨੇ ਉਸ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਸ ਦੀ ਸੱਜੀ ਲੱਤ ਟੁੱਟ ਗਈ ਤੇ ਉਕਤ ਜਿਪਸੀ ਦੀ ਟੱਕਰ ਵੱਜਣ ਕਾਰਨ ਦੋ ਹੋਰ ਮੋਟਰਸਾਈਕਲ ਸਵਾਰ ਵਿਅਕਤੀਆਂ ਦੇ ਵੀ ਸੱਟਾਂ ਵੱਜੀਆਂ।ਅਵਤਾਰ ਸਿੰਘ ਦੇ ਬਿਆਨਾਂ 'ਤੇ ਜਿਪਸੀ ਦੇ ਕਥਿਤ ਡਰਾਈਵਰ ਹਰਨੇਕ ਸਿੰਘ ਵਾਸੀ ਪਿੰਡ ਮਾਣਕਪੁਰਾ(ਤਰਨਤਾਰਨ) ਵਿਰੁੱਧ ਕੇਸ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਿਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

ਡਾ. ਬਲਜੀਤ ਕੌਰ ਨੇ ਦਾਨੇਵਾਲਾ 'ਚ ਸੁਣੀਆਂ ਮੁਸ਼ਕਲਾਂ

ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਲੋਕ ਮਿਲਣੀ' ਮੁਹਿਮ ਤਹਿਤ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪਿੰਡ ਦਾਨੇਵਾਲਾ ਪਹੁੰਚ ਕੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ।ਉਨ੍ਹਾਂ ਲੋਕਾਂ ਵੱਲੋਂ ਰੱਖੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਹੱਲ ਕਰਾਇਆ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪਿੰਡ ਦਾਨੇਵਾਲਾ ਦੇ ਸਰਬਪੱਖੀ ਵਿਕਾਸ ਲਈ 80 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ। ਦੌਰੇ ਦੌਰਾਨ ਕੈਬਨਿਟ ਮੰਤਰੀ ਨੇ 1.50 ਕਰੋੜ ਰੁਪਏ ਸੰਦੀਪ ਨਗਰ ਮਲੋਟ ਦੀਆਂ ਗਲੀਆਂ-ਨਾਲੀਆਂ ਪੱਕੀਆਂ ਬਨਾਉਣ ਦਾ ਵੀ ਐਲਾਨ ਕੀਤਾ।ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ ਤੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਉਹਨਾਂ ਦੇ ਘਰਾਂ ਨੇੜੇ ਪੁਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਕਰਾਟੇ ਚੈਂਪੀਅਨਸ਼ਿਪ 'ਚ ਰਮਨਦੀਪ ਕੌਰ ਨੇ ਜਿੱਤਿਆ ਨੈਸ਼ਨਲ ਗੋਲਡ ਮੈਡਲ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)- ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਦੀ ਹੋਣਹਾਰ ਵਿਦਿਆਰਥਣ ਰਮਨਦੀਪ ਕੌਰ ਪੁੱਤਰੀ ਬਲਜਿੰਦਰ ਸਿੰਘ ਵਾਸੀ ਸਹਿਜੜਾ ਨੇ ਕਰਾਟੇ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨੈਸ਼ਨਲ ਪੱਧਰ 'ਤੇ ਗੋਲਡ ਮੈਡਲ ਹਾਸਲ ਕਰਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਰਮਨਦੀਪ ਕੌਰ ਨੇ ਅੰਮ੍ਰਿਤਸਰ ਵਿਖੇ ਬੈਨਯ ਸਿਮਰਨ ਪੈਲੇਸ ਵਿੱਚ ਡੀ.ਓ. ਐਸੋਸੀਏਸ਼ਨ ਆਫ ਇੰਡੀਆ ਵੱਲੋਂ ਕਰਵਾਈ ਗਈ 13ਵੀਂ ਕਿਊਰਿਨ ਆਲ ਇੰਡੀਆ ਕਰਾਟੇ ਚੈਂਪੀਅਨਸ਼ਿਪ ਵਿੱਚ ਭਾਗ ਲੈਂਦਿਆਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਤੇ ਨੈਸ਼ਨਲ ਗੋਲਡ ਮੈਡਲ ਆਪਣੇ ਨਾਂਅ ਕੀਤਾ। ਰਮਨਦੀਪ ਦੀ ਇਸ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ।ਵਿਦਿਆਰਥਣ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਡਾ. ਹਿਮਾਂਸ਼ੂ ਸ਼ਰਮਾ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵਿਦਿਆਰਥੀਆਂ ਨੂੰ ਅੱਗੇ ਵਧਣਾ ਚਾਹੀਦਾ ਹੈ।ਉਨ੍ਹਾਂ ਰਮਨਦੀਪ ਕੌਰ ਨੂੰ ਭਵਿੱਖ ਵਿੱਚ ਹੋਰ ਸਖ਼ਤ ਮਿਹਨਤ ਕਰਕੇ ਖੇਡਾਂ ਅਤੇ ਪੜ੍ਹਾਈ ਦੇ ਖੇਤਰ ਵਿੱਚ ਨਵੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਬਾਂਸਲ

ਬਠਿੰਡਾ, (ਬਖਤੌਰ ਢਿੱਲੋਂ)- ਵੱਖ-ਵੱਖ ਕੇਸਾਂ ਵਿੱਚ ਸਜ਼ਾ ਕੱਟ ਚੁੱਕੇ ਬੰਦੀ ਸਿੰਘਾਂ ਨੂੰ ਕੇਂਦਰ ਸਰਕਾਰ ਵੱਲੋਂ ਤੁਰੰਤ ਰਿਹਾਅ ਕਰ ਦੇਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਪੰਜਾਬ ਵਿੱਚ ਏਕਤਾ ਤੇ ਅਖੰਡਤਾ ਨੂੰ ਬਲ ਮਿਲੇਗਾ। ਸਵਰਾਜ ਪਾਰਟੀ ਪੰਜਾਬ ਦੇ ਬੁਲਾਰੇ ਸ੍ਰੀ ਗਿਆਨ ਬਾਂਸਲ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਇਸ ਕਾਰਜ 'ਚ ਆਪਣੀ ਬਣਦੀ ਭੂਮਿਕਾ ਅਦਾ ਕਰੇ। ਸ੍ਰੀ ਬਾਂਸਲ ਨੇ ਕਿਹਾ ਕਿ ਜਿਹੜੇ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਭਰ ਚੋਂ ਮੰਗ ਉੱਠ ਰਹੀ ਹੈ, ਉਹ ਅਦਾਲਤਾਂ ਵੱਲੋਂ ਦਿੱਤੀ ਸਜ਼ਾ ਭੁਗਤ ਚੁੱਕੇ ਹਨ। ਉਹ ਕਈ ਕਈ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਹਨ ਤੇ ਆਪਣੀ ਉਮਰ ਦੇ ਬੁਢੇਪੇ ਵਾਲੇ ਸਮੇਂ ਵਿੱਚ ਪਹੁੰਚ ਚੁੱਕੇ ਹਨ। ਕਈ ਵੱਖ-ਵੱਖ ਤਰ੍ਹਾਂ ਦੀਆਂ ਬਿਮਾਰੀਆਂ ਦਾ ਵੀ ਸ਼ਿਕਾਰ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਬੰਦੀ ਸਿੰਘ ਜਿਨ੍ਹਾਂ ਕੇਸਾਂ ਵਿੱਚ ਜੇਲ੍ਹਾਂ 'ਚ ਬੰਦ ਹਨ, ਉਨ੍ਹਾਂ ਕੇਸਾਂ ਦੇ ਮੁਦੱਈ ਵੀ ਰਿਹਾਈ ਦਾ ਕੋਈ ਵਿਰੋਧ ਨਹੀਂ ਕਰ ਰਹੇ। ਉਨ੍ਹਾਂ ਕਿਹਾ ਕਿ ਸਰਕਾਰਾਂ ਕੋਲ ਗੁਪਤ ਤੰਤਰ ਤੇ ਹੋਰ ਕਈ ਤਰ੍ਹਾਂ ਦੇ ਵਿਭਾਗ ਹਨ, ਜਿਨ੍ਹਾਂ ਰਾਹੀਂ ਲੋੜ ਪੈਣ 'ਤੇ ਉਨ੍ਹਾਂ 'ਤੇ ਨਿਗਰਾਨੀ ਵੀ ਰੱਖੀ ਜਾ ਸਕਦੀ ਹੈ।

ਪਾਵਰ ਕਾਰਪੋਰੇਸ਼ਨ ਤੇ ਟਰਾਂਸਮਿਸ਼ਨ ਦੇ ਪੈਨਸ਼ਨਰਾਂ ਵੱਲੋਂ ਸਰਕਾਰ ਖਿਲਾਫ ਕੀਤਾ ਜਾਵੇਗਾ ਪ੍ਰਦਰਸ਼ਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਪਾਵਰ ਕਾਰਪੋਰੇਸ਼ਨ ਤੇ ਟਰਾਂਸਮਿਸ਼ਨ ਕਾਰਪੋਰੇਸ਼ਨ ਦੀ ਮਹੀਨਾਵਾਰ ਮੀਟਿੰਗ ਅਮਰਜੀਤ ਸਿੰਘ ਬਾਬਾ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੀ-3, 66 ਕੇ.ਵੀ. ਗਰਿੰਡ ਕਲੋਨੀ ਵਿਖੇ ਹੋਈ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਸਰਕਲਾਂ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਤੇ ਸੂਬਾ ਕਮੇਟੀ ਮੈਂਬਰਾਂ ਤੇ ਸਰਕਲ ਪ੍ਰਧਾਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ 18 ਪ੍ਰਤੀਸ਼ਤ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੈਸਲੇ ਅਨੁਸਾਰ ਨਾ ਦੇਣ/ ਟਾਲ ਮਟੋਲ ਕਰਨ ਦੀ ਨੀਤੀ ਦੀ ਘੋਰ ਨਿੰਦਿਆ ਕੀਤੀ ਗਈ ਤੇ 27 ਅਗਸਤ ਨੂੰ ਸਾਰੇ ਪੰਜਾਬ ਦੇ ਸਰਕਲ ਹੈੱਡ ਕੁਆਟਰਾਂ ਤੇ ਪੰਜਾਬ ਸਰਕਾਰ ਵਿਰੁੱਧ ਰੈਲੀਆਂ/ਅਰਥੀਆਂ ਫੂਕਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੀ ਜਾਣਕਾਰੀ ਜਾਰੀ ਕਰਦੇ ਬੀ.ਐਸ. ਸੋਖੋਂ ਜਨਰਲ ਸਕੱਤਰ ਨੇ ਦੱਸਿਆ ਕਿ ਪੰਜਾਬ ਦਾ ਸਮੁੱਚਾ ਮੁਲਾਜਮ ਅਤੇ ਪੈਨਸ਼ਨਰਜ਼ ਪੰਜਾਬ ਸਰਕਾਰ ਦੀਆਂ ਮੁਲਾਜਮ ਵਿਰੋਧੀ ਨੀਤੀਆਂ ਤੋਂ ਤੰਗ ਆ ਚੁੱਕਾ ਹੈ ਤੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਫਰਵਰੀ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਵਿਰੋਧ ਕੀਤਾ ਜਾਵੇਗਾ।ਜੇਕਰ 31 ਅਗਸਤ ਤੱਕ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਜ਼ ਦੀਆਂ ਜਾਇਜ਼ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾਂਦਾ ਤਾਂ ਸਤੰਬਰ ਦੇ ਪਹਿਲੇ ਹਫ਼ਤੇ ਕੋਈ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ।

ਮਲੂਕਾ ਨੇ ਕੀਤਾ ਸੁਖਬੀਰ ਬਾਦਲ ਦਾ ਸਵਾਗਤ

ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਪਿਛਲੇ ਦਿਨੀਂ ਮਹਾਂਰਾਸ਼ਟਰ 'ਚ ਹਜ਼ੂਰ ਸਾਹਿਬ ਵਿਖੇ ਹੋਏ ਜਾਨਲੇਵਾ ਹਮਲੇ ਤੋਂ ਬਾਅਦ ਇਲਾਜ ਲਈ ਕਈ ਦਿਨ ਪੰਜਾਬ ਤੋਂ ਬਾਹਰ ਰਹੇ, ਜਿਸ ਦੇ ਚੱਲਦਿਆਂ ਉਹ ਰਾਜਨੀਤਕ ਸਰਗਰਮੀਆਂ ਤੋਂ ਵੀ ਦੂਰ ਰਹੇ। ਸੁਖਬੀਰ ਸਿੰਘ ਬਾਦਲ ਪੰਜਾਬ ਪਰਤੇ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ। ਇਸ ਤੋਂ ਪਹਿਲਾਂ ਪੰਜਾਬ ਹਰਿਆਣਾ ਬਾਰਡਰ ਤੇ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਸੁਖਬੀਰ ਸਿੰਘ ਬਾਦਲ ਦਾ ਸਵਾਗਤ ਕੀਤਾ। ਮਲੂਕਾ ਨੇ ਕਿਹਾ ਕੇ ਸੁਖਬੀਰ ਸਿੰਘ ਬਾਦਲ ਤੇ ਹਮਲਾ ਡੂੰਘੀ ਸਾਜ਼ਿਸ਼ ਅਧੀਨ ਕੀਤਾ ਗਿਆ ਸੀ। ਇਸ ਹਮਲੇ ਨਾਲ ਜਿੱਥੇ ਸੁਖਬੀਰ ਸਿੰਘ ਬਾਦਲ ਨੂੰ ਜਾਨੀ ਨੁਕਸਾਨ ਪੁਚਾਉਣ ਦੀ ਕੋਸ਼ਿਸ਼ ਕੀਤੀ ਗਈ, ਉਥੇ ਇਸ ਹਮਲੇ ਦਾ ਮੰਤਵ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਤੇ ਪੰਥਕ ਪਾਰਟੀ ਤੇ ਪੰਜਾਬ ਨੂੰ ਨੇਤਾ ਵਹੀਣ ਕਰਨਾ ਸੀ। ਸ਼੍ਰੋਮਣੀ ਅਕਾਲੀ ਦਲ ਤੇ ਪਾਰਟੀ ਪ੍ਰਧਾਨ ਅਜਿਹੇ ਹਮਲਿਆਂ ਤੋਂ ਡਰਨ ਵਾਲਾ ਨਹੀਂ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਚੜ੍ਹਦੀ ਕਲਾ 'ਚ ਹਨ। ਉਨ੍ਹਾਂ ਦੀ ਗੈਰ ਹਾਜ਼ਰੀ 'ਚ ਹੋਣ ਵਾਲੀਆਂ ਰੈਲੀਆਂ ਦੀ ਕਮਾਨ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਨੇ ਸੰਭਾਲੀ ਸੀ। ਸਿਹਤਯਾਬ ਹੋਣ ਉਪਰੰਤ ਸੁਖਬੀਰ ਸਿੰਘ ਬਾਦਲ ਮੁੜ ਸਿਆਸੀ ਸਰਗਰਮੀਆਂ 'ਚ ਹਿੱਸਾ ਲੈਣਗੇ। ਅਗਾਊ ਰੈਲੀਆਂ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਹੋਣਗੀਆਂ।

ਮੁੰਡੀਆਂ ਦੀ ਹਾਜ਼ਰੀ 'ਚ ਨਗਰ ਕੌਂਸਲ ਦੇ ਪ੍ਰਧਾਨ ਬੱਬੂ ਅਹੂਜਾ ਨੇ ਅਹੁਦਾ ਸੰਭਾਲਿਆ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)- ਨਗਰ ਕੌਂਸਲ ਦੇ ਨਵੇਂ ਚੁਣੇ ਗਏ ਪ੍ਰਧਾਨ ਬਲਜਿੰਦਰ ਸਿੰਘ ਬੱਬੂ ਆਹੂਜਾ ਨੇ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ।ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਮਹਿਮਾਨ ਸਨ। ਇਸ ਸਹੁੰ ਚੁੱਕ ਸਮਾਗਮ ਤੇ ਅਹੁਦਾ ਸੰਭਾਲਣ ਸਮੇਂ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਤੇਜ ਸਿੰਘ ਖੋਸਾ, ਬਲਾਕ ਸੰਮਤੀ ਦੇ ਚੇਅਰਮੈਨ ਸਰਬਜੀਤ ਸਿੰਘ, ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ ਕੌਂਸਲਰ ਤੇ ਵੱਡੀ ਗਿਣਤੀ ਵਿੱਚ ਉੱਘੇ ਨਾਗਰਿਕ ਮੌਜੂਦ ਸਨ। ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਬਲਜਿੰਦਰ ਸਿੰਘ ਆਹੂਜਾ ਨੂੰ ਵਧਾਈ ਦਿੱਤੀ।ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੰਤਰੀ ਮੁੰਡੀਆਂ ਨੇ ਕਿਹਾ ਕਿ ਬਾਬਾ ਫ਼ਰੀਦ ਜੀ ਦੀ ਇਸ ਇਤਿਹਾਸਕ ਤੇ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮੌਕਾ ਮਿਲਣਾ ਬਹੁਤ ਮਾਣ ਵਾਲੀ ਗੱਲ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਸੂਬੇ ਦੇ ਵਿਕਾਸ, ਸਿੱਖਿਆ, ਰੁਜ਼ਗਾਰ, ਖੇਡਾਂ, ਸਿਹਤ ਸੇਵਾਵਾਂ ਤੇ ਲੋਕ ਭਲਾਈ ਲਈ ਦਿਨ ਰਾਤ ਕੰਮ ਕਰ ਰਹੀ ਹੈ।ਸਰਕਾਰ ਦਾ ਮੁੱਖ ਟੀਚਾ ਪੰਜਾਬ ਨੂੰ ਨਸ਼ਾ ਮੁਕਤ ਤੇ 'ਰੰਗਲਾ ਪੰਜਾਬ' ਬਣਾਉਣਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਸਰਕਾਰ ਵਿਕਾਸ ਕਾਰਜਾਂ ਨੂੰ ਕਿਸੇ ਖਾਸ ਵਾਰਡ ਜਾਂ ਪਾਰਟੀ ਨਾਲ ਜੁੜੇ ਹੋਣ ਤੱਕ ਸੀਮਤ ਨਹੀਂ ਕਰਦੀ।ਨਵੇਂ ਬਣੇ ਪ੍ਰਧਾਨ ਤੋਂ ਫ਼ਰੀਦਕੋਟ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਜਲਦੀ ਹੱਲ ਕਰਨ ਲਈ ਸਾਰੇ ਕੌਂਸਲਰਾਂ ਤੇ ਵਿਰੋਧੀ ਧਿਰ ਦੇ ਸਹਿਯੋਗੀਆਂ ਨੂੰ ਇਕੱਠੇ ਕਰਨ ਦੀ ਉਮੀਦ ਹੈ।



ਬਾਬਾ ਗੁਰਦੀਪ ਸਿੰਘ ਵੱਲੋਂ ਡਾ. ਗੁਰਪ੍ਰੀਤ ਕੌਰ ਮਾਨ ਦਾ ਸਿਰੋਪਾਓ ਨਾਲ ਸਨਮਾਨ

ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਮਾਲਵੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਚੰਦ ਪੁਰਾਣਾ ਵਿਖੇ ਨਤਮਸਤਕ ਹੋਣ ਲਈ ਪੁੱਜੇ। ਇਸ ਮੌਕੇ ਉਨ੍ਹਾਂ ਨਾਲ ਹਲਕਾ ਬਾਘਾਪੁਰਾਣਾ ਦੇ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁਖਾਨੰਦ ਵੀ ਮੌਜੂਦ ਸਨ। ਚੇਅਰਮੈਨ ਮਨਦੀਪ ਮਾਨ, ਪਵਨ ਗੁਪਤਾ ਸੀਨੀ: ਆਗੂ ਆਪ ਨੇ ਡਾ. ਗੁਰਪ੍ਰੀਤ ਕੌਰ ਮਾਨ ਨੂੰ ਜੀ ਆਇਆ ਆਖਦਿਆਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ। ਉਪਰੰਤ ਗੁਰਪ੍ਰੀਤ ਕੌਰ ਮਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਨਤ ਮਸਤਕ ਹੋਏ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਵੱਲੋਂ ਉਨ੍ਹਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਉਪਰੰਤ ਡਾ. ਗੁਰਪ੍ਰੀਤ ਕੌਰ ਮਾਨ ਗੁਰਦੁਆਰਾ ਸਾਹਿਬ 'ਚ ਬੇਸਹਾਰਾ ਬਜ਼ੁਰਗਾਂ ਲਈ ਬਣੇ ਬਿਰਧ ਆਸ਼ਰਮ ਨੂੰ ਵੀ ਵੇਖਣ ਗਏ ਉੱਥੇ ਹੀ ਉਨ੍ਹਾਂ ਸਿੱਖ ਇਤਿਹਾਸ ਨੂੰ ਰੂਪਮਾਨ ਕਰਦੇ ਬੁੱਤਾਂ ਦੇ ਵੀ ਦਰਸ਼ਨ ਕੀਤੇ। ਇਸ ਮੌਕੇ ਡਾ ਗੁਰਪ੍ਰੀਤ ਕੌਰ ਮਾਨ ਨੇ ਕਿਹਾ ਕਿ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ ਦਾ ਇਹ ਸਥਾਨ ਦੇਸ਼ ਵਿੱਚ ਹੀ ਨਹੀਂ ਬਲਕਿ ਵਿਦੇਸ਼ਾਂ ਵਿੱਚ ਵੀ ਇਸ ਦੀ ਮਨਤਾ ਹੈ। ਇਸ ਮੌਕੇ ਅਜੇ ਰਾਜ ਸਿੰਘ ਐਸ .ਪੀ. ਮੋਗਾ, ਜਸਬਿੰਦਰ ਸਿੰਘ ਖਹਿਰਾ ਡੀ.ਐਸ.ਪ

ਜਲੰਧਰ ਰੈਲੀ 'ਚ 800 ਦੇ ਕਰੀਬ ਕਿਸਾਨ-ਮਜ਼ਦੂਰ ਹੋਣਗੇ ਸ਼ਾਮਿਲ : ਕਿਸਾਨ ਆਗੂ

ਗੁਰਦਾਸਪੁਰ, (ਜਨਕ ਮਹਾਜਨ)- ਸੀ. ਪੀ. ਆਈ. ਐੱਮ.ਐੱਲ. ਲਿਬਰੇਸ਼ਨ ਅਤੇ ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਮੱਲ੍ਹੀ ਦੀ ਪ੍ਰਧਾਨਗੀ ਹੇਠ ਕਰਨ ਪਿੱਛੋਂ ਮੀਟਿੰਗ ਦੀ ਕਾਰਵਾਈ ਦੱਸਦਿਆਂ ਜ਼ਿਲ੍ਹਾ ਸਕੱਤਰ ਅਸ਼ਵਨੀ ਕੁਮਾਰ ਲੱਖਣ ਕਲਾਂ ਅਤੇ ਖੁਲੇਆਮ ਭਾਰਤੀ ਵਸਤਾ ਤੇ 100% ਟੈਰਿਫ ਲਗਾਉਣ ਦੀਆ ਧਮਕੀਆ ਦੇ ਰਿਹਾ ਹੈ ਜਦੋਂ ਕਿ ਅਮਰੀਕਨ ਵਸਤਾਂ 'ਤੇ ਸਧਾਰਣ ਟੈਰਿਫ ਦੇਣ ਦੀ ਗੱਲ ਕਰ ਰਿਹਾ ਹੈ। ਇਸ ਹਾਲਤ ਵਿਚ ਭਾਰਤ ਦੀ ਕਿਸਾਨੀ ਬਰਬਾਦ ਹੋ ਜਾਵੇਗੀ। ਮੀਟਿੰਗ ਨੇ ਇਸ ਤਰ੍ਹਾਂ ਦਾ ਅਸਾਵਾਂ ਸਮਝੌਤਾ ਕਰਨ ਤੋਂ ਭਾਰਤ ਸਰਕਾਰ ਨੂੰ ਬਚਣ ਲਈ ਕਿਹਾ। ਆਗੂਆਂ ਮੋਦੀ ਸਰਕਾਰ ਵਲੋਂ ਤਿਉਹਾਰਾਂ ਦੇ ਸੀਜਨ ਵਿੱਚ ਖੰਡ ਦੀਆਂ ਕੀਮਤਾਂ ਵਿਚ ਕੀਤੇ ਗਏ ਅਥਾਹ ਵਾਧੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਨੇ ਜਖੀਰੇਬਾਜਾਂ ਨੂੰ ਲੁੱਟਣ ਦੀ ਪੂਰੀ ਖੁੱਲ੍ਹ ਦੇ ਰਖੀ ਹੈ। ਸਰਕਾਰ ਸਮੇਂ ਸਿਰ ਖੰਡ ਦਾ ਸਟਾਕ ਪੂਰਾ ਨਹੀਂ ਰੱਖ ਸਕੀ, ਹੁਣ ਬ੍ਰਾਜ਼ੀਲ ਤੋਂ ਖੰਡ ਮੰਗਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦੇ ਭਾਰਤ ਪੁੱਜਦਿਆਂ ਮਹੀਨੇ ਤੋਂ ਵਧੇਰੇ ਸਮਾਂ ਲੱਗ ਜਾਵੇਗਾ ਅਤੇ ਆਮ ਲੋਕਾਂ ਦਾ ਕਚੂੰਮਰ ਕੱਢ ਦੇਣਗੇ। ਮੀਟਿੰਗ ਵਿਚ ਵਕੀਲ ਹਰਵਿੰਦਰ ਸਿੰਘ ਮੱਲੀ, ਨਰਿੰਦਰ ਸਿੰਘ ਭਾਗੋਕਾਂਵਾ, ਅਮਰੀਕ ਸਿੰਘ ਜੀਵਨ ਚੱਕ, ਸੁਖਦੇਵ ਸਿੰਘ ਗੋਸਲ, ਪ੍ਰੀਤਮ ਸਿੰਘ ਉਚਾ ਧਕਾਲਾ, ਹਰਪ੍ਰੀਤ ਸਿੰਘ ਸਾਧੂ ਚੱਕ, ਸੁਖਬੀਰ ਸਿੰਘ ਧੂਤ ਅਤੇ ਦਲਜੀਤ ਸਿੰਘ ਰਣਜੀਤ ਬਾਗ ਸ਼ਾਮਿਲ ਸਨ।

ਟਰਾਲਾ ਖੰਭੇ ਨਾਲ ਟਕਰਾਇਆ; ਜਾਨੀ ਨੁਕਸਾਨ ਤੋਂ ਬਚਾਅ

ਬੁਤਾਲਾ (ਨਿਰਮਲ ਸਿੰਘ ਸੰਘਾ)- ਤਹਿਸੀਲ ਬਾਬਾ ਬਕਾਲਾ ਸਾਹਿਬ ਦੇ ਅਧੀਨ ਆਉਂਦੇ ਪਿੰਡ ਰਾਜਪੁਰ (ਬੁਤਾਲਾ) ਵਿਖੇ ਘੁਮਾਣ ਸਾਈਡ ਤੋਂ ਆ ਰਹੇ 12 ਟਾਇਰੀ ਟਰਾਲਾ ਬਿਜਲੀ ਵਾਲੇ ਖੰਭੇ ਨਾਲ ਟਕਰਾ ਗਿਆ। ਮਿਲੀ ਜਾਣਕਾਰੀ ਅਨੁਸਾਰ ਬੀਤੀ ਰਾਤ 12 ਵਜੇ ਦੇ ਕਰੀਬ ਟਰਾਲਾ ਨੰਬਰ 202 56 8700 ਜੋ ਕਿ ਬੱਜਰੀ ਨਾਲ ਭਰਿਆ ਹੋਇਆ ਸੀ, ਘੁਮਾਣ ਸਾਈਡ ਤੋਂ ਆ ਰਿਹਾ ਸੀ। ਤਿੱਖਾ ਮੋੜ ਹੋਣ ਕਰਕੇ ਟਰਾਲਾ 11ਕੇਵੀ ਲਾਈਨ ਦੇ ਖੰਭੇ ਨਾਲ ਟਕਰਾ ਗਿਆ ਤੇ ਬਿਜਲੀ ਦਾ ਪੋਲ ਟੁੱਟ ਗਿਆ। ਪੋਲ ਨਾਲ ਬਿਜਲੀ ਦੇ ਮੀਟਰ ਵੀ ਟਰੱਕ ਦੀ ਲਪੇਟ ਵਿੱਚ ਆ ਗਏ ਅਤੇ ਬਿਜਲੀ ਦੀਆਂ ਤਾਰਾਂ ਟੁੱਟ ਗਈਆਂ। ਤਾਰਾਂ ਦੇ ਸਪਾਰਕ ਵੱਜਣ ਨਾਲ ਬਿਜਲੀ ਅਚਾਨਕ ਬੰਦ ਹੋ ਗਈ ਤੇ ਜਾਨੀ ਨੁਕਸਾਨ ਹੋਣੋਂ ਬਚ ਗਿਆ। ਪੋਲ ਟੁੱਟਣ ਕਾਰਣ ਖਬਰ ਲਿਖੇ ਜਾਣ ਤੱਕ ਲਾਈਟ ਚਾਲੂ ਨਹੀਂ ਹੋਈ ਸੀ।ਤਿੱਖਾ ਮੋੜ ਹੋਣ ਕਰਕੇ ਏਥੇ ਅਕਸਰ ਹੀ ਹਾਦਸੇ ਵਾਪਰਦੇ ਰਹਿੰਦੇ ਹਨ।ਪਿੰਡ ਵਾਸੀਆਂ ਦੀ ਮੰਗ ਹੈ ਕਿ ਇੱਕ ਤਾਂ ਮੋੜ ਦੇ ਦੋਵੇਂ ਪਾਸੇ ਸਪੀਡ ਬਰੇਕਰ ਬਣਾਏ ਜਾਣ ਅਤੇ ਡੀ ਐੱਸ ਪੀ ਬਾਬਾ ਬਕਾਲਾ ਸਾਹਿਬ ਤੋਂ ਵੀ ਮੰਗ ਕੀਤੀ ਕਿ ਸੜਕਾਂ ਤੇ ਦੁਕਾਨਦਾਰਾਂ ਵੱਲੋਂ ਰਖਿਆ ਸਾਮਾਨ ਜ਼ਬਤ ਕੀਤਾ ਜਾਵੇ ਤਾਂ ਜੋ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਈ ਜਾ ਸਕੇ।

ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕ ਔਖੇ, ਰੋਡ ਜਾਮ ਕਰਕੇ ਕੀਤਾ ਰੋਸ ਮੁਜ਼ਾਹਰਾ

ਵੇਰਕਾ (ਰਾਣਾ)- ਬਲਾਕ ਸਿੱਖਿਆ ਦਫ਼ਤਰ ਮਜੀਠਾ-1 ਅਤੇ ਬਲਾਕ-2 ਦੇ ਸਮੂਹ ਅਧਿਆਪਕਾਂ ਨੂੰ ਲੰਘੇ 2 ਮਹੀਨੇ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕ ਵਰਗ ਅੰਦਰ ਬਲਾਕ ਸਿੱਖਿਆ ਅਫ਼ਸਰ (ਐਲੀ:) ਮਜੀਠਾ ਵਿਰੁੱਧ ਭਾਰੀ ਰੋਸ ਦੀ ਲਹਿਰ ਸੀ। ਬਲਾਕ ਅਧਿਕਾਰੀ ਵੱਲੋਂ ਤਨਖ਼ਾਹਾਂ ਨਾ ਕਢਵਾਉਣ ਕਰਕੇ ਅਧਿਆਪਕ ਬੇਹੱਦ ਤੰਗ-ਪ੍ਰੇਸ਼ਾਨ ਸਨ।ਜਿਨ੍ਹਾਂ ਨੇ ਅੱਕ ਕੇ ਬਲਾਕ ਸਿੱਖਿਆ ਦਫ਼ਤਰਾਂ ਦੇ ਸਾਹਮਣੇ ਪਹਿਲਾਂ ਬਲਾਕ ਸਿੱਖਿਆ ਅਫ਼ਸਰ (ਐਲੀ:) ਗੁਰਦੇਵ ਸਿੰਘ (ਫੌਜੀ) ਖਿਲਾਫ ਜੰਮ ਕੇ ਨਾਅਰੇਬਾਜ਼ ਕੀਤੀ, ਫਿਰ ਅੰਮ੍ਰਿਤਸਰ-ਫਤਿਹਗੜ੍ਹ ਚੂੜੀਆਂ ਰੋਡ ਉਪਰ ਜਾਮ ਲਾ ਕੇ ਪਿੱਟ ਸਿਆਪਾ ਕੀਤਾ।ਇਸ ਦੌਰਾਨ ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੇ ਉਪਰੋਕਤ ਰੋਸ ਮੁਜ਼ਾਹਰੇ ਮੌਕੇ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਬਲਾਕ ਸਿੱਖਿਆ ਅਫ਼ਸਰ (ਐਲੀ:) ਦੇ ਦੁਰਵਿਹਾਰ ਅਤੇ ਤਨਖ਼ਾਹਾਂ ਨਾ ਕਢਵਾਉਣ ਸੰਬੰਧੀ ਵਰਤੀ ਗਈ ਘੋਰ ਲਾਪ੍ਰਵਾਹੀ/ਅਣਗਹਿਲੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਉਸ ਵਿਰੁੱਧ ਸਰਕਾਰ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਪਾਸੋਂ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਵੀ ਕੀਤੀ ਗਈ। ਇਸ ਮੌਕੇ ਅਧਿਆਪਕ ਵਰਗ ਦੇ ਤਿੱਖੇ ਰੋਸ ਨੂੰ ਵੇਖਦੇ ਹੋਏ ਜ਼ਿਲਾ ਸਿੱਖਿਆ ਅਫ਼ਸਰ (ਐਲੀ:) ਅੰਮ੍ਰਿਤਸਰ ਕੰਵਲਜੀਤ ਸਿੰਘ ਵੱਲੋਂ ਤਨਖ਼ਾਹਾਂ ਨਾ ਮਿਲਣ ਕਾਰਨ ਰੋਸ ਮੁਜ਼ਾਹਰਾ ਕਰ ਰਹੇ ਅਧਿਆਪਕਾਂ ਨੂੰ ਸ਼ਾਂਤ ਕਰਵਾਇਆ ਗਿਆ ਅਤੇ ਜਥੇਬੰਦਕ ਆਗੂਆਂ ਪਾਸੋਂ ਮੰਗ ਪੱਤਰ ਲੈਂਦੇ ਹੋਏ ਦਰਪੇਸ਼ ਸਮੱਸਿਆ ਦਾ ਫੌਰੀ ਹੱਲ ਕਰਨ ਦਾ ਭਰੋਸਾ ਵੀ ਦਿਵਾਇਆ।ਉਪਰੋਕਤ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਅਧਿਆਪਕ ਆਗੂ ਵਰਿੰਦਰ ਸਿੰਘ ਕਾਦਰਾਬਾਦ, ਮੋਹਨਜੀਤ ਸਿੰਘ ਵੇਰਕਾ, ਬਚਿੱਤਰ ਸਿੰਘ ਜੈਤੀਪੁਰ ਅਤੇ ਹਰਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਮੁਹੱਈਆ ਕਰਵਾਈ।

ਸ਼ਰਾਰਤੀ ਅਨਸਰ ਨੇ ਕ੍ਰਿਕਟ ਗਰਾਊਂਡ ਦੀ ਪਿੱਚ ਕੀਤੀ ਖ਼ਰਾਬ

ਬਿਆਸ (ਪਰਮਜੀਤ ਸਿੰਘ ਰੱਖੜਾ) ਬਿਆਸ ਗਰਾਊਂਡ ਵਿੱਚ ਬਹੁਤ ਹੀ ਦੁਖਦਾਈ ਘਟਨਾ ਵਾਪਰੀ, ਜਦੋਂ ਦੇਖਣ ਨੂੰ ਮਿਲਿਆ ਕਿ ਕ੍ਰਿਕਟ ਦੀ ਗਰਾਊਂਡ ਦੀ ਪਿੱਚ, ਜੋ ਕਿ ਬਹੁਤ ਹੀ ਮਿਹਨਤ ਨਾਲ ਬਣਦੀ ਹੈ, ਕੋਈ ਅਣਪਛਾਤੇ ਸ਼ਰਾਰਤੀ ਅਨਸਰ ਵੱਲੋਂ ਉਸ ਪਿੱਚ ਨੂੰ ਕਹੀਆਂ ਨਾਲ ਪੁੱਟ ਕੇ ਖ਼ਰਾਬ ਕਰ ਦਿੱਤਾ ਗਿਆ। ਜਿਹੜੇ ਵੀ ਬੰਦੇ ਨੇ ਇਹ ਕੰਮ ਕੀਤਾ, ਬਹੁਤ ਹੀ ਨਿੰਦਣਯੋਗ ਹੈ। ਇਸ ਸਾਰੀ ਘਟਨਾ ਬਾਰੇ ਸੁਖਦੇਵ ਸਿੰਘ ਬਿਆਸ ਨੇ ਦੱਸਿਆ ਕਿ ਜਿੰਦਾਂ ਵੀ ਇਹ ਜਿਸ ਬੰਦੇ ਨੇ ਵੀ ਇਹ ਕੰਮ ਕੀਤਾ ਹੈ, ਉਹ ਕੋਈ ਸਪੋਰਟਸਮੈਨ ਨਹੀਂ ਹੋ ਸਕਦਾ, ਉਹ ਆਪਣੇ ਬੱਚਿਆਂ ਨੂੰ ਪਿਆਰ ਕਰਨ ਵਾਲਾ ਨਹੀਂ ਹੋ ਸਕਦਾ, ਕਿਉਂਕਿ ਅੱਜਕੱਲ੍ਹ ਬਿਆਸ ਗਰਾਊਂਡ ਵਿੱਚ ਕੋਸ਼ਿਸ਼ ਕੀਤੀ ਜਾ ਰਹੀ ਹੈ ਫੁੱਟਬਾਲ ਗਰੁੱਪ ਵੱਲੋਂ ਵੀ ਅਤੇ ਕ੍ਰਿਕਟ ਗਰੁੱਪ ਵੱਲੋਂ ਵੀ ਕਿ ਸਾਰੇ ਬੱਚਿਆਂ ਨੂੰ ਗਰਾਊਂਡਾਂ ਨਾਲ ਅਤੇ ਸਪੋਰਟਸ ਨਾਲ ਜੋੜਿਆ ਜਾਵੇ, ਤਾਂ ਜੋ ਬੱਚੇ ਨਸ਼ਿਆਂ ਅਤੇ ਮੋਬਾਇਲਾਂ ਤੋਂ ਦੂਰ ਰਹਿ ਕੇ ਗਰਾਊਂਡਾਂ ਵਿੱਚ ਆ ਕੇ ਚੰਗੀ ਸਿੱਖਿਆ, ਚੰਗੀ ਸਿਹਤ ਇੱਥੋਂ ਲੈ ਕੇ ਜਾਣ ਤੇ ਜਿਸ ਨੇ ਵੀ ਇਹ ਕੰਮ ਕੀਤਾ ਹੈ, ਉਹ ਬੜੀ ਸ਼ਰਮ ਵਾਲੀ ਗੱਲ ਹੈ। ਉਹਨਾ ਇਲਾਕਾ ਨਿਵਾਸੀਆਂ ਅਤੇ ਪ੍ਰਸ਼ਾਸਨ ਨੂੰ ਬੇਨਤੀ ਕਿ ਜਿਸ ਨੇ ਵੀ ਇਹ ਘਿਨੌਣੀ ਹਰਕਤ ਕੀਤੀ ਹੈ, ਉਸ ਨੂੰ ਸਜ਼ਾ ਮਿਲਣੀ ਚਾਹੀਦੀ ਹੈ।

ਇਸ ਮੌਕੇ ਪ੍ਰਿੰਸਪਾਲ ਸਿੰਘ ਬੁੱਢਾ ਥੇਹ, ਜਤਿੰਦਰ ਸਿੰਘ ਪੰਜਾਬ ਪੁਲਸ, ਏਕਮਕਾਰ ਸਿੰਘ, ਕੋਚ ਕਰਮਜੀਤ ਕੰਡੀਲਾ, ਨਿਸ਼ਾਨ ਸਿੰਘ, ਨਿਰਮਲ ਸਿੰਘ ਅਤੇ ਹੋਰ ਵੀ ਸਾਥੀ ਮੌਜੂਦ ਸਨ। ਉਨ੍ਹਾ ਪ੍ਰਸ਼ਾਸਨ ਨੂੰ ਵੀ ਬੇਨਤੀ ਕੀਤੀ ਕਿ ਜੋ ਕੋਈ ਇਹੋ ਜਿਹਾ ਗ਼ਲਤ ਕੰਮ ਕਰਦਾ ਫੜਿਆ ਜਾਂਦਾ ਹੈ, ਉਸ ਉੱਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।

ਪ੍ਰਿੰ. ਹਰਪਿੰਦਰਪਾਲ ਸਿੰਘ ਸੰਧੂ ਦਾ ਵਿਸ਼ੇਸ਼ ਸਨਮਾਨ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਪੰਜਾਬ ਸਰਕਾਰ ਵੱਲੋਂ ਪ੍ਰਿੰਸੀਪਲ ਹਰਪਿੰਦਰ ਪਾਲ ਸਿੰਘ ਸੰਧੂ ਅਲੀਵਾਲ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।ਪ੍ਰਿੰਸੀਪਲ ਸੰਧੂ ਦੀ ਇਸ ਨਿਯੁਕਤੀ ਨਾਲ ਪਾਰਟੀ ਦੇ ਵਰਕਰਾਂ ਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਖੁਸ਼ੀ ਜਤਾਈ ਜਾ ਰਹੀ ਹੈ।

ਇਸੇ ਤਹਿਤ ਜਦੋਂ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਸੰਧੂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੈਂਬਰ ਬਣਨ ਉਪਰੰਤ ਪਹਿਲੀ ਵਾਰ ਮੈਰੀਗੋਲਡ ਪਬਲਿਕ ਸਕੂਲ ਅਲੀਵਾਲ ਵਿਖੇ ਪਹੁੰਚੇ ਤਾਂ ਉਥੇ ਉਨ੍ਹਾਂ ਦਾ ਭਰਪੂਰ ਸਵਾਗਤ ਕਰਦਿਆਂ ਉਪ ਪ੍ਰਿੰਸੀਪਲ ਪ੍ਰਿਤਪਾਲ ਕੌਰ, ਰਵਿੰਦਰ ਕੌਰ ਪਨੂੰ, ਪਲਵਿੰਦਰ ਕੌਰ ਸੰਧੂ ਤੇ ਸਮੂਹ ਸਟਾਫ ਵੱਲੋਂ ਉਨ੍ਹਾਂ ਨੂੰ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਸੰਧੂ ਬਹੁਤ ਹੀ ਪੜੇ ਲਿਖੇ ਤਜਰਬੇਕਾਰ ਅਤੇ ਲਿਆਕਤ ਵਾਲੇ ਵਿਅਕਤੀਆਂ ਹਨ, ਜਿਨਾਂ ਦੀ ਕਾਬਲੀਅਤ ਨੂੰ ਵੇਖਦੇ ਹੋਏ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਮੈਂਬਰ ਬਣਾਇਆ ਗਿਆ ਹੈ। ਇਸ ਮੌਕੇ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਸੰਧੂ ਨੇ ਆਮ ਆਦਮੀ ਪਾਰਟੀ ਅਤੇ ਪੰਜਾਬ ਸਰਕਾਰ ਦਾ ਇਹ ਵੱਡੀ ਜਿੰਮੇਵਾਰੀ ਦੇਣ ਤੇ ਧੰਨਵਾਦ ਕੀਤਾ ਉੱਥੇ ਨਾਲ ਹੀ ਉਨ੍ਹਾਂ ਨੂੰ ਇਹ ਵਿਸ਼ੇਸ਼ ਸਨਮਾਨ ਕਰਨ ਤੇ ਸਮੁੱਚੇ ਸਕੂਲ ਸਟਾਫ ਦਾ ਵੀ ਧੰਨਵਾਦ ਕੀਤਾ ਹੈ।

ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਤੇ ਸਟੇਟ ਪ੍ਰਧਾਨ ਟਰੇਡ ਵਿੰਗ ਆਮ ਆਦਮੀ ਪਾਰਟੀ ਅਨਿਲ ਠਾਕੁਰ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰਿਆਂ ਅਤੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉਪਲ, ਧਰਮਿੰਦਰ ਸ਼ੇਰੂ, ਮਾਝਾ ਜ਼ੋਨ ਇੰਚਾਰਜ, ਜ਼ਿਲ੍ਹਾ ਇੰਚਾਰਜ ਟਰੇਡਰਜ਼ ਕਮਿਸ਼ਨ ਗੁਰਦਾਸਪੁਰ, ਚਰਨਜੀਤ ਸਿੰਘ ਪਾਰੋਵਾਲ, ਐਸ.ਪੀ ਗੁਰਦਾਸਪੁਰ, ਮਨੋਜ ਠਾਕੁਰ, ਐੱਸ. ਪੀ. (ਡੀ) ਮੈਡਮ ਖੁਸ਼ਬੂ ਕੌਰ ਮੌਜੂਦ ਸਨ। ਇਸ ਮੌਕੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਪੰਜਾਬ ਸਰਕਾਰ, ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ ਅਤੇ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ 'ਪੰਜਾਬ ਟਰੇਡ ਕਮਿਸ਼ਨ' ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਪੰਜਾਬ ਭਰ ਵਿੱਚ 800 ਦੇ ਕਰੀਬ ਮੀਟਿੰਗਾਂ ਕੀਤੀਆ ਗਈਆ ਹਨ। ਉਨ੍ਹਾਂ ਦੱਸਿਆ ਕਿ ਵਪਾਰੀਆਂ ਵੱਲੋਂ 7000 ਹਜਾਰ ਦੇ ਕਰੀਬ ਵੱਖ-ਵੱਖ ਸ਼ਿਕਾਇਤਾਂ ਦਰਜ ਕਰਵਾਇਆ ਗਈਆ ਜਿਸ ਵਿੱਚੋ ਟਰੇਡਰਜ਼ ਕਮਿਸ਼ਨ ਲਗਭਗ 6000 ਸ਼ਿਕਾਇਤਾਂ ਦਾ ਨਿਪਟਾਰਾ ਕਰ ਚੁੱਕੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 40 ਕਰੋੜ ਦੇ ਫ਼ੰਡ ਮੁਹੱਈਆ ਕਰਵਾਇਆ ਗਿਆ ਹੈ, ਜਿਸ ਵਿੱਚੋਂ ਹਰ ਜ਼ਿਲ੍ਹੇ ਨੂੰ 2-2 ਕਰੋੜ ਦਿੱਤਾ ਗਿਆ ਹੈ। ਇਸ ਮੌਕੇ ਕਿਰਪਾਲ ਸਿੰਘ ਚੇਅਰਮੈਨ ਵਪਾਰ ਕਮਿਸ਼ਨ ਹਲਕਾ ਬਟਾਲਾ, ਵਿਪਨ ਸੋਨੀ ਚੇਅਰਮੈਨ ਹਲਕਾ ਡੇਰਾ ਬਾਬਾ ਨਾਨਕ, ਚੇਅਰਮੈਨ ਰਾਜੀਵ ਸੈਣੀ ਹਲਕਾ ਦੀਨਾਨਗਰ, ਚੇਅਰਮੈਨ ਰਜਿੰਦਰ ਨੰਦਾ ਹਲਕਾ ਗੁਰਦਾਸਪੁਰ, ਚੇਅਰਮੈਨ ਰੁਪਿੰਦਰ ਸਿੰਘ ਰੋਮੀ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ, ਚੇਅਰਮੈਨ ਅਸ਼ਵਨੀ ਦੁੱਗਲ ਹਲਕਾ ਕਾਦੀਆਂ, ਚੇਅਰਮੈਨ ਗੁਰਪ੍ਰੀਤ ਸਿੰਘ ਹਲਕਾ ਫਤਿਹਗੜ੍ਹ ਚੂੜੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਅੱਜ ਦੇ ਧਰਨੇ ਲਈ ਤਿਆਰੀ ਮੀਟਿੰਗ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਸਬ ਅਰਬਨ ਸਰਕਲ ਅਤੇ ਸਿਟੀ ਸਰਕਲ ਅੰਮ੍ਰਿਤਸਰ ਦੀ ਮੀਟਿੰਗ ਹਾਲ ਗੇਟ ਅੰਮ੍ਰਿਤਸਰ ਵਿਖੇ ਸ੍ਰੀ ਕੁਲਵਿੰਦਰ ਸਿੰਘ ਸਕੱਤਰ ਅਤੇ ਸ੍ਰੀ ਮਦਨ ਲਾਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਸਮੇਂ ਇਹ ਵਿਚਾਰਿਆ ਗਿਆ ਕਿ ਯੂਨੀਅਨ ਵੱਲੋਂ 12 ਅਤੇ 24 ਅਗਸਤ ਰੋਸ ਰੈਲੀਆਂ ਕੀਤੀਆਂ ਗਈਆਂ ਪਰ ਕੋਈ ਸਾਰਥਿਕ ਸਿੱਟਾ ਨਹੀਂ ਨਿਕਲਿਆ, ਜਿਸ ਦੇ ਰੋਸ ਵਜੋਂ 27 ਅਗਸਤ ਨੂੰ ਪੈਨਸ਼ਨਰਜ ਸਾਂਝਾ ਫਰੰਟ ਅਤੇ ਮੁਲਾਜ਼ਮ ਸਾਂਝਾ ਫਰੰਟ ਵੱਲੋਂ ਸਾਂਝੀ ਤਾਲਮੇਲ ਕਮੇਟੀ ਬਣਾ ਕੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰਜ ਵਿਰੋਧੀ ਨੀਤੀਆਂ ਦੇ ਖਿਲਾਫ ਸੰਘਰਸ਼ ਆਰੰਭਿਆ ਜਾਵੇਗਾ।ਆਗੂਆਂ ਨੇ ਕਿਹਾ ਕਿ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਜ਼ਿਲੇ ਦੇ ਡੀਸੀ ਦਫਤਰਾਂ ਅੱਗੇ ਰੋਸ ਮੁਜ਼ਾਹਰਾ ਅਤੇ ਰੈਲੀ ਕਰਨ ਪਿੱਛੋਂ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਦੇ ਪੁਤਲੇ ਫੂਕੇ ਜਾਣਗੇ।ਉਨ੍ਹਾਂ ਕਿਹਾ ਕਿ ਯੂਨੀਅਨ ਮੰਗ ਕਰਦੀ ਹੈ ਕਿ ਕੇਂਦਰ ਦੀ ਤਰਜ਼ ਤੇ 60% ਡੀਏ ਦਿੱਤਾ ਜਾਵੇ,

ਨਵਾਂ ਜ਼ਮਾਨਾ
ਵੀਰਵਾਰ 27 ਅਗਸਤ 2026

ਵਿਸ਼ਵ ਗੁਰੂ ਦੇ ਚੇਲੇ ਪ੍ਰੇਸ਼ਾਨ

ਲੋਕਾਂ ਵੱਲੋਂ ਸਰਕਾਰੀ ਸਕੂਲਾਂ ਦੀਆਂ ਮਾੜੀਆਂ ਹਾਲਤਾਂ ਜਨਤਕ ਬਹਿਸ ਦਾ ਮੁੱਦਾ ਬਣਨ ਜਾਣ ਤੋਂ ਬਾਅਦ ਵਿਸ਼ਵ ਗੁਰੂ ਦੇ ਚੇਲੇ ਮੁੱਖ ਮੰਤਰੀ ਪ੍ਰੇਸ਼ਾਨ ਹੋ ਗਏ ਹਨ। ਪਿਛਲੇ ਦਿਨੀਂ ਕਾਕਰੋਚ ਜਨਤਾ ਪਾਰਟੀ ਦੇ ਵਾਲੰਟੀਅਰਾਂ ਨੇ ਜਦੋਂ ਜੈਪੁਰ ਨੇੜੇ ਰਾਮਪੁਰ-ਕੰਵਰਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਦਾ ਦੌਰਾ ਕਰਕੇ ਉਸ ਦੀ ਹਾਲਤ ਲੋਕਾਂ ਸਾਹਮਣੇ ਲਿਆਉਣ ਦੀ ਕੋਸ਼ਿਸ਼ ਕੀਤੀ ਤਾਂ ਭਾਜਪਾਈਆਂ ਨੇ ਉਨ੍ਹਾਂ ਨਾਲ ਬਦਸਲੂਕੀ ਕਰਦਿਆਂ ਉਨ੍ਹਾਂ 'ਤੇ ਹਮਲਾ ਤੱਕ ਕਰ ਦਿੱਤਾ। ਬਾਅਦ ਵਿੱਚ ਬਦਨਾਮੀ ਹੋਣ 'ਤੇ ਮੱਝਾਂ ਦੇ ਵਾੜੇ ਵਿੱਚ ਚੱਲਣ ਵਾਲੇ ਸਕੂਲ ਦੀ ਦਸ਼ਾ ਸੁਧਾਰਨ ਲਈ 18 ਲੱਖ ਰੁਪਏ ਖਰਚਣ ਦਾ ਵਾਅਦਾ ਕਰਨਾ ਪਿਆ। ਰਾਜ ਸਰਕਾਰ ਨੇ ਖੁਦ ਮੰਨਿਆ ਹੈ ਕਿ 64,484 ਸਰਕਾਰੀ ਸਕੂਲਾਂ ਦੀਆਂ ਆਪਣੀਆਂ ਇਮਾਰਤਾਂ ਤਾਂ ਹਨ, ਪਰ ਇਨ੍ਹਾਂ ਵਿੱਚੋਂ 2,047 ਸਕੂਲਾਂ ਵਿੱਚ ਟਾਇਲਟਾਂ, ਜਦੋਂ ਕਿ 1,049 ਵਿੱਚ ਪੀਣ ਵਾਲੇ ਪਾਣੀ ਦੀ ਘਾਟ ਹੈ। 611 ਸਕੂਲਾਂ ਕੋਲ ਤਾਂ ਆਪਣੀਆਂ ਇਮਾਰਤਾਂ ਵੀ ਨਹੀਂ ਹਨ। ਇਨ੍ਹਾਂ ਘਾਟਾਂ ਨੂੰ ਲੁਕੋਣ ਲਈ ਰਾਜਸਥਾਨ ਸਿੱਖਿਆ ਵਿਭਾਗ ਨੇ ਇੱਕ ਆਦੇਸ਼ ਜਾਰੀ ਕਰਕੇ ਸਰਕਾਰੀ ਸਕੂਲਾਂ ਵਿੱਚ ਬਾਹਰੀ ਲੋਕਾਂ ਦੇ ਅਣਅਧਿਕਾਰਤ ਦਾਖਲੇ ਅਤੇ ਫੋਟੋਆਂ ਲੈਣ ਤੇ ਵੀਡੀਓ ਬਣਾਉਣ 'ਤੇ ਪਾਬੰਦੀ ਲਾ ਦਿੱਤੀ ਹੈ।

ਦੂਜੇ ਪਾਸੇ, ਯੋਗੀ ਆਦਿੱਤਿਆਨਾਥ ਦੇ ਯੂ ਪੀ ਦੇ ਸਰਕਾਰੀ ਸਕੂਲਾਂ ਦੀ ਵੀ ਕਾਫੀ ਚਰਚਾ ਹੋ ਰਹੀ ਹੈ। ਬੁਲਡੋਜ਼ਰ ਬਾਬਾ ਏਨੇ ਖਿਝ ਗਏ ਹਨ ਕਿ ਸਕੂਲਾਂ ਦੀ ਮਾੜੀ ਹਾਲਤ ਨੂੰ ਵੀਡੀਓ ਰਾਹੀਂ ਉਜਾਗਰ ਕਰਨ ਵਾਲੇ ਸਮਾਜਿਕ ਕਾਰਕੁੰਨਾਂ ਅਤੇ ਸਿਆਸੀ ਵਰਕਰਾਂ ਵਿਰੁੱਧ ਪੁਲਸ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਅਜਿਹੇ ਵੀਡੀਓ ਬਣਾਏ ਜਾਣ ਅਤੇ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤੇ ਜਾਣ ਤੋਂ ਬਾਅਦ ਰਾਜ ਦੇ ਘੱਟੋ-ਘੱਟ ਅੱਠ ਜ਼ਿਲ੍ਹਿਆਂ ਵਿੱਚ ਐੱਫ ਆਈ ਆਰ ਦਰਜ ਕੀਤੀਆਂ ਗਈਆਂ ਹਨ। ਹਾਥਰਸ, ਬੁਲੰਦਸ਼ਹਿਰ, ਦੇਵਰੀਆ, ਮੇਰਠ, ਨੋਇਡਾ, ਗਾਜ਼ੀਪੁਰ, ਸਿਧਾਰਥਨਗਰ ਅਤੇ ਵਾਰਾਨਸੀ ਦੇ ਸਰਕਾਰੀ ਸਕੂਲਾਂ ਦੀਆਂ ਹਾਲਤਾਂ ਨੂੰ ਦਰਸਾਉਂਦੇ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਕੇਸ ਦਰਜ ਕੀਤੇ ਗਏ ਹਨ। ਕਈ ਜ਼ਿਲ੍ਹਿਆਂ ਦੇ ਸਿੱਖਿਆ ਅਧਿਕਾਰੀਆਂ ਨੇ ਬਾਹਰੀ ਲੋਕਾਂ ਨੂੰ ਬਿਨਾਂ ਇਜਾਜ਼ਤ ਸਕੂਲ ਦੇ ਅਹਾਤੇ ਵਿੱਚ ਦਾਖਲ ਹੋਣ ਅਤੇ ਫੋਟੋਆਂ ਜਾਂ ਵੀਡੀਓ ਲੈਣ ਤੋਂ ਵਰਜਿਤ ਕਰਨ ਦੇ ਆਦੇਸ਼ ਜਾਰੀ ਕੀਤੇ ਹਨ। 10 ਸਾਲ ਤੋਂ ਰਾਜ ਕਰ ਰਹੇ ਯੋਗੀ ਇਸ ਕਰਕੇ ਬਹੁਤ ਚਿੰਤਤ ਹਨ ਕਿ ਅਗਲੇ ਸਾਲ ਹੋਣ ਵਾਲੀਆਂ ਅਸੈਂਬਲੀ ਚੋਣਾਂ ਤੋਂ ਪਹਿਲਾਂ ਇਸ ਤਰ੍ਹਾਂ ਇਸ ਦੀਆਂ ਅਸਫਲਤਾਵਾਂ ਦਾ ਪਰਦਾ ਫਾਸ਼ ਹੋ ਰਿਹਾ ਹੈ। ਹਾਲਾਤ ਏਨੇ ਖਰਾਬ ਹਨ ਕਿ ਕੁਝ ਸਰਕਾਰੀ ਸਕੂਲ ਅਧਿਆਪਕਾਂ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ 'ਤੇ ਕਿਹਾ ਕਿ ਸਮੱਸਿਆ ਸਿਰਫ ਖੰਡਰ ਇਮਾਰਤਾਂ, ਪਖਾਨਿਆਂ ਜਾਂ ਹੋਰ ਬੁਨਿਆਦੀ ਸਹੂਲਤਾਂ ਤੱਕ ਸੀਮਤ ਨਹੀਂ, ਅਗਸਤ ਮਹੀਨਾ ਖਤਮ ਹੋਣ ਵਾਲਾ ਹੈ ਪਰ ਅਧਿਐਨ ਸਮੱਗਰੀ ਪੂਰੇ ਸੈੱਟ ਅਜੇ ਤੱਕ ਉਪਲੱਬਧ ਨਹੀਂ ਕਰਵਾਏ ਗਏ। ਉਦਾਹਰਨ ਵਜੋਂ, 11ਵੀਂ ਜਮਾਤ ਲਈ ਇਤਿਹਾਸ ਦੀਆਂ ਤਿੰਨ ਕਿਤਾਬਾਂ ਵਿੱਚੋਂ ਪਹਿਲੀ ਉਪਲੱਬਧ ਨਹੀਂ। ਲੋਕ ਸਵਾਲ ਪੁੱਛਣ ਲੱਗ ਪਏ ਹਨ ਤੇ ਸਰਕਾਰਾਂ ਨੂੰ ਜਵਾਬ ਦੇਣੇ ਪੈਣੇ ਹਨ ਕਿ ਸਰਕਾਰੀ ਸਕੂਲਾਂ ਦੀ ਹਾਲਤ ਖਸਤਾ ਕਿਉਂ ਹੈ।

ਭਾਰਤ ਇੱਕ ਪਰਿਵਰਤਨ ਦੇ ਦੌਰ ਵਿੱਚੋਂ ਲੰਘ ਰਿਹਾ ਹੈ



ਡਾ. ਅਰੁਣ ਮਿਤਰਾ

ਵਿਗਿਆਨਕ ਸਮਝ ਦੇ ਅਨੁਸਾਰ ਸਮਾਜ ਹਮੇਸ਼ਾ ਗਤੀਸ਼ੀਲ ਹੁੰਦਾ ਹੈ ਅਤੇ ਪਰਿਵਰਤਨ ਅਟੱਲ ਹੈ। ਕਈ ਵਾਰ ਪਰਿਵਰਤਨ ਦੀ ਗਤੀ ਬਹੁਤ ਤੇਜ਼ ਹੁੰਦੀ ਹੈ, ਜਦਕਿ ਹੋਰ ਸਮਿਆਂ ਵਿੱਚ ਕੁਝ ਹਾਲਾਤ ਇਸ ਦੀ ਗਤੀ ਨੂੰ ਧੀਮਾ ਕਰ ਦਿੰਦੇ ਹਨ।

ਭਾਰਤ ਦੇ ਆਜ਼ਾਦੀ ਸੰਘਰਸ਼ ਦੌਰਾਨ 1857 ਦਾ ਵਿਦਰੋਹ ਬਰਤਾਨਵੀ ਸਾਮਰਾਜਵਾਦ ਵਿਰੁੱਧ ਇੱਕ ਸ਼ਕਤੀਸ਼ਾਲੀ ਅਤੇ ਤੇਜ਼ ਚੁਣੌਤੀ ਸੀ, ਜਿਸ ਵਿੱਚ ਅਣਗਿਣਤ ਲੋਕਾਂ ਨੇ ਵੱਡੀਆਂ ਕੁਰਬਾਨੀਆਂ ਦਿੱਤੀਆਂ, ਪਰ ਇਸ ਵਿਦਰੋਹ ਦੀ ਹਾਰ ਤੋਂ ਬਾਅਦ, ਬਰਤਾਨਵੀ ਦਮਨ ਅਤੇ ਉਸ ਤੋਂ ਪੈਦਾ ਹੋਈ ਨਿਰਾਸ਼ਾ ਕਾਰਨ ਇਹ ਅੰਦੋਲਨ ਕਮਜ਼ੋਰ ਪੈ ਗਿਆ। ਇਸ ਤੋਂ ਬਾਅਦ ਇੱਕ ਸੰਗਠਿਤ ਦੇਸ਼-ਵਿਆਪੀ ਅੰਦੋਲਨ ਨੂੰ ਮੁੜ ਵਿਕਸਤ ਹੋਣ ਵਿੱਚ ਕਈ ਦਹਾਕੇ ਲੱਗੇ।

1885 ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਦੀ ਸਥਾਪਨਾ, ਜਿਸ ਦੇ ਮੁੱਖ ਪ੍ਰੇਰਕ ਏ. ਓ. ਹਿਊਮ ਸਨ ਅਤੇ ਜਿਸ ਵਿੱਚ ਦਾਦਾਭਾਈ ਨੌਰੋਜੀ, ਸੁਰੇਂਦਰਨਾਥ ਬੈਨਰਜੀ, ਦਿਨਸ਼ਾ ਵਾਚਾ, ਫਿਰੋਜ਼ਸ਼ਾਹ ਮਹਿਤਾ ਅਤੇ ਬਦਰੁਦੀਨ ਤਿਆਬਜੀ ਵਰਗੇ ਮਹੱਤਵਪੂਰਨ ਭਾਰਤੀ ਆਗੂ ਸ਼ਾਮਲ ਸਨ। ਵੋਮੇਸ਼ ਚੰਦਰ ਬੋਨਰਜੀ ਇਸ ਦੇ ਪਹਿਲੇ ਪ੍ਰਧਾਨ ਬਣੇ। ਸ਼ੁਰੂਆਤੀ ਕਾਂਗਰਸ ਦਾ ਉਦੇਸ਼ ਰਾਜਨੀਤਿਕ ਚੇਤਨਾ ਪੈਦਾ ਕਰਨਾ, ਭਾਰਤੀਆਂ ਨੂੰ ਇਕਜੁੱਟ ਕਰਨਾ, ਪ੍ਰਸ਼ਾਸਨ ਅਤੇ ਵਿਧਾਨ ਸਭਾਵਾਂ ਵਿੱਚ ਵਧੇਰੇ ਪ੍ਰਤੀਨਿਧਤਾ ਹਾਸਲ ਕਰਨਾ ਅਤੇ ਸੰਵਿਧਾਨਕ ਸੁਧਾਰਾਂ ਦੀ ਮੰਗ ਕਰਨਾ ਸੀ। ਹੌਲੀ-ਹੌਲੀ ਅੰਦੋਲਨ ਦੇ ਉਦੇਸ਼ਾਂ ਨੂੰ ਹੋਰ ਅੱਗੇ ਵਧਾਉਣ ਲਈ ਕਾਂਗਰਸ ਦੇ ਅੰਦਰ ਵਿਚਾਰ-ਵਟਾਂਦਰੇ ਹੋਣ ਲੱਗੇ। ਇਸ ਤਰ੍ਹਾਂ 'ਗਰਮ ਦਲ' ਅਤੇ 'ਨਰਮ ਦਲ' ਦੇ ਰੂਪ ਵਿੱਚ ਤਿੱਖੇ ਵਿਚਾਰਧਾਰਕ ਮਤਭੇਦ ਸਾਹਮਣੇ ਆਏ। 1905 ਵਿੱਚ ਜਦੋਂ ਬਰਤਾਨਵੀਆਂ ਨੇ ਬੰਗਾਲ ਨੂੰ ਫਿਰਕੂ ਆਧਾਰ 'ਤੇ ਵੰਡਿਆ ਤਾਂ ਇਸ ਦੇ ਵਿਰੋਧ ਵਿੱਚ ਇੱਕ ਸ਼ਕਤੀਸ਼ਾਲੀ 'ਬੰਗ-ਭੰਗ ਵਿਰੋਧੀ' ਅੰਦੋਲਨ ਉੱਠਿਆ। ਸਾਰੇ ਧਰਮਾਂ ਨਾਲ ਸੰਬੰਧਤ ਲੋਕ ਬਰਤਾਨਵੀਆਂ ਦੀਆਂ ਚਾਲਾਂ ਦਾ ਵਿਰੋਧ ਕਰਨ ਲਈ ਇਕੱਠੇ ਹੋਏ। ਇਸ ਤੋਂ ਬਾਅਦ ਜਲ੍ਹਿਆਂਵਾਲਾ ਬਾਗ ਕਤਲੇਆਮ ਹੋਇਆ। ਇਸ ਤੋਂ ਪਿੱਛੋਂ ਅਸਹਿਯੋਗ ਅੰਦੋਲਨ ਸ਼ੁਰੂ ਹੋਇਆ।

1921 ਵਿੱਚ 'ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ' (AITUC) ਨੇ ਬਰਤਾਨਵੀ ਸਾਮਰਾਜਵਾਦ ਤੋਂ ਮੁਕੰਮਲ ਆਜ਼ਾਦੀ ਦੀ ਮੰਗ ਕੀਤੀ ਸੀ। ਇਸ ਦੌਰ ਦੌਰਾਨ ਦੇਸ਼ ਭਰ ਵਿੱਚ ਮਜ਼ਦੂਰ ਲਹਿਰਾਂ ਵੀ ਚੱਲ ਰਹੀਆਂ ਸਨ। ਮੌਲਾਨਾ ਹਸਰਤ ਮੋਹਾਨੀ ਨੇ 1921 ਵਿੱਚ ਮਸ਼ਹੂਰ ਇਨਕਲਾਬੀ ਨਾਅਰਾ 'ਇਨਕਲਾਬ ਜ਼ਿੰਦਾਬਾਦ' ਘੜਿਆ ਅਤੇ ਅੰਗਰੇਜ਼ਾਂ ਤੋਂ ਮੁਕੰਮਲ ਆਜ਼ਾਦੀ (ਆਜ਼ਾਦੀ-ਏ-ਕਾਮਿਲ) ਦੀ ਮੰਗ ਕੀਤੀ।

ਇਸ ਤਰ੍ਹਾਂ ਆਜ਼ਾਦੀ ਦਾ ਸੰਘਰਸ਼ ਕ੍ਰਾਂਤੀਕਾਰੀ ਅੰਦੋਲਨ, ਗ਼ਦਰ ਅੰਦੋਲਨ, ਕਮਿਊਨਿਸਟ ਅੰਦੋਲਨ, ਮਜ਼ਦੂਰਾਂ ਅਤੇ ਕਿਸਾਨਾਂ ਦੇ ਸੰਘਰਸ਼ਾਂ, ਔਰਤਾਂ ਦੀ ਭਾਗੀਦਾਰੀ ਅਤੇ ਹੋਰ ਅਨੇਕਾਂ ਲੋਕ ਅੰਦੋਲਨਾਂ ਰਾਹੀਂ ਹੋਰ ਮਜ਼ਬੂਤ ਹੁੰਦਾ ਗਿਆ।

ਸਮੇਂ ਦੇ ਨਾਲ ਕਾਂਗਰਸ ਦੀ ਰਾਜਨੀਤੀ ਵੀ ਵਿਕਸਿਤ ਹੋਈ ਅਤੇ 1929 ਦੇ ਲਾਹੌਰ ਅਧਿਵੇਸ਼ਨ ਵਿੱਚ ਪੂਰਨ ਸਵਰਾਜ ਨੂੰ ਇਸ ਦਾ ਰਸਮੀ ਟੀਚਾ ਬਣਾ ਲਿਆ ਗਿਆ।

ਆਜ਼ਾਦੀ ਤੋਂ ਬਾਅਦ ਵੀ ਲੋਕਾਂ ਦੇ ਅਧਿਕਾਰਾਂ ਲਈ ਅੰਦੋਲਨ ਜਾਰੀ ਰਹੇ।ਖਾਸ ਕਰਕੇ 1980 ਦੇ ਦਹਾਕੇ ਤੱਕ ਵਿਦਿਆਰਥੀਆਂ ਅਤੇ ਨੌਜਵਾਨਾਂ ਨੇ ਇਨ੍ਹਾਂ ਅੰਦੋਲਨਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਪਰ 1980 ਦੇ ਦਹਾਕੇ ਤੋਂ ਬਾਅਦ ਵਿਦਿਆਰਥੀ ਅੰਦੋਲਨ ਕਾਫ਼ੀ ਕਮਜ਼ੋਰ ਹੋ ਗਏ। ਇਸੇ ਸਮੇਂ ਭਾਰਤ ਦੀਆਂ ਆਰਥਿਕ ਨੀਤੀਆਂ ਵਿੱਚ ਵੱਡੇ ਬਦਲਾਅ ਆਏ। ਦਹਾਕੇ ਦੇ ਅੰਤ ਤੱਕ ਨਿੱਜੀ ਪੂੰਜੀ ਅਤੇ ਕਾਰਪੋਰੇਟ ਖੇਤਰ ਦੇ ਪੱਖ ਵਿੱਚ ਨੀਤੀਆਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾਣ ਲੱਗਾ। ਪੀ. ਵੀ. ਨਰਸਿਮ੍ਹਾ ਰਾਓ ਅਤੇ ਅਟਲ ਬਿਹਾਰੀ ਵਾਜਪਾਈ ਦੀਆਂ ਸਰਕਾਰਾਂ ਦੌਰਾਨ ਇਨ੍ਹਾਂ ਨੀਤੀਆਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਅਤੇ ਡਾ. ਮਨਮੋਹਨ ਸਿੰਘ ਦੇ ਕਾਰਜਕਾਲ ਦੌਰਾਨ ਇਹ ਪ੍ਰਕਿਰਿਆ ਹੋਰ ਤੇਜ਼ ਹੋਈ।

ਭਾਰਤੀ ਅਰਥਵਿਵਸਥਾ ਵਿੱਚ ਕਈ ਪੱਖਾਂ ਤੋਂ ਸੁਧਾਰ ਹੋਇਆ, ਪਰ ਆਰਥਿਕ ਵਿਕਾਸ ਦੇ ਲਾਭ ਬਹੁਤ ਅਸਮਾਨ ਢੰਗ ਨਾਲ ਵੰਡੇ ਗਏ। ਦੌਲਤ ਲਗਾਤਾਰ ਕੁਝ ਹੱਥਾਂ ਵਿੱਚ ਕੇਂਦਰਤ ਹੁੰਦੀ ਗਈ, ਜਦਕਿ ਸਮਾਜ ਦੇ ਵੱਡੇ ਹਿੱਸੇ ਆਰਥਿਕ ਤੌਰ 'ਤੇ ਅਸੁਰੱਖਿਅਤ ਰਹੇ। ਸਿੱਖਿਆ ਲਗਾਤਾਰ ਮਹਿੰਗੀ ਹੁੰਦੀ ਗਈ, ਉੱਚ ਸਿੱਖਿਆ ਤੱਕ ਪਹੁੰਚ ਹੋਰ ਮੁਸ਼ਕਲ ਹੋਈ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਹੋਰ ਅਨਿਸ਼ਚਿਤ ਹੋ ਗਏ।

ਨਰਿੰਦਰ ਮੋਦੀ ਅਤੇ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਇਹ ਰੁਝਾਨ ਹੋਰ ਤੇਜ਼ ਹੋਏ। ਦੌਲਤ ਅਤੇ ਸਰੋਤ ਵਧੇਰੇ ਤੌਰ 'ਤੇ ਕੁਝ ਗਿਣਤੀ ਦੇ ਕਾਰਪੋਰੇਟ ਗਰੁੱਪਾਂ ਦੇ ਹੱਥਾਂ ਵਿੱਚ ਕੇਂਦਰਤ ਹੁੰਦੇ ਗਏ। ਯੂ ਪੀ ਏ ਦੇ ਦੌਰ ਵਿੱਚ ਭ੍ਰਿਸ਼ਟਾਚਾਰ ਨੂੰ ਭਾਰਤ ਦੀਆਂ ਸਮੱਸਿਆਵਾਂ ਦਾ ਮੁੱਖ ਕਾਰਨ ਦੱਸਿਆ ਗਿਆ, ਜਦਕਿ ਨਰਿੰਦਰ ਮੋਦੀ ਨੂੰ ਇੱਕ ਅਜਿਹੇ ਮਜ਼ਬੂਤ ਆਗੂ ਵਜੋਂ ਪੇਸ਼ ਕੀਤਾ ਗਿਆ, ਜੋ ਦੇਸ਼ ਨੂੰ ਤੇਜ਼ੀ ਨਾਲ ਬਦਲ ਦੇਵੇਗਾ। 2014 ਤੋਂ ਬਾਅਦ ਆਰਥਿਕ ਮੁਸ਼ਕਲਾਂ, ਬੇਰੁਜ਼ਗਾਰੀ ਅਤੇ ਹੋਰ ਅਸਫਲਤਾਵਾਂ ਲਈ ਅਕਸਰ ਪਿਛਲੀਆਂ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ ਅਤੇ ਇਹ ਪ੍ਰਭਾਵ ਪੈਦਾ ਕੀਤਾ ਗਿਆ ਕਿ ਭਾਰਤ ਨੇ ਆਪਣੀ 'ਅਸਲ ਆਜ਼ਾਦੀ' 2014 ਤੋਂ ਬਾਅਦ ਹੀ ਹਾਸਲ ਕੀਤੀ ਹੈ।

ਇਸ ਦੇ ਨਾਲ ਹੀ ਫਿਰਕੂ ਬਿਰਤਾਂਤਾਂ ਵਿੱਚ ਬੇਰੁਜ਼ਗਾਰੀ, ਮਹਿੰਗਾਈ ਅਤੇ ਇੱਥੋਂ ਤੱਕ ਕਿ ਸਮਾਜਿਕ ਸਮੱਸਿਆਵਾਂ ਨੂੰ ਵੀ ਮੁਸਲਮਾਨਾਂ ਨਾਲ ਜੋੜਨ ਦੀ ਕੋਸ਼ਿਸ਼ ਕੀਤੀ ਗਈ। ਇਸ ਨਾਲ ਨਫ਼ਰਤ ਅਤੇ ਹਿੰਸਾ ਦਾ ਮਾਹੌਲ ਬਣਿਆ ਅਤੇ ਭਾਰਤ ਦੇ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕੀਤਾ ਗਿਆ।

ਪਰ ਅਜਿਹੇ ਬਿਰਤਾਂਤ ਹਮੇਸ਼ਾ ਲਈ ਜਾਰੀ ਨਹੀਂ ਰਹਿ ਸਕਦੇ। ਵਿਦਿਆਰਥੀ ਅਤੇ ਨੌਜਵਾਨ, ਜੋ ਕਈ ਦਹਾਕਿਆਂ ਤੋਂ ਮੁਕਾਬਲਤਨ ਨਿਸ਼ਕਿਰਿਆ ਰਹੇ ਸਨ, ਹੁਣ ਆਪਣੀਆਂ ਅਸਲ ਸਮੱਸਿਆਵਾਂ-ਬੇਰੁਜ਼ਗਾਰੀ, ਮਹਿੰਗੀ ਸਿੱਖਿਆ, ਅਸਮਾਨਤਾ, ਮੌਕਿਆਂ ਦੀ ਘਾਟ ਅਤੇ ਲੋਕਤੰਤਰਿਕ ਆਜ਼ਾਦੀਆਂ 'ਤੇ ਪਾਬੰਦੀਆਂ-ਨੂੰ ਸਮਝਣ ਲੱਗੇ ਹਨ।

ਹਾਲੀਆ ਵਿਦਿਆਰਥੀ ਅਤੇ ਨੌਜਵਾਨਾਂ ਦੇ ਵਿਰੋਧ ਪ੍ਰਦਰਸ਼ਨ ਇਸ ਬਦਲ ਰਹੀ ਚੇਤਨਾ ਦਾ ਸੰਕੇਤ ਦਿੰਦੇ ਹਨ। ਨੌਜਵਾਨਾਂ ਬਾਰੇ ਅਪਮਾਨਜਨਕ ਟਿੱਪਣੀਆਂ, ਕਿਸਾਨਾਂ ਦੀਆਂ ਮੰਗਾਂ ਨਾਲ ਨਜਿੱਠਣ ਦੇ ਢੰਗ ਅਤੇ ਅਸਹਿਮਤੀ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਪ੍ਰਤੀ ਗੁੱਸਾ ਵਧਿਆ ਹੈ। ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (AISF), ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ (SFI), ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (AISA) ਅਤੇ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ (NSUI) ਸਮੇਤ ਕਈ ਹੋਰ ਸੰਗਠਨ ਇਨ੍ਹਾਂ ਮੁੱਦਿਆਂ ਨੂੰ ਲਗਾਤਾਰ ਉਠਾਉਂਦੇ ਰਹੇ ਹਨ।

ਇਹ ਵੀ ਇੱਕ ਕਾਰਨ ਸੀ ਕਿ ਮੁੱਖ ਨਿਆਂਧੀਸ਼ ਵੱਲੋਂ ਨੌਜਵਾਨਾਂ ਲਈ ਕਥਿਤ ਤੌਰ 'ਤੇ ਕਾਕਰੋਚ ਸ਼ਬਦ ਦੀ ਵਰਤੋਂ ਦੇ ਹਵਾਲੇ ਨੇ ਵਿਆਪਕ ਵਿਰੋਧ ਪੈਦਾ ਕੀਤਾ ਅਤੇ 'ਕਾਕਰੋਚ ਜਨਤਾ ਪਾਰਟੀ' (CJP) ਦੇ ਗਠਨ ਦੀ ਗੱਲ ਸਾਹਮਣੇ ਆਈ। ਇਸ ਤੋਂ ਬਾਅਦ ਜੰਤਰ-ਮੰਤਰ ਵਿਖੇ ਪ੍ਰਦਰਸ਼ਨ ਕੀਤਾ ਗਿਆ। ਸੋਨਮ ਵਾਂਗਚੁਕ ਦੀ ਹਿਰਾਸਤ ਅਤੇ ਉਸ ਤੋਂ ਬਾਅਦ ਪ੍ਰਦਰਸ਼ਨਕਾਰੀਆਂ 'ਤੇ ਕੀਤੇ ਗਏ ਦਮਨ ਨੇ ਨੌਜਵਾਨਾਂ ਵਿੱਚ ਇਹ ਭਾਵਨਾ ਹੋਰ ਮਜ਼ਬੂਤ ਕੀਤੀ ਕਿ ਉਨ੍ਹਾਂ ਦੇ ਸ਼ਾਂਤਮਈ ਢੰਗ ਨਾਲ ਆਪਣੀ ਗੱਲ ਪ੍ਰਗਟ ਕਰਨ ਦੇ ਅਧਿਕਾਰ ਨੂੰ ਖ਼ਤਰਾ ਹੈ।

ਅਧਿਕਾਰੀਆਂ ਦੀ ਪ੍ਰਤੀਕਿਰਿਆ, ਜਿਸ ਵਿੱਚ ਬਲ ਦੀ ਅਤਿਅਧਿਕ ਵਰਤੋਂ ਅਤੇ ਪ੍ਰਦਰਸ਼ਨਕਾਰੀਆਂ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਵੀ ਸ਼ਾਮਲ ਹਨ, ਨੇ ਲੋਕਤੰਤਰ ਦੀ ਸਥਿਤੀ ਬਾਰੇ ਚਿੰਤਾ ਨੂੰ ਹੋਰ ਡੂੰਘਾ ਕੀਤਾ ਹੈ। ਪਿੱਛੇ ਹਟਣ ਦੀ ਬਜਾਏ ਵਿਦਿਆਰਥੀਆਂ ਅਤੇ ਨੌਜਵਾਨਾਂ ਨੇ ਆਪਣੀ ਲਾਮਬੰਦੀ ਜਾਰੀ ਰੱਖੀ ਹੈ। ਉਨ੍ਹਾਂ ਦੀ ਵਧ ਰਹੀ ਭਾਗੀਦਾਰੀ ਇਸ ਗੱਲ ਦਾ ਸੰਕੇਤ ਦਿੰਦੀ ਹੈ ਕਿ ਲੋਕਾਂ ਦੀ ਚੇਤਨਾ ਵਿੱਚ ਇੱਕ ਨਵੇਂ ਜਾਗਰਣ ਦਾ ਦੌਰ ਸ਼ੁਰੂ ਹੋ ਸਕਦਾ ਹੈ।

ਇੱਕ ਖਾਸ ਤੌਰ 'ਤੇ ਸਕਾਰਾਤਮਕ ਬਦਲਾਓ ਇਹ ਹੈ ਕਿ ਨੌਜਵਾਨਾਂ ਵਿੱਚ ਫਿਰਕੂ ਰਾਜਨੀਤੀ ਨੂੰ ਰੱਦ ਕਰਨ ਦਾ ਰੁਝਾਨ ਵਧ ਰਿਹਾ ਹੈ। ਆਲੋਚਕਾਂ ਅਤੇ ਸਵਾਲ ਪੁੱਛਣ ਵਾਲੇ ਨਾਗਰਿਕਾਂ ਨੂੰ ਖੁਦ ਪ੍ਰਧਾਨ ਮੰਤਰੀ ਵੱਲੋਂ ਦਿਮਾਗੀ ਨਕਸਲ ਕਹਿਣ ਦੀਆਂ ਕੋਸ਼ਿਸ਼ਾਂ ਨੇ ਨੌਜਵਾਨਾਂ ਅਤੇ ਵਿਦਿਆਰਥੀਆਂ ਵਿੱਚ ਹੋਰ ਗੁੱਸਾ ਪੈਦਾ ਕੀਤਾ ਹੈ।

ਹਾਲਾਂਕਿ ਮੂਲ ਮੁੱਦਾ ਕਿਸੇ ਇੱਕ ਸਰਕਾਰ ਜਾਂ ਸਿਆਸੀ ਪਾਰਟੀ ਤੱਕ ਸੀਮਿਤ ਨਹੀਂ ਹੈ। ਪੂੰਜੀਵਾਦ ਆਪਣੇ ਆਪ ਗਰੀਬੀ, ਬੇਰੁਜ਼ਗਾਰੀ, ਸਮਾਜਿਕ ਅਨਿਆਂ ਜਾਂ ਮੌਕਿਆਂ ਦੀ ਅਸਮਾਨਤਾ ਦਾ ਹੱਲ ਨਹੀਂ ਕਰ ਸਕਦਾ। ਸ਼ੋਸ਼ਣਕਾਰੀ ਪ੍ਰਣਾਲੀਆਂ ਨੇ ਇਤਿਹਾਸਕ ਤੌਰ 'ਤੇ ਧਰਮ, ਖੇਤਰ, ਜਾਤ, ਕਬੀਲੇ, ਭਾਸ਼ਾ ਅਤੇ ਹੋਰ ਪਛਾਣਾਂ ਦੇ ਆਧਾਰ 'ਤੇ ਵੰਡਾਂ ਦਾ ਇਸਤੇਮਾਲ ਲੋਕਾਂ ਦੀ ਏਕਤਾ ਨੂੰ ਕਮਜ਼ੋਰ ਕਰਨ ਲਈ ਕੀਤਾ ਹੈ। ਬਰਤਾਨਵੀ ਬਸਤੀਵਾਦੀ ਹਕੂਮਤ ਦੀ ਪਾੜੋ ਅਤੇ ਰਾਜ ਕਰੋ ਦੀ ਨੀਤੀ ਇਸ ਦੀ ਇਕੱਲੀ ਉਦਾਹਰਨ ਨਹੀਂ ਸੀ; ਸੱਤਾਧਾਰੀ ਅਤੇ ਸ਼ੋਸ਼ਣਕਾਰੀ ਵਰਗਾਂ ਨੇ ਆਪਣੀ ਸੱਤਾ ਕਾਇਮ ਰੱਖਣ ਲਈ ਵਾਰ-ਵਾਰ ਸਮਾਜਿਕ

ਨਸ਼ਿਆਂ ਦੇ ਖ਼ਾਤਮੇ ਦੇ ਸਰਕਾਰੀ ਦਾਅਵੇ ਜ਼ਮੀਨੀ ਹਕੀਕਤ ਤੋਂ ਦੂਰ : ਗੜਗੱਜ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)- ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਮੂਹ ਸੰਗਤ ਵੱਲੋਂ ਪਿੰਡ-ਪਿੰਡ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਅੱਜ ਵੀ ਨੌਜਵਾਨ ਨਸ਼ਿਆਂ ਕਾਰਨ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ।

ਇਹ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਕੀਤਾ। ਜਥੇਦਾਰ ਗੜਗੱਜ ਨੇ ਸੂਬਾ ਸਰਕਾਰ ਦੀ ਨਸ਼ਿਆਂ ਖ਼ਿਲਾਫ਼ ਕਾਰਗੁਜ਼ਾਰੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਜੇਕਰ ਨਸ਼ਾ ਪੂਰੀ ਤਰ੍ਹਾਂ ਗ਼ੈਰ-ਕਾਨੂੰਨੀ ਹੈ ਤਾਂ ਇਹ ਖੁੱਲ੍ਹੇਆਮ ਵਿਕ ਕਿਵੇਂ ਰਿਹਾ ਹੈ? ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਵਿਕਰੀ ਦਾ ਬੇਰੋਕ-ਟੋਕ ਜਾਰੀ ਰਹਿਣਾ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਨਸ਼ਾ ਤਸਕਰਾਂ ਨੂੰ ਕਿਸੇ ਨਾ ਕਿਸੇ ਪੱਧਰ 'ਤੇ ਸਿਆਸੀ ਜਾਂ ਪ੍ਰਸ਼ਾਸਨਿਕ ਸ਼ਹਿ ਹਾਸਲ ਹੈ। ਉਨ੍ਹਾਂ ਕਿਹਾ ਕਿ 24 ਘੰਟਿਆਂ ਵਿੱਚ ਨਸ਼ਾ ਖ਼ਤਮ ਕਰਨ ਦੇ ਦਾਅਵੇ ਕਰਨ ਵਾਲੀ ਸਰਕਾਰ ਦੀ ਕਾਰਗੁਜ਼ਾਰੀ ਜ਼ਮੀਨੀ ਪੱਧਰ 'ਤੇ ਉਮੀਦਾਂ 'ਤੇ ਖਰੀ ਨਹੀਂ ਉਤਰੀ।ਸਪਲਾਈ ਚੇਨ ਤੋੜਨ ਦੇ ਦਾਅਵਿਆਂ ਦੇ ਬਾਵਜੂਦ ਨਸ਼ਿਆਂ ਦੀ ਵਿਕਰੀ ਅਤੇ ਇੱਥੋਂ ਤੱਕ ਕਿ ਹੋਮ ਡਲਿਵਰੀ ਦੀਆਂ ਗੱਲਾਂ ਵੀ ਸਾਹਮਣੇ ਆ ਰਹੀਆਂ ਹਨ।ਉਨ੍ਹਾਂ ਦੋਸ਼ ਲਾਇਆ ਕਿ ਸੂਬਾ ਸਰਕਾਰ ਨਸ਼ਾ ਮਾਫ਼ੀਆ ਨੂੰ ਕਾਬੂ ਕਰਨ ਵਿੱਚ ਨਾਕਾਮ ਰਹੀ ਹੈ।

ਰਾਕੇਸ਼ ਬੱਗਾ ਨੇ ਚੋਣ ਪ੍ਰਚਾਰ ਦੀ ਖਿੱਚੀ ਤਿਆਰੀ

ਸਨੌਰ (ਰਾਜਿੰਦਰ ਸਿੰਘ ਬਿੰਦ)- ਸਮਾਜ ਸੇਵੀ ਤੇ ਅਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਰਾਕੇਸ਼ ਬੱਗਾ ਵੱਲੋਂ ਹਲਕੇ ਅੰਦਰ ਦਿਨ-ਰਾਤ ਇੱਕ ਕਰਕੇ ਪਿੰਡ-ਪਿੰਡ ਜਾ ਕੇ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ।ਇਸੇ ਮੁਹਿੰਮ ਤਹਿਤ ਉਨ੍ਹਾਂ ਵੱਲੋਂ ਹਲਕੇ ਦੇ ਪਿੰਡ ਜਗਤਪੁਰਾ ਵਿਖੇ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਪਹੁੰਚਣ 'ਤੇ ਪਿੰਡ ਵਾਸੀਆਂ ਵੱਲੋਂ ਰਾਕੇਸ਼ ਬੱਗਾ ਦਾ ਫੁੱਲ ਮਾਲਾਵਾਂ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ।ਪਿੰਡ ਦੇ ਸਰਪੰਚ, ਪੰਚਾਂ, ਬਜ਼ੁਰਗਾਂ ਤੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ। ਲੋਕਾਂ ਨੂੰ ਸੰਬੋਧਨ ਕਰਦਿਆਂ ਰਾਕੇਸ਼ ਬੱਗਾ ਨੇ ਕਿਹਾ ਕਿ ਉਹ ਕਿਸੇ ਵੱਡੀ ਰਾਜਨੀਤਿਕ ਪਾਰਟੀ ਦੀ ਹਮਾਇਤ ਨਾਲ ਨਹੀਂ, ਸਗੋਂ ਹਲਕਾ ਸਨੌਰ ਦੇ ਲੋਕਾਂ ਦੇ ਪਿਆਰ ਤੇ ਸਹਿਯੋਗ ਸਦਕਾ ਅਜ਼ਾਦ ਉਮੀਦਵਾਰ ਵਜੋਂ ਮੈਦਾਨ ਵਿੱਚ ਨਿੱਤਰੇ ਹਨ।ਉਨ੍ਹਾਂ ਕਿਹਾ ਕਿ ਸਨੌਰ ਅੱਜ ਵੀ

ਬੁਨਿਆਦੀ ਸਹੂਲਤਾਂ ਤੋਂ ਵਾਂਝਾ ਹੈ।ਪਿੰਡਾਂ ਵਿੱਚ ਟੁੱਟੀਆਂ ਸੜਕਾਂ, ਗੰਦੇ ਪਾਣੀ ਦੀ ਨਿਕਾਸੀ ਅਤੇ ਨੌਵਾਨਾਂ ਵਿੱਚ ਫੈਲ ਰਿਹਾ ਨਸ਼ਾ ਸਭ ਤੋਂ ਵੱਡੀ ਸਮੱਸਿਆ ਹੈ। ਅੰਤ ਪਿੰਡ ਜਗਤਪੁਰਾ ਦੇ ਲੋਕਾਂ ਨੇ ਰਾਕੇਸ਼ ਬੱਗਾ ਨੂੰ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ ਤੇ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦਾ ਭਰੋਸਾ ਦਿਵਾਇਆ।

ਫੂਡ ਸੇਫਟੀ ਅਫਸਰ ਨੇ ਮਠਿਆਈਆਂ ਦੇ ਸੈਂਪਲ ਭਰੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਪਰਮਜੀਤ ਸਿੰਘ) ਫੂਡ ਸੇਫਟੀ ਅਫਸਰ ਗਗਨਦੀਪ ਕੌਰ ਨੇ ਆਪਣੀ ਟੀਮ ਨਾਲ ਸਿਹਤ ਵਿਭਾਗ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਦੁਕਾਨਾਂ 'ਤੇ ਛਾਪੇਮਾਰੀ ਕੀਤੀ।ਕੁੱਝ ਸਮੇਂ ਤੋਂ ਇਲਾਕੇ ਵਿੱਚ ਇਹ ਅਫ਼ਵਾਹਾਂ ਫੈਲ ਰਹੀਆਂ ਸਨ ਕਿ ਕੋਈ ਬਾਹਰੀ ਵਿਅਕਤੀ ਪਿੰਡਾਂ ਤੇ ਸ਼ਹਿਰ ਵਿੱਚ ਮੋਟਰਸਾਈਕਲ 'ਤੇ ਦੇਸੀ ਘਿਓ ਸਸਤੇ ਭਾਅ ਵੇਚ ਰਿਹਾ ਹੈ।ਇਸ ਤੋਂ ਬਾਅਦ ਗਗਨਦੀਪ ਕੌਰ ਨੇ ਸ਼ਹਿਰ ਦੇ ਬਾਹਰੀ ਰਸਤਿਆਂ 'ਤੇ ਨਾਕੇਬੰਦੀ ਕੀਤੀ ਅਤੇ ਵਾਹਨਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ।ਇਸ ਤੋਂ ਬਾਅਦ ਸ਼ਹਿਰ ਦੀਆਂ ਪੰਜ ਮਿਠਾਈਆਂ ਦੀਆਂ ਦੁਕਾਨਾਂ 'ਤੇ ਵੀ ਛਾਪੇਮਾਰੀ ਕੀਤੀ ਗਈ ਤੇ ਮਠਿਆਈਆਂ ਦੇ ਸੈਂਪਲ ਲਏ ਗਏ।ਇਸ ਮੌਕੇ ਮਠਿਆਈਆਂ ਬਣਾਉਣ ਵਾਲੀਆਂ ਜਗ੍ਹਾ ਦੀ ਸਾਫ਼ ਸਫ਼ਾਈ ਦਾ ਵੀ ਨਿਰੀਖਣ ਕੀਤਾ। ਮੈਡਮ ਗਗਨ ਦੀਪ ਨੇ ਇਲਾਕੇ ਦੇ ਦੁਕਾਨਦਾਰਾਂ ਤੇ ਠੇਲੇ ਲਗਾਉਣ ਵਾਲਿਆਂ ਨੂੰ ਅਪੀਲ ਕੀਤੀ ਕਿ

ਉਹ ਕੋਈ ਵੀ ਖਾਨ ਪੀਣ ਵਾਲਾ ਅਨਮਯਾਰੀ ਸਮਾਨ ਨਾ ਵੇਚਣ।ਇਸ ਤੋਂ ਇਲਾਵਾ ਫਲ ਵਿਕਰੇਤਾਵਾਂ ਨੂੰ ਵੀ ਚਿਤਾਵਨੀ ਦਿੱਤੀ ਕਿ ਉਹ ਅਣਅਧਿਕਾਰਤ ਰਸਾਇਣਾਂ ਨਾਲ ਫਲ ਨਾ ਪਕਾਉਣ ਅਤੇ ਗਲੇ ਸੜੇ ਹੋਏ ਫਲ ਨਾ ਰੱਖਣ।ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਨੇ ਰੈੱਡ ਬੁੱਲ ਅਤੇ ਸਟਿੰਗ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਪਾਬੰਦੀ ਲਾਉਣ ਦੇ ਨਿਰਦੇਸ਼ ਜਾਰੀ ਕੀਤੇ ਹਨ।ਇਹ ਡਰਿੰਕ ਜਿਹੜੇ ਦੁਕਾਨਦਾਰਾਂ ਕੋਲ ਪਏ ਹਨ ਉਹ ਦੁਕਾਨਦਾਰ ਉਨ੍ਹਾਂ ਨੂੰ ਡੀਲਰਾਂ ਨੂੰ ਵਾਪਸ ਕਰ ਦੇਣ।ਜੇਕਰ ਕੋਈ ਫੜਿਆ ਗਿਆ ਤਾਂ ਉਸਨੂੰ ਬਖਸ਼ਿਆ ਨਹੀਂ ਜਾਵੇਗਾ।ਸੈਂਪਲਾਂ ਦੇ ਨਤੀਜੇ ਆਉਣ ਤੋਂ ਬਾਅਦ ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।

ਪਾਰਕਾਂ ਤੇ ਆਲੇ-ਦੁਆਲੇ ਦੇ ਇਲਾਕਿਆਂ 'ਚ ਸਰਚ ਅਭਿਆਨ

ਸ੍ਰੀ ਮੁਕਤਸਰ ਸਾਹਿਬ, ((ਸ਼ਮਿੰਦਰਪਾਲ/ਪੂਜਾ) ਪੰਜਾਬ ਸਰਕਾਰ ਤੇ ਡੀ.ਜੀ.ਪੀ. ਪੰਜਾਬ ਵੱਲੋਂ ਚਲਾਈ ਜਾ ਰਹੀ ਗੈਂਗਸਟਰਾਂ 'ਤੇ ਵਰ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅਭਿਮੰਨਿਊ ਰਾਣਾ, ਆਈ.ਪੀ.ਐਸ, ਐਸ.ਐਸ.ਪੀ. ਦੀ ਨਿਗਰਾਨੀ ਹੇਠ ਜ਼ਿਲ੍ਹੇ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ।ਇਸ ਦੇ ਨਾਲ ਹੀ ਨਸ਼ਾ ਤਸਕਰਾਂ ਤੇ

ਸ਼ਰਾਰਤੀ ਅਨਸਰਾਂ ਦੇ ਟਿਕਾਣਿਆਂ ਦੀ ਲਗਾਤਾਰ ਚੈਕਿੰਗ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਤਹਿਤ ਪਾਰਕ ਗੁਰੂ ਗੋਬਿੰਦ ਸਿੰਘ ਤੇ ਪਾਰਕ ਮਾਤਾ ਭਾਗ ਕੌਰ ਵਿਖੇ ਪੁਲਿਸ ਵੱਲੋਂ ਅਚਨਚੇਤ ਸਰਚ ਅਤੇ ਚੈਕਿੰਗ ਅਭਿਆਨ ਚਲਾਇਆ ਗਿਆ।ਇਸ ਮੌਕੇ ਬਚਨ ਸਿੰਘ, ਡੀ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਪੁਲਿਸ ਪਾਰਟੀ ਵੱਲੋਂ ਪਾਰਕਾਂ ਅਤੇ ਉਨ੍ਹਾਂ ਦੇ ਆਲੇ-ਦੁਆਲੇ ਮੌਜੂਦ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ। ਪੁਲਸ ਵੱਲੋਂ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲੈ ਕੇ ਇਹ ਯਕੀਨੀ ਬਣਾਇਆ ਗਿਆ ਕਿ ਕੋਈ ਵਿਅਕਤੀ ਨਸ਼ੇ ਦੀ ਵਰਤੋਂ ਜਾਂ ਨਸ਼ੇ ਦੀ ਸਪਲਾਈ ਵਿੱਚ ਸ਼ਾਮਲ ਨਾ ਹੋਵੇ।ਇਸ ਤੋਂ ਇਲਾਵਾ ਸ਼ੱਕੀ ਵਿਅਕਤੀਆਂ ਦਾ ਪੀਏਆਈਐਸ ਐਪ ਰਾਹੀਂ ਰਿਕਾਰਡ ਵੀ ਚੈੱਕ ਕੀਤਾ ਗਿਆ।ਇਸ ਦੌਰਾਨ ਪਾਰਕਾਂ ਦੇ ਆਲੇ-ਦੁਆਲੇ ਲੰਬੇ ਸਮੇਂ ਤੋਂ ਖੜੇ ਵਾਹਨਾਂ ਦੀ ਵੀ ਚੈਕਿੰਗ ਕੀਤੀ ਗਈ ਅਤੇ ਸ਼ੱਕੀ ਗਤੀਵਿਧੀਆਂ ਸਬੰਧੀ ਜਾਣਕਾਰੀ ਇਕੱਠੀ ਕੀਤੀ ਗਈ।

ਨਸ਼ੇ ਦੇ ਟੀਕਿਆਂ ਸਮੇਤ ਕਾਬੂ ਵਿਅਕਤੀ ਨੂੰ ਪੰਜ ਸਾਲ ਦੀ ਕੈਦ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਕਰੀਬ ਸੱਤ ਸਾਲ ਪਹਿਲਾਂ ਸਰਹਿੰਦ ਪੁਲਿਸ ਵੱਲੋਂ ਨਸ਼ੇ ਦੇ ਟੀਕਿਆਂ ਸਮੇਤ ਕਾਬੂ ਕੀਤੇ ਗਏ ਇੱਕ ਮੋਟਰਸਾਈਕਲ ਸਵਾਰ ਨੂੰ ਸਥਾਨਕ ਅਦਾਲਤ ਵੱਲੋਂ ਕੈਦ ਅਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਮਿਤੀ 1/10/19 ਨੂੰ ਥਾਣਾ ਸਰਹਿੰਦ ਵਿਖੇ ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਗਏ ਇੱਕ ਮੁਕੱਦਮੇ ਦੇ ਸਬੰਧ ਵਿੱਚ ਪ੍ਰਿੰਸ ਧੀਮਾਨ ਵਾਸੀ ਮੰਡੀ ਗੋਬਿੰਦਗੜ੍ਹ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਸ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਵੱਲੋਂ ਸਰਹਿੰਦ ਦੇ ਬੱਸ ਅੱਡੇ ਨੇੜਲੇ ਪੁਲ 'ਤੇ ਨਾਕਾਬੰਦੀ ਕਰਕੇ ਕੀਤੀ ਜਾ ਰਹੀ ਚੈਕਿੰਗ ਦੌਰਾਨ ਸ਼ੱਕ ਦੇ ਅਧਾਰ 'ਤੇ ਮੋਟਰਸਾਈਕਲ ਤੇ ਸਵਾਰ ਹੋ ਕੇ ਆ ਰਹੇ ਪ੍ਰਿੰਸ ਧੀਮਾਨ ਨੂੰ ਚੈਕਿੰਗ ਲਈ ਰੋਕਿਆ ਗਿਆ, ਜਿਸ ਦੇ ਕਬਜ਼ੇ ਵਿੱਚੋਂ ਤਲਾਸ਼ੀ ਦੌਰਾਨ 10 ਟੀਕੇ ਬਿਊਪ੍ਰੋਨੋਰਫਿਨ ਤੇ 10 ਸ਼ੀਸ਼ਿਆਂ ਏਵਲ ਦੀਆਂ ਬਰਾਮਦ ਹੋਈਆਂ।ਇਸ ਸਬੰਧੀ ਸਥਾਨਕ ਅਦਾਲਤ ਵਿੱਚ ਚੱਲੀ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਪ੍ਰਿੰਸ ਧੀਮਾਨ ਨੂੰ ਮਾਮਲੇ ਵਿੱਚ ਅ/ਧ 22(ਬੀ)/61/85 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ ਪੰਜ ਸਾਲ ਕੈਦ ਬਾਮੁਸ਼ੱਕਤ ਅਤੇ 50,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

ਸੜਕ ਹਾਦਸੇ 'ਚ ਪਿਓ-ਪੁੱਤ ਦੀ ਮੌਤ, ਦੂਜਾ ਪੁੱਤਰ ਗੰਭੀਰ ਜ਼ਖ਼ਮੀ

ਧੂਰੀ, (ਮਨੋਹਰ ਸਿੰਘ ਸੱਗੂ) ਧੂਰੀ-ਸ਼ੇਰਪੁਰ ਸੜਕ 'ਤੇ ਪਿੰਡ ਕਾਤਰੋਂ ਅਤੇ ਘਨੌਰੀ ਕਲਾਂ ਦਰਮਿਆਨ ਸਵੇਰੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਪਿਓ-ਪੁੱਤ ਦੀ ਮੌਤ ਹੋ ਗਈ, ਜਦਕਿ ਦੂਜਾ ਪੁੱਤਰ ਗੰਭੀਰ ਜ਼ਖ਼ਮੀ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਕੁਠਾਲਾ ਵਾਸੀ ਪਰਮਿੰਦਰ ਸਿੰਘ (42) ਆਪਣੇ ਦੋ ਪੁੱਤਰਾਂ ਨੂੰ ਮੋਟਰਸਾਈਕਲ 'ਤੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਬਰੜਵਾਲ (ਧੂਰੀ) ਵਿਖੇ ਖੇਡਾਂ ਦੀ ਪ੍ਰੈਕਟਿਸ ਲਈ ਲੈ ਕੇ ਜਾ ਰਿਹਾ ਸੀ।ਜਦੋਂ ਉਹ ਪਿੰਡ ਕਾਤਰੋਂ ਤੇ ਘਨੌਰੀ ਕਲਾਂ ਵਿਚਕਾਰ ਪੁੱਜੇ ਤਾਂ ਕਿਸੇ ਅਣਪਛਾਤੇ ਵਾਹਨ ਦੀ ਲਪੇਟ ਵਿੱਚ ਆ ਗਏ। ਹਾਦਸੇ ਵਿੱਚ ਪਰਮਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸ ਦੇ ਦੋਵੇਂ ਪੁੱਤਰ ਗੰਭੀਰ ਜ਼ਖ਼ਮੀ ਹੋ ਗਏ। ਦੋਵਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਧੂਰੀ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਏਕਮਵੀਰ ਸਿੰਘ (14) ਨੂੰ ਮ੍ਰਿਤਕ ਐਲਾਨ ਦਿੱਤਾ। ਦੂਜੇ ਪੁੱਤਰ ਅੰਮ੍ਰਿਤਵੀਰ ਸਿੰਘ (13) ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਮੁੱਢਲੀ ਸਹਾਇਤਾ ਉਪਰੰਤ ਇਲਾਜ ਲਈ ਸੰਗਰੂਰ ਰੈਫਰ ਕਰ ਦਿੱਤਾ ਗਿਆ।

ਵਿਦਿਆਰਥੀਆਂ ਨੂੰ ਵਾਟਰ ਪਾਰਕ ਟਰਿੱਪ ਲਵਾਇਆ

ਕੋਟਕਪੂਰਾ, (ਰਛਪਾਲ ਭੁੱਲਰ)- ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਦੇ 46 ਵਿਦਿਆਰਥੀ ਸਵੇਰੇ 8 ਵਜੇ ਵਾਟਰ ਪਾਰਕ ਦੀ ਰੋਮਾਂਚਕ ਟਰਿਪ ਲਈ ਰਵਾਨਾ ਹੋਏ।ਸਕੂਲ ਦੇ ਐਮ.ਡੀ ਬਲਜੀਤ ਸਿੰਘ ਨੇ ਬੱਚਿਆਂ ਨੂੰ ਟਰਿੱਪ 'ਤੇ ਜਾਣ ਲਈ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਨ੍ਹਾਂ ਦੀ ਦੇਖ-ਰੇਖ ਲਈ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਰੁਬੀਨਾ ਧੀਰ ਤੇ 5 ਅਧਿਆਪਕ ਮੈਡਮ ਰਮਨਦੀਪ ਕੌਰ, ਗੁਰਵੀਰ ਕੌਰ, ਅਰਜੋਤ ਕੌਰ, ਅਲੀਸ਼ਾ, ਸੁਖਦੀਪ ਕੌਰ ਨਾਲ ਗਏ।ਬੱਚਿਆਂ ਨੇ ਬੱਸ ਵਿੱਚ ਡਾਂਸ ਕਰਕੇ, ਗੀਤ ਗਾ ਕੇ ਖੂਬ ਮਜ਼ੇ ਕੀਤੇ। ਵਾਟਰ ਪਾਰਕ ਪਹੁੰਚਣ ਤੇ ਵਿਦਿਆਰਥੀਆਂ ਦਾ ਸ਼ਾਨਦਾਰ ਤੇ ਨਿੱਘਾ ਸਵਾਗਤ ਕੀਤਾ ਗਿਆ।ਸਭ ਤੋਂ ਪਹਿਲਾਂ ਵਿਦਿਆਰਥੀਆਂ ਨੂੰ ਵੈਲਕਮ ਡਰਿੰਕ ਦਿੱਤੀ ਗਈ ਤੇ ਨਾਲ ਸਨੈਕਸ ਦਿੱਤੇ ਗਏ।ਉਸ ਤੋਂ ਬਾਅਦ ਵਿਦਿਆਰਥੀਆਂ ਨੇ ਵੱਖ-ਵੱਖ ਸਲਾਈਡਾਂ ਤੇ ਮਨੋਰੰਜਨ ਗਤੀਵਿਧੀਆਂ ਦਾ ਖੂਬ ਆਨੰਦ ਮਾਣਿਆ।ਵਾਟਰ ਸਲਾਈਡਾਂ ਦਾ ਆਨੰਦ ਲੈਣ ਤੋਂ ਬਾਅਦ ਵਿਦਿਆਰਥੀਆਂ ਨੂੰ ਦੁਪਹਿਰ ਦੇ ਖਾਣ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਪਰੋਸੇ ਗਏ।ਬੱਚਿਆਂ ਨੇ ਹਰ ਇੱਕ ਪਕਵਾਨ ਦਾ ਖੂਬ ਆਨੰਦ ਮਾਣਿਆ।

ਸੈਣੀ ਮਹਾਂ ਸਭਾ ਦੇ ਲੇਡੀਜ਼ ਵਿੰਗ ਨੇ ਤੀਆਂ ਦਾ ਤਿਉਹਾਰ ਮਨਾਇਆ

ਪਟਿਆਲਾ, (ਰਾਜਿੰਦਰ ਸਿੰਘ ਬਿੰਦ)- ਸੈਣੀ ਮਹਾਂ ਸਭਾ ਜ਼ਿਲ੍ਹਾ ਪਟਿਆਲਾ (ਸੰਬੰਧਤ ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਯੂਨਿਟ) ਦੀ ਪਟਿਆਲਾ ਯੂਨਿਟ ਦੇ ਲੇਡੀਜ਼ ਵਿੰਗ

ਵੱਲੋਂ ਤੀਆਂ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਭਾਗ ਲਿਆ ਤੇ ਪੰਜਾਬੀ ਸੱਭਿਆਚਾਰ ਦੇ ਇਸ ਰਵਾਇਤੀ ਤਿਉਹਾਰ ਨੂੰ ਪੂਰੇ ਜੋਸ਼ੋ-ਖਰੋਸ਼ ਨਾਲ ਮਨਾਇਆ। ਸਮਾਗਮ ਦੌਰਾਨ ਔਰਤਾਂ ਨੇ ਗਿੱਧਾ ਪਾਇਆ ਤੇ ਰਵਾਇਤੀ ਤੀਆਂ ਦੇ ਗੀਤ ਗਾ ਕੇ ਮਾਹੌਲ ਨੂੰ ਖੁਸ਼ੀਆਂ-ਭਰਿਆ ਬਣਾ ਦਿੱਤਾ।ਸਾਉਣ ਦੇ ਮਹੀਨੇ ਨਾਲ ਜੁੜੇ ਇਸ ਤਿਉਹਾਰ ਨੇ ਸਭਾ ਦੀਆਂ ਮੈਂਬਰ ਔਰਤਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕੀਤਾ। ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਸਟੇਟ ਯੂਨਿਟ ਦੇ ਪ੍ਰਧਾਨ ਸ਼੍ਰੀ ਲਵਲੀਨ ਸਿੰਘ ਸੈਣੀ ਨੇ ਸੈਣੀ ਮਹਾਂ ਸਭਾ ਜ਼ਿਲ੍ਹਾ ਪਟਿਆਲਾ ਦੀ ਲੇਡੀਜ਼ ਵਿੰਗ ਦੇ ਚੇਅਰਮੈਨ ਸ਼੍ਰੀਮਤੀ ਹਰਿੰਦਰ ਕੌਰ ਤੇ ਪ੍ਰਧਾਨ ਸ਼੍ਰੀਮਤੀ ਕੁਲਵਿੰਦਰਜੀਤ ਕੌਰ, ਪਟਿਆਲਾ ਰੂਰਲ ਪ੍ਰਧਾਨ ਜਸਵਿੰਦਰ ਕੌਰ, ਵਾਇਸ ਪ੍ਰਧਾਨ ਕਮਲੇਸ਼ ਸੈਣੀ ਵੱਲੋਂ ਕੀਤੇ ਸਫ਼ਲ ਪ੍ਰਬੰਧਾਂ ਲਈ ਧੰਨਵਾਦ ਕੀਤਾ ਅਤੇ ਸਾਰਿਆਂ ਦੀ ਭਰਵੀਂ ਸ਼ਲਾਘਾ ਕੀਤੀ ਗਈ।

ਨੇਹਾ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ ਲਈ ਮੋਮਬੱਤੀ ਮਾਰਚ

ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)- ਪਿਛਲੇ ਦਿਨੀ

ਮਹਿਲ ਕਲਾਂ ਪਹੁੰਚਿਆ ਮੀਰੀ-ਪੀਰੀ ਖ਼ਾਲਸਾ ਮਾਰਚ, ਸੰਗਤਾਂ ਵੱਲੋਂ ਭਰਵਾਂ ਸਵਾਗਤ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)- ਧੰਨ-ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਸਰਵਉੱਚ ਧਾਰਮਿਕ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ

ਅੰਮ੍ਰਿਤਸਰ ਸਾਹਿਬ ਤੋਂ ਪੂਰੇ ਜਾਹੋ-ਜਲਾਲ ਨਾਲ ਆਰੰਭ ਹੋਏ ਵਿਸ਼ਾਲ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਇਤਿਹਾਸਕ ਕਸਬਾ ਮਹਿਲ ਕਲਾਂ ਵਿਖੇ ਪੁੱਜਣ 'ਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਭਰਵਾਂ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣ ਕੇ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਤੇ ਸਮਾਜ ਅੰਦਰ ਫੈਲ ਰਹੀਆਂ ਭੈੜੀਆਂ ਅਲਾਮਤਾਂ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਪੁਰਜ਼ੋਰ ਅਪੀਲ ਕੀਤੀ। ਗਿਆਨੀ ਗੜਗੱਜ ਨੇ ਨਸ਼ਿਆਂ ਦੇ ਮੁੱਦੇ 'ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਪਿੰਡਾਂ ਅੰਦਰ ਨਸ਼ਿਆਂ ਦੀ ਭਾਰੀ ਭਰਮਾਰ ਚਿੰਤਾ ਦਾ ਵਿਸ਼ਾ ਹੈ। ਸਮੂਹ ਸੰਗਤਾਂ ਦਾ ਫ਼ਰਜ਼ ਬਣਦਾ ਹੈ ਕਿ ਸਰਕਾਰਾਂ ਨੂੰ ਇਸ ਗੰਭੀਰ ਮਸਲੇ 'ਤੇ ਸਵਾਲ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮਾਜਿਕ ਪੱਧਰ 'ਤੇ ਮਜ਼ਬੂਤ ਲਾਮਬੰਦੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਪਿੰਡ-ਪਿੰਡ ਨਸ਼ਾ ਵੇਚਣ ਵਾਲੇ ਸਮਾਜ ਵਿਰੋਧੀ ਅਨਸਰਾਂ ਦਾ ਪੂਰਨ ਸਮਾਜਿਕ ਬਾਈਕਾਟ ਕੀਤਾ ਜਾਣਾ ਚਾਹੀਦਾ ਹੈ। ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਿਰੋਪਾਓ ਤੇ ਸ੍ਰੀ ਸਾਹਿਬ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਮਾਨ ਸਰਕਾਰ ਨੇ ਲਿਆਂਦੀ ਖੇਡ ਕ੍ਰਾਂਤੀ : ਰਣਜੋਧ ਸਿੰਘ ਹਡਾਣਾ

ਦੇਵੀਗੜ੍ਹ /ਸਨੌਰ (ਰਾਜਿੰਦਰ ਥਿੰਦ) - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਭੁਨਰਹੇੜੀ ਵਿਖੇ ਖੇਡ ਮੈਦਾਨ ਦਾ ਉਦਘਾਟਨ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਰਾਜ ਵਿਚ ਖੇਡ ਕ੍ਰਾਂਤੀ ਲਿਆਂਦੀ ਹੈ। ਇਸ ਮੌਕੇ ਉਨ੍ਹਾਂ ਨਾਲ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ, ਚਰਨਜੀਤ ਸਿੰਘ ਨੈਣਾ ਚੇਅਰਮੈਨ, ਉਪ ਚੇਅਰਮੈਨ ਸਿਮਰਜੀਤ ਸਿੰਘ ਸੋਹਲ, ਉਪ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਬੀ ਡੀ ਪੀ ਓ ਸੰਦੀਪ ਸਿੰਘ, ਸਰਪੰਚ ਵਕੀਲ ਮਸ਼ਾਲ, ਸਰਪੰਚ ਗੁਰਪ੍ਰੀਤ ਸਿੰਘ ਸਰਵਾਰਾ ਬਲਾਕ ਪ੍ਰਧਾਨ, ਜਸਪਾਲ ਸਿੰਘ, ਹਰਵਿੰਦਰ ਸਿੰਘ ਅਦਾਲਤੀਵਾਲਾ, ਕਸ਼ਮੀਰ ਸਿੰਘ ਫੌਜੀ, ਮੇਜਰ ਸਿੰਘ ਸਵਾਈ ਸਿੰਘ ਵਾਲਾ, ਰਾਜਵਿੰਦਰ ਸਿੰਘ ਪੰਚ, ਸਰਪੰਚ ਰਾਜਾ ਧੰਜੂ, ਕੋਚ ਲਤੀਫ ਮੁਹੰਮਦ, ਭਗਵਾਨ ਸਿੰਘ ਭੁੰਨਰਹੇੜੀ, ਚਰਨਜੀਤ ਸਿੰਘ ਬਾਜਵਾ ਸਮੇਤ ਹੋਰ ਪੰਚਾਇਤੀ ਨੁਮਾਇੰਦੇ ਖੇਡ ਪ੍ਰੇਮੀ ਅਤੇ ਨੇੜਲੇ ਪਿੰਡ ਵਾਸੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ।

ਧਰਮਸ਼ਾਲਾ ਦੇ ਬਾਗਲੀ 'ਚ ਇਲੈਕਟ੍ਰੋਹੋਮਿਓਪੈਥਿਕ ਪ੍ਰਯੋਗਸ਼ਾਲਾ ਦਾ ਉਦਘਾਟਨ

ਮੋਗਾ (ਇਕਬਾਲ ਸਿੰਘ ਖਹਿਰਾ) - ਰਬੀਸਨ ਇੰਸਟੀਚਿਊਟ ਆਫ਼ ਇਲੈਕਟ੍ਰੋ- ਹੋਮਿਓਪੈਥੀ ਐਜੂਕੇਸ਼ਨ ਐਂਡ ਰਿਸਰਚ ਫਾਊਂਡੇਸ਼ਨ ਵਲੋਂ ਸੰਚਾਲਿਤ ਸਰਵੋਦਿਆ ਇੰਸਟੀਚਿਊਟ ਆਫ਼ ਇਲੈਕਟ੍ਰੋਹੋਮਿਓਪੈਥੀ ਧਰਮਸ਼ਾਲਾ ਸਥਿਤ ਬਾਗਲੀ ਵਿੱਚ ਅਤਿ-ਆਧੁਨਿਕ ਤਕਨੀਕ 'ਤੇ ਅਧਾਰਿਤ ਇੱਕ ਪ੍ਰਯੋਗਸ਼ਾਲਾ ਦਾ ਉਦਘਾਟਨ ਕੀਤਾ ਗਿਆ। ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ ਡਾ. ਸੰਜੀਵ ਸ਼ਰਮਾ ਨੇ ਦੱਸਿਆ ਕਿ ਇੱਥੇ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡੀਕਲ ਸਾਇੰਸ ਅਤੇ ਦਵਾਈ ਨਿਰਮਾਣ ਤਕਨਾਲੋਜੀ ਦੀ ਸਿੱਖਿਆ ਦਿੱਤੀ ਜਾ ਰਹੀ ਹੈ। ਬਨਸਪਤੀ-ਵਿਗਿਆਨ ਅਨੁਸਾਰ ਰੁੱਖਾਂ-ਪੌਦਿਆਂ ਵਿੱਚ ਚਿਕਿਤਸਕ ਗੁਣਾਂ ਨਾਲ ਭਰਪੂਰ ਵੱਖ-ਵੱਖ ਤਰ੍ਹਾਂ ਦੇ ਜੈਵਿਕ ਤੱਤ ਪਾਏ ਜਾਂਦੇ ਹਨ ਜੋ ਸਰੀਰ ਨੂੰ ਤੰਦਰੁਸਤ ਰੱਖਣ ਵਿੱਚ ਮਦਦਗਾਰ ਹੁੰਦੇ ਹਨ। ਡਾ ਸ਼ਰਮਾ ਅਨੁਸਾਰ, ਇਸ ਚਿਕਿਤਸਾ ਪ੍ਰਣਾਲੀ ਵਿੱਚ ਪੌਦਿਆਂ ਦੀ ਘੱਟੋ-ਘੱਟ ਮਾਤਰਾ ਦੀ ਵਰਤੋਂ ਕਰਕੇ ਵੱਧ ਤੋਂ ਵੱਧ ਦਵਾਈ (ਡੋਜ਼ਿਜ਼) ਤਿਆਰ ਕੀਤੀ ਜਾਂਦੀ ਹੈ। ਹਿਮਾਚਲ ਇਲੈਕਟ੍ਰੋਹੋਮਿਓਪੈਥਿਕ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾ. ਰਵੀ ਕੁਮਾਰ ਨੇ ਸੱਦਾ ਦਿੱਤਾ ਕਿ ਸੂਬੇ ਦੇ ਨੌਜਵਾਨਾਂ ਨੂੰ ਇਸ ਪ੍ਰਣਾਲੀ ਵਿੱਚ ਸਿਖਲਾਈ ਲੈ ਕੇ ਸਵੈ-ਰੁਜ਼ਗਾਰ ਵੱਲ ਵਧਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇੱਥੇ ਕਈ ਸੂਬਿਆਂ ਦੇ ਵਿਦਿਆਰਥੀ ਤਿੰਨ ਸਾਲਾ ਡਿਪਲੋਮਾ ਕੋਰਸ ਕਰ ਰਹੇ ਹਨ। ਇਸ ਮੌਕੇ ਸੰਸਥਾ ਦੇ ਵਿਦਿਆਰਥੀਆਂ ਨੇ ਮੁੱਖ ਮਹਿਮਾਨ ਡਾ. ਸੰਜੀਵ ਸ਼ਰਮਾ ਅਤੇ ਵਿਸ਼ੇਸ਼ ਮਹਿਮਾਨ ਡਾ. ਰਵੀ ਕੁਮਾਰ ਨੂੰ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਅਤੇ ਆਪਣੇ ਵਿਚਾਰ ਸਾਂਝੇ ਕੀਤੇ । ਸੰਸਥਾ ਦੇ ਪ੍ਰਿੰਸੀਪਲ ਡਾ. ਅਸ਼ੋਕ ਭਾਰਦਵਾਜ ਨੇ ਸੰਸਥਾਗਤ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਰਜਕਾਰੀ ਕਮੇਟੀ (ਡਾਇਰੈਕਟਰ

ਬੋਰਡ) ਦੇ ਨਿਰਦੇਸ਼ਾਂ ਅਨੁਸਾਰ ਸਾਰੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਦੀ ਪੜ੍ਹਾਈ ਦੇ ਨਾਲ-ਨਾਲ ਨਿੱਜੀ ਜੀਵਨ ਜਿਊਣ ਦੀ ਕਲਾ ਵੀ ਸਿਖਾਈ ਜਾ ਰਹੀ ਹੈ । ਆਰ.ਆਈ. ਈ.ਆਰ.ਐਫ ਦੇ ਡਾਇਰੈਕਟਰ ਸੁਰਿੰਦਰ ਠਾਕੁਰ ਨੇ ਹਾਜ਼ਰ ਪ੍ਰਤੀਭਾਗੀਆਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਸਮੇਂ ਜੀਵਨ ਸ਼ੈਲੀ ਨਾਲ ਜੁੜੀਆਂ ਸਮੱਸਿਆਵਾਂ ਤੋਂ ਇਲਾਵਾ ਮੋਬਾਈਲ ਫ਼ੋਨ ਦੀ ਲਤ ਦੇ ਮਰੀਜ਼ਾਂ ਦੀ ਗਿਣਤੀ ਦਿਨੋ-ਦਿਨ ਵੱਧਦੀ ਜਾ ਰਹੀ ਹੈ, ਜੋ ਭਵਿੱਖ ਵਿੱਚ ਇੱਕ ਵੱਡੀ ਚੁਣੌਤੀ ਬਣ ਸਕਦੀ ਹੈ।

ਬਾਬਾ ਫ਼ਰੀਦ ਸੁਸਾਇਟੀ ਨੇ ਵੱਕਾਰੀ ਐਵਾਰਡਾਂ ਲਈ ਅਰਜ਼ੀਆਂ ਮੰਗੀਆਂ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)- ਬਾਬਾ ਫ਼ਰੀਦ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਵਿਖੇ 19 ਸਤੰਬਰ ਤੋਂ 23 ਸਤੰਬਰ ਤੱਕ ਮਨਾਏ ਜਾਂਦੇ ਬਾਬਾ ਫਰੀਦ ਆਗਮਨ ਪੁਰਬ ਦੌਰਾਨ ਹਰੇਕ ਸਾਲ ਦੇ ਵੱਕਾਰੀ ਐਵਾਰਡ ਦਿੱਤੇ ਹਨ।ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ ਤੇ ਇੰਦਰਜੀਤ ਸਿੰਘ ਖਾਲਸਾ ਯਾਦਗਾਰੀ ਐਵਾਰਡ ਲਈ ਪ੍ਰਬੰਧਕ ਕਮੇਟੀ ਨੇ ਅਰਜ਼ੀਆਂ ਦੀ ਮੰਗ ਕੀਤੀ ਹੈ।ਗੁਰਦੁਆਰਾ ਗੋਦੜੀ ਸਾਹਿਬ ਤੇ ਟਿੱਲਾ ਬਾਬਾ ਫ਼ਰੀਦ ਰਿਲੀਜੀਅਸ ਤੇ ਚੈਰੀਟੇਬਲ ਸੁਸਾਇਟੀ ਵੱਲੋਂ ਸਿਮਰਜੀਤ ਸਿੰਘ ਸੇਖੋਂ ਪ੍ਰਧਾਨ ਦੀ ਪ੍ਰਧਾਨਗੀ ਹੇਠ ਦੋਹਾਂ ਐਵਾਰਡਾਂ ਸਬੰਧੀ ਮੀਟਿੰਗ ਕੀਤੀ ਗਈ। ਸੇਖੋਂ ਨੇ ਦੱਸਿਆ ਕਿ ਇਸ ਸਬੰਧੀ ਅਰਜ਼ੀਆਂ 10 ਸਤੰਬਰ ਤੋਂ ਪਹਿਲਾਂ ਪਹਿਲਾਂ ਬਾਬਾ ਫ਼ਰੀਦ ਪਬਲਿਕ ਸਕੂਲ, ਹਰਿਦਰਾ ਨਗਰ ਦੇ ਦਫ਼ਤਰ ਵਿਖੇ ਜਾਂ ਈ-ਮੇਲ 'ਤੇ ਭੇਜੀਆਂ ਜਾਣ।ਇਹ ਅਰਜ਼ੀਆਂ ਵਿਅਕਤੀਆਂ ਜਾਂ ਸੰਸਥਾਵਾਂ ਵੱਲੋਂ ਖੁਦ ਵੀ ਦਿੱਤੀਆਂ ਜਾ ਸਕਦੀਆਂ ਹਨ ਜਾਂ ਫੇਰ ਕਿਸੇ ਦੂਜੇ ਵਿਅਕਤੀ ਵੱਲੋਂ ਵੀ ਕਿਸੇ ਵਿਅਕਤੀ ਜਾਂ ਸੰਸਥਾ ਬਾਰੇ ਅਰਜ਼ੀ ਭੇਜੀ ਜਾ ਸਕਦੀ ਹੈ, ਪਰ ਅਰਜ਼ੀ 2 ਵਿਅਕਤੀਆਂ ਵੱਲੋਂ ਤਸਦੀਕਸ਼ੁਦਾ ਹੋਣੀ ਲਾਜ਼ਮੀ ਹੈ। ਬਾਬਾ ਫ਼ਰੀਦ ਮੇਲੇ ਦੇ ਆਖਰੀ ਦਿਨ 23 ਸਤੰਬਰ ਨੂੰ ਨਗਰ ਕੀਰਤਨ ਉਪਰੰਤ ਗੁਰਦੁਆਰਾ ਗੋਦੜੀ ਵਿਖੇ ਇਹ ਐਵਾਰਡ ਪ੍ਰਦਾਨ ਕੀਤੇ ਜਾਣਗੇ।ਸੇਖੋਂ ਅਨੁਸਾਰ ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ ਵਿੱਚ ਸਿਰੋਪਾਉ, ਦੁਸ਼ਾਲਾ, ਸਾਈਟੇਸ਼ਨ ਤੇ 2 ਲੱਖ ਦੀ ਰਾਸ਼ੀ ਜਦੋਂਕਿ ਇੰਦਰਜੀਤ ਸਿੰਘ ਖਾਲਸਾ ਯਾਦਗਰੀ ਐਵਾਰਡ ਵਿੱਚ ਸਿਰੋਪਾਉ, ਦੁਸ਼ਾਲਾ, ਸਾਈਟੇਸ਼ਨ ਤੇ 1 ਲੱਖ ਦੀ ਰਾਸ਼ੀ ਦਿੱਤੀ ਜਾਂਦੀ ਹੈ।

ਡਾ. ਕੰਗ ਨੇ ਚੇਅਰਮੈਨ ਸਿੱਧੂ ਦਾ ਕੀਤਾ ਵਿਸ਼ੇਸ਼ ਸਨਮਾਨ

ਜਗਰਾਉਂ (ਸੰਜੀਵ ਅਰੋੜਾ)- ਆਮ ਆਦਮੀ ਪਾਰਟੀ ਦੇ ਹਲਕਾ ਦਾਖਾ ਤੋਂ ਇੰਚਾਰਜ ਡਾ. ਕੰਵਰ ਨੈਨ ਸਿੰਘ ਕੰਗ ਵੱਲੋਂ ਨਵ-ਨਿਯੁਕਤ ਮਾਰਕੀਟ ਕਮੇਟੀ ਚੇਅਰਮੈਨ ਪਰਮਿੰਦਰ ਸਿੰਘ ਸਿੱਧੂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਅਤੇ ਉਹਨਾਂ ਨੂੰ ਇਸ ਨਵੀਂ

ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਕੰਗ ਨੇ ਨਵ-ਨਿਯੁਕਤ ਚੇਅਰਮੈਨ ਨੂੰ ਪਾਰਟੀ ਦੀ ਮਜ਼ਬੂਤੀ ਅਤੇ ਲੋਕ ਸੇਵਾ ਲਈ ਹੋਰ ਵੀ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਸਨਮਾਨ ਸਮਾਰੋਹ ਦੌਰਾਨ ਬਲਾਕ ਪ੍ਰਧਾਨ ਬਲਕਾਰ ਸਿੰਘ ਲਾਡੀ, ਅਮਨਦੀਪ ਸਿੰਘ ਸਦਰਪੁਰਾ, ਨਵਜਿੰਦਰ ਸਿੰਘ (ਪੰਚ), ਦਲਵੀਰ ਸਿੰਘ (ਪੰਚ), ਗੁਰਸੇਵਕ ਸਿੰਘ (ਪੰਚ), ਰਾਮ ਲਾਲ (ਪੰਚ), ਬਲਵੀਰ ਸਿੰਘ ਬੁੱਟਰ, ਅਰਮਾਨ ਗਿੱਲ, ਮਾਸਟਰ ਰਜਿੰਦਰ ਸਿੰਘ ਸਿੱਧੂ, ਖੁਸ਼ਵੰਤ ਸਿੰਘ ਮਨੀ, ਹਰਮਿੰਦਰ ਸਿੰਘ ਸਿੱਧੂ ਤੇ ਰਾਜ ਸਿੱਧੂ ਆਦਿ ਹਾਜ਼ਰ ਸਨ।

ਸਾਂਝਾ ਪੰਜਾਬ ਪਾਰਟੀ ਵੱਲੋਂ ਲੋਕਾਂ ਨੂੰ ਸਿਸਟਮ ਬਦਲਣ ਦਾ ਹੋਕਾ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)- ਸਾਂਝਾ ਪੰਜਾਬ ਪਾਰਟੀ ਦੀ ਮੀਟਿੰਗ ਪਾਰਟੀ ਦੇ ਸਟੇਟ ਖ਼ਜ਼ਾਨਚੀ ਮਨਪ੍ਰੀਤ ਸਿੰਘ ਭੁਪਾਲ ਦੀ ਪ੍ਰਧਾਨਗੀ ਹੇਠ ਸਥਾਨਕ ਰੋਇਲ ਸਿਟੀ ਵਿਖੇ ਹੋਈ ਜਿਸ ਵਿੱਚ ਪਾਰਟੀ ਪ੍ਰਧਾਨ ਅਤੇ ਸਾਬਕਾ ਸ਼ੈਸ਼ਨ ਜੱਜ ਪਰਮਿੰਦਰ ਪਾਲ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਪ੍ਰਧਾਨ ਪਰਮਿੰਦਰਪਾਲ ਸਿੰਘ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਤੋਂ ਲੈ ਕੇ ਅੱਜ ਤੱਕ ਪੰਜਾਬ ਵਿੱਚ ਵੱਖ ਵੱਖ ਪਾਰਟੀਆਂ ਦੀਆਂ ਸਰਕਾਰਾਂ ਨੇ ਸਮਾਜ ਦੇ ਲੋਕਾਂ ਪ੍ਰਤੀ ਘੱਟ ਸੋਚਿਆ ਅਤੇ ਆਪਣੀਆਂ ਜਾਇਦਾਦਾਂ ਬਣਾਉਣ ਅਤੇ ਆਪਣੇ ਪਰਿਵਾਰਾਂ ਨੂੰ ਉੱਚਾ ਚੁੱਕਣ ,ਪਰਿਵਾਰਵਾਦ ਪ੍ਰਤੀ ਹੀ ਸੋਚਿਆ ਤੇ ਕੰਮ ਕੀਤਾ ਹੈ। ਮਜ਼ਦੂਰਾਂ, ਕਿਸਾਨਾਂ , ਉਦਯੋਗ, ਰੁਜ਼ਗਾਰ , ਸਿੱਖਿਆ ਖੇਤਰ , ਸਿਹਤ ਖੇਤਰ ,ਪੰਜਾਬ ਦੇ ਵਿਕਾਸ ਮੁੱਦੇ 78 ਸਾਲ ਬੀਤ ਜਾਣ 'ਤੇ ਵੀ ਹੱਲ ਨਹੀ ਹੋਏ। ਮੀਟਿੰਗ ਵਿੱਚ ਸਟੇਟ ਪ੍ਰਧਾਨ ਕੁਲਵੰਤ ਸਿੰਘ ਮੱਲ੍ਹੀ, ਆਲ ਇੰਡੀਆ ਬੈਕਵਰਡ ਕਲਾਸਿਸ ਫੈਡਰੇਸ਼ਨ (ਯੂਨਿਟ ਪੰਜਾਬ), ਸਾਬਕਾ ਡਾਇਰੈਕਟਰ ਹੈਲਥ ਰਣਜੀਤ ਸਿੰਘ, ਉੱਘੇ ਸਮਾਜ ਸੇਵਕ ਨਿਰਮਲ ਸਿੰਘ ਸੋਖੀ, ਐਡਵੋਕੇਟ ਬਿਲਾਵਲ ਸਿੰਘ, ਜਸਪਾਲ ਸਿੰਘ ਭੁਪਾਲ ਡੀਲਰ ਕਾਰ ਬਜ਼ਾਰ , ਸਮਾਜ ਸੇਵਕ ਮੁੱਖਤਿਆਰ ਸਿੰਘ, ਅਮਰਿੰਦਰ ਸਿੰਘ ਵਿਰਦੀ, ਸਤਨਾਮ ਸਿੰਘ ਪਟਵਾਰੀ, ਗੁਰਦਿਆਲ ਸਿੰਘ, ਮੇਜਰ ਸਿੰਘ ਬੱਤਰਾ ਅਤੇ ਜਸਪਿੰਦਰ ਸਿੰਘ ਆਦਿ ਹਾਜ਼ਰ ਸਨ।

ਮਾਵਾਂ-ਧੀਆਂ ਸਤਿਕਾਰ ਯੋਜਨਾ ਤੇ ਸਿਹਤ ਸਕੀਮ ਲਾਗੂ ਕਰਨ 'ਚ ਕੋਹਲ਼ੀ ਦੀ ਅਹਿਮ ਭੂਮਿਕਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ) -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀ ਕਰਨ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਅਤੇ ਸਿਹਤ ਯੋਜਨਾ ਸਕੀਮ ਨੂੰ

ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਦੀ ਅਹਿਮ ਭੂਮਿਕਾ ਹੈ ! ਅਜੀਤ ਪਾਲ ਕੋਹਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਇਤਿਹਾਸਕ ਯੋਜਨਾ ਤਹਿਤ ਸੂਬੇ ਭਰ ਦੀਆਂ 75 ਲੱਖ ਤੋਂ ਵੱਧ ਯੋਗ ਔਰਤਾਂ ਨੂੰ ਹਰ ਮਹੀਨੇ 1,000 ਤੋਂ 1,500 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਪਿੰਡ-ਪਿੰਡ ਅਤੇ ਸ਼ਹਿਰੀ ਖੇਤਰਾਂ ਵਿੱਚ ਯੋਗ ਮਹਿਲਾਵਾਂ ਤੱਕ ਇਸ ਸਕੀਮ ਦਾ ਲਾਭ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਇਆ ਜਾ ਰਿਹਾ ਹੈ । ਉਹਨਾਂ ਨੇ ਅੱਗੇ ਕਿਹਾ ਕਿ ਪੰਜਾਬ ਦੀਆਂ ਧੀਆਂ ਅੱਜ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਤੇ ਮਾਨ ਸਰਕਾਰ ਵੱਲੋਂ 29,000 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ 3 ਲੱਖ ਔਰਤਾਂ ਨੂੰ 631 ਕਰੋੜ ਰੁਪਏ ਦੇ ਵਿਆਜ-ਮੁਕਤ ਕਰਜ਼ੇ ਦੇ ਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕੀਤਾ ਗਿਆ ਹੈ। ਉਹਨਾਂ ਕਿਹਾ ਕਿ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਦੀ ਸੁਵਿ

ਸਨਮਤੀ ਵਿਮਲ ਜੈਨ ਸਕੂਲ ਵਿਖੇ ਰੱਖੜੀ ਸੰਬੰਧੀ ਮੁਕਾਬਲੇ ਕਰਵਾਏ

ਜਗਰਾਉਂ (ਅਮਿਤ ਖੰਨਾ)- ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵਿਖੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਦੀ ਅਗਵਾਈ ਹੇਠ ਰੱਖੜੀ ਦੇ ਤਿਉਹਾਰ ਨੂੰ ਸਮਰਪਿਤ ਰੱਖੜੀ ਬਣਾਉਣ, ਰੱਖੜੀ ਕਾਰਡ ਬਣਾਉਣ ਅਤੇ ਥਾਲੀ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਤੀਜੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਵਿਦਿਆਰਥੀਆਂ ਨੇ ਰੰਗ-ਬਿਰੰਗੇ ਧਾਗਿਆਂ, ਰਿਬਨਾਂ, ਚਮਕਦੇ ਤਾਰਿਆਂ ਅਤੇ ਹੋਰ ਸਜਾਵਟੀ ਸਮੱਗਰੀ ਦੀ ਵਰਤੋਂ ਕਰਕੇ ਬੇਹੱਦ ਸੁੰਦਰ ਰੱਖੜੀਆਂ ਤਿਆਰ ਕੀਤੀਆਂ। ਇਸ ਤੋਂ ਇਲਾਵਾ ਬੱਚਿਆਂ ਨੇ ਥਾਲੀਆਂ ਨੂੰ ਮਿਠਾਈ, ਚੰਦਨ, ਦੀਵਿਆਂ ਅਤੇ ਹੋਰ ਸਜਾਵਟੀ ਵਸਤੂਆਂ ਨਾਲ ਸਜਾ ਕੇ ਆਪਣੀ ਰਚਨਾਤਮਕ ਕਲਾ ਦਾ ਪ੍ਰਦਰਸ਼ਨ ਕੀਤਾ। ਤੀਜੀ ਜਮਾਤ ਦੇ ਮੁਕਾਬਲੇ ਵਿੱਚ ਅਗਸਤ ਅਤੇ ਇਸ਼ਮੀਤ ਕੌਰ ਨੇ ਪਹਿਲਾ, ਪਾਂਖੁੜੀ ਅਤੇ ਹਰਨਾਜ ਕੌਰ ਨੇ ਦੂਜਾ ਅਤੇ ਗੌਰਵ ਅਤੇ ਤਨਵੀਰ ਨੇ ਤੀਜਾ ਸਥਾਨ ਹਾਸਲ ਕੀਤਾ। ਚੌਥੀ ਜਮਾਤ ਦੇ ਰੱਖੜੀ ਬਣਾਉਣ ਮੁਕਾਬਲੇ ਵਿੱਚ ਜਸਨੀਤ ਕੌਰ ਅਤੇ ਨਵਜੋਤ ਕੌਰ ਨੇ ਪਹਿਲਾ, ਮਾਹੀ ਮੋਗੀ ਅਤੇ ਹਰਸਹਿਜ ਸਿੰਘ ਨੇ ਦੂਜਾ ਅਤੇ ਰਮਨਜੀਤ ਕੌਰ ਅਤੇ ਦਲਜੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਰਡ ਬਣਾਉਣ ਦੇ ਮੁਕਾਬਲੇ ਵਿੱਚ ਪੰਜਵੀਂ ਜਮਾਤ ਦੀ ਉਜਾਲਾ ਕੁਮਾਰੀ ਅਤੇ ਸ਼ਗਨਪ੍ਰੀਤ ਕੌਰ ਨੇ ਪਹਿਲਾ, ਰਿਸ਼ਵ ਅਤੇ ਸੁਖਮਨਦੀਪ ਕੌਰ ਨੇ ਦੂਜਾ ਅਤੇ ਖੇਮ ਸਾਊਦ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਇਸ ਮੌਕੇ ਅਵਨੀਤ ਕੌਰ, ਸੁਨੀਤਾ ਰਾਣੀ, ਨਵੀਨ ਗੁਪਤਾ, ਪਾਇਲ ਗਰਗ, ਨਿਰਮਲਜੀਤ ਕੌਰ, ਕੁਲਦੀਪ ਕੌਰ, ਇੰਦਰਪ੍ਰੀਤ ਕੌਰ, ਆਰਤੀ ਗੁਪਤਾ, ਪੂਨਮ ਰਾਣੀ, ਹਿਤੂ ਸਿੰਗਲਾ ਆਦਿ ਸਟਾਫ ਮੈਂਬਰ ਹਾਜ਼ਰ ਸਨ।

ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕਰੇ ਪੰਜਾਬ ਸਰਕਾਰ : ਪ੍ਰਨੀਤ ਕੌਰ ਤੇ ਜੈ ਇੰਦਰ ਕੌਰ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬ ਅੰਦਰ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਪਣੇ ਹੱਕਾਂ ਲਈ ਚਲਾਏ ਜਾ ਰਹੇ ਅੰਦੋਲਨ ਦਾ ਪੂਰਨ ਸਮਰਥਨ ਕਰਦਿਆਂ ਸਾਬਕਾ ਮੈਂਬਰ ਪਾਰਲੀਮੈਂਟ ਪ੍ਰਨੀਤ ਕੌਰ ਅਤੇ ਭਾਜਪਾ ਸੂਬਾ ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁਲਾਜ਼ਮਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਦਾ ਬਿਨਾਂ ਕਿਸੇ ਦੇਰੀ ਤੁਰੰਤ ਨਿਪਟਾਰਾ ਕੀਤਾ ਜਾਵੇ।ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪ੍ਰਨੀਤ ਕੌਰ ਨੇ ਕਿਹਾ ਕਿ ਮਾਨਯੋਗ ਹਾਈ ਕੋਰਟ ਨੇ ਪਿਛਲੇ ਦਿਨੀਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ 18 ਫੀਸਦੀ ਡੀ.ਏ. ਦੇਣ ਦਾ ਇਤਿਹਾਸਕ ਫੈਸਲਾ ਸੁਣਾਉਂਦਿਆਂ ਇਸ ਨੂੰ 15 ਦਿਨਾਂ ਦੇ ਅੰਦਰ ਲਾਗੂ ਕਰਨ ਦੀ ਹਦਾਇਤ ਕੀਤੀ ਸੀ ਪਰੰਤੂ ਬੜੀ ਹੈਰਾਨੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਅਜੇ ਤੱਕ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਡੀ.ਏ. ਦੇਣ ਦਾ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਦੇਸ਼ ਦੀ ਇੱਕੋ-ਇੱਕ ਅਜਿਹੀ ਰਾਜ ਸਰਕਾਰ ਹੈ ਜਿੱਥੇ ਮੁਲਾਜ਼ਮਾਂ ਨੂੰ ਮਹਿਜ਼ 42% ਡੀ.ਏ. ਮਿਲ ਰਿਹਾ ਹੈ, ਜਦ ਕਿ ਕੇਂਦਰੀ ਮੁਲਾਜ਼ਮਾਂ ਦਾ ਡੀ.ਏ. ਵਧ ਕੇ 60% ਹੋ ਚੁੱਕਾ ਹੈ। ਜੈ ਇੰਦਰ ਕੌਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵੱਡਾ ਵਾਅਦਾ ਕਰਕੇ ਮੁੱਕਰ ਚੁੱਕੀ ਹੈ।

ਬਸਰਾ ਦੁਆਬਾ ਜ਼ੋਨ ਦੇ ਮੀਡੀਆ ਕੋਆਰਡੀਨੇਟਰ ਨਿਯੁਕਤ

ਜਲੰਧਰ- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸੀਨੀਅਰ ਪੱਤਰਕਾਰ ਪ੍ਰਦੀਪ ਸਿੰਘ ਬਸਰਾ ਬਾਬਾ ਈਸ਼ਰ ਸਿੰਘ ਨਗਰ ਫੋਲੜੀਵਾਲ ਜਲੰਧਰ ਨੂੰ ਦੁਆਬਾ ਜ਼ੋਨ ਦਾ ਮੀਡੀਆ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।

ਵੱਖ-ਵੱਖ ਯੂਨੀਅਨਾਂ ਵੱਲੋਂ ਪੰਜਾਬ ਬੰਦ ਨੂੰ ਸਮਰਥਨ

ਲੁਧਿਆਣਾ (ਸਤੀਸ਼ ਸਚਦੇਵਾ) - ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ ਸੂਬਾ ਪੱਧਰੀ ਮੀਟਿੰਗ ਵਿੱਚ 27 ਅਗਸਤ ਨੂੰ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਕੀਤੇ ਜਾ ਰਹੇ ਪੰਜਾਬ ਬੰਦ ਦੇ ਸੱਦੇ ਨੂੰ ਪੂਰਨ ਸਮਰਥਨ ਦੇਣ ਦਾ ਫ਼ੈਸਲਾ ਕੀਤਾ ਗਿਆ। ਇਹ ਜਾਣਕਾਰੀ ਯੂਨੀਅਨ ਦੀ ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ, ਜਨਰਲ ਸਕੱਤਰ ਸੁਭਾਸ਼ ਰਾਣੀ, ਵਿੱਤ ਸਕੱਤਰ ਅਮਰਿਤ ਪਾਲ ਕੌਰ, ਵਾਈਸ ਪ੍ਰਧਾਨ ਕ੍ਰਿਸ਼ਨਾ ਕੁਮਾਰੀ , ਸੂਬਾ ਸਕੱਤਰ ਮੰਦੀਪ ਕੁਮਾਰੀ ਤੇ ਰਣਜੀਤ ਕੌਰ ਨੇ ਦਿੱਤੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ।

ਮਿਸਾਲੀ ਸ਼ਮੂਲੀਅਤ ਹੋਵੇਗੀ-ਡੀ ਟੀ ਐਫ

ਲੁਧਿਆਣਾ (ਸਤੀਸ਼ ਸਚਦੇਵਾ) : ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਮੰਗਾਂ ਨੂੰ ਮੰਨਣ ਤੋਂ ਇਨਕਾਰੀ ਹੋ ਕੇ ਮੁਲਾਜ਼ਮਾਂ ਖ਼ਿਲਾਫ਼ ਦੁਸ਼ਮਣੀ ਵਾਂਗ ਵਿਰੋਧ ਵਿੱਚ ਖੜੀ ਹੋ ਚੁੱਕੀ ਆਪ ਸਰਕਾਰ ਖਿਲਾਫ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ 27 ਅਗਸਤ ਨੂੰ ਉਲੀਕੇ ਪੰਜਾਬ ਮਹਾਂਬੰਦ ਵਿੱਚ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਮਿਸਾਲੀ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ ਹੈ। ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਰਮਨਜੀਤ ਸਿੰਘ ਸੰਧੂ ਅਤੇ ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਗਿੱਲ ਨੇ ਕਿਹਾ ਕਿ ਪਿਛਲੇ ਤਕਰੀਬਨ ਪੰਜ ਸਾਲਾਂ ਵਿੱਚ ਮੁਲਾਜ਼ਮਾਂ/ਪੈਨਸ਼ਨਰਾਂ ਦੇ ਕਿਸੇ ਵੀ ਵਰਗ ਦੀਆਂ ਮੰਗਾਂ ਨੂੰ ਹੱਲ ਕਰਨ ਵਿੱਚ ਨਕਾਮ ਸਾਬਤ ਹੋਈ ਭਗਵੰਤ ਮਾਨ ਸਰਕਾਰ ਹੁਣ ਹਾਈ ਕੋਰਟ ਅਤੇ ਜਨਤਕ ਤੌਰ 'ਤੇ ਮੁਲਾਜ਼ਮਾਂ ਦੇ ਵਿਰੋਧ ਵਿੱਚ ਖੜ ਚੁੱਕੀ ਹੈ।ਜਿਸ ਦੇ ਪ੍ਰਤੀਕਰਮ ਵੱਜੋਂ ਪੰਜਾਬ ਸਰਕਾਰ ਖਿਲਾਫ ਮੁਲਾਜ਼ਮਾਂ ਦਾ ਰੋਹ ਸਿਖਰ 'ਤੇ ਹੈ।

ਮੋਗਾ ਵਿਖੇ ਅੱਜ ਹੋਵੇਗੀ ਵਿਸ਼ਾਲ ਰੈਲੀ

ਮੋਗਾ (ਇਕਬਾਲ ਸਿੰਘ ਖਹਿਰਾ) - ਮੁਲਾਜਮ ਤੇ ਪੈਨਸ਼ਨਰਜ ਸਾਂਝਾ ਫਰੰਟ/ ਸਾਂਝਾ ਮੰਚ ਦੀ ਮੀਟਿੰਗ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ 27 ਅਗਸਤ ਦੇ ਪ੍ਰੋਗਰਾਮ ਨੂੰ ਸਫ਼ਲ ਕਰਨ ਲਈ ਸ਼ਹੀਦ ਨਛੱਤਰ ਸਿੰਘ ਭਵਨ ਵਿਖੇ ਹੋਈ। ਇਸ ਮੀਟਿੰਗ ਵਿਚ ਜਗਦੀਸ਼ ਸਿੰਘ ਚਹਿਲ, ਦਿਗਵਿਜੈ ਸ਼ਰਮਾਂ, ਸੁਰਜੀਤ ਸਿੰਘ ਗਗੜਾ, ਬਲੌਰ ਸਿੰਘ ਘਾਲੀ, ਰਾਜਿੰਦਰ ਸਿੰਘ ਰਿਆੜ, ਕੁਲਵੀਰ ਸਿੰਘ ਢਿੱਲੋਂ, ਗੁਰਜੰਟ ਸਿੰਘ ਕੋਕਰੀ, ਗੁਰਮੇਲ ਸਿੰਘ ਨਾਹਰ, ਕੁਲਦੀਪ ਸਿੰਘ, ਸੁਖਮੰਦਰ ਸਿੰਘ, ਪ੍ਰੇਮ ਕੁਮਾਰ, ਜਗਰੂਪ ਸਿੰਘ ਪੀ.ਐਸ.ਪੀ.ਸੀ. ਐਲ, ਭੁਪਿੰਦਰ ਸਿੰਘ ਸੋਢੇਂ, ਰਾਮ ਕਿਸ਼ਨ, ਗੁਰਪ੍ਰੀਤ ਸਿੰਘ, ਰਾਜਦੀਪ ਸਿੰਘ, ਕਮਲਜੀਤ ਸਿੰਘ, ਤੇਜਿੰਦਰ ਪਾਲ ਸਿੰਘ ਅਧਿਆਪਕ ਦਲ , ਕੁਲਵਿੰਦਰ ਸਿੰਘ ਆਦਿ ਆਗੂ ਸ਼ਾਮਲ ਹੋਏ।ਸੁਰਿੰਦਰ ਰਾਮ ਕੁੱਸਾ ਨੇ ਦੱਸਿਆ 27 ਅਗਸਤ ਨੂੰ 11 ਵਜੇ ਰੈਲੀ ਦਾ ਸਥਾਨ ਡੀ.ਸੀ. ਦਫ਼ਤਰ ਮੋਗਾ ਵਿਖੇ ਹੋਵੇਗਾ। ਇਸ ਵਿਸ਼ਾਲ ਰੈਲੀ ਵਿਚ ਵੱਡੀ ਗਿਣਤੀ ਵਿਚ ਮੁਲਾਜਮ ਤੇ ਪੈਨਸ਼ਨਰ ਸ਼ਾਮਿਲ ਹੋਣਗੇ।

ਕਲਾਸੀਫਾਈਡ ਇਸ਼ਤਿਹਾਰ

Change of Name

I, LINCE SHIJOMON D/O JOY ADAKKEPARAMBIL AUGUSTHY WHOSE PERMANENT ADDRESS IN INDIA VADAKKEPARAMBIL, ARAKULAM P O, IDUKKI PIN : 685591, KERALA AND NOW LIVING AT 12 CALDER ROAD, WORCESTER, WR5 1LT, UK HEREBY GIVE NOTICE OF MY INTENTION TO CHANGE MY NAME TO LINCE (GIVEN NAME) V JOY (SURNAME). (U/I)

I, MR JASPREET SINGH SON OF MR AJMAIL SINGH WHOSE PERMANENT ADDRESS IN INDIA IS VPO JAGATPUR JATTAN, TEH PHAGWARA, DIST KAPURTHALA, PIN 144402, PUNJAB AND NOW LIVING AT 34 WINDERMERE WAY, SLOUGH, SL1 6EL, UK HEREBY GIVE NOTICE OF MY INTENTION TO CHANGE MY NAME TO JASPREET SINGH JOHAL. (U/I)

I, Kavita W/o Sunil Kumar R/o Tarlokpura, District Kapurthala, Punjab, India do hereby declare that I have changed my name from Kavita to Kavita Shergill.All concerned note please.

I, Mrs. Yashika Aggarwal D/o Vinod Aggarwal, R/o 327/7 Central Town, Jalandhar have changed my name Yashika to Yashika Aggarwal. Yashika and Yashika Aggarwal are the same and one person. Concerned please note.

I, Kulvinder kaur W/o Ranjit Singh R/o H.no 207, Hardev nagar, Basti Guzan Jalandhar Punjab 144002 have changed my name from Kulvinder kaur to Kulwinder kaur.

I ,Prem Paul Mehra S/o Mela Ram Mehra R/o House No W B 251, Ali Mohalla, Distt Jalandhar Punjab 144001, I have changed my name from Prem Paul Mehra to Prem Pal Mehra and declare that Prem Pal is my given name and Mehra is my Surname.

I, Ranjit Kumar S/o Rattan Gopal R/o V.PO. Khurla Kingra, Near Sai Mandir, Khurla, Distt. Jalandhar have changed my minor daughter's name from Simranjeet Kaur to Given name as Simranjeet and Kaur as Surname. All please note.

I, Navjot Singh S/o Ajmer Singh R/o V.PO. Jagral, Near Singh Sabha Gurudwara, Distt. Jalandhar have changed my name from Navjot Singh to Given name as Navjot and Singh as Surname.

I, Binder S/O Piara R/O Vill-Bakhu Nangal, P.o Pattar Kalan, Distt Jalandhar, Punjab Have Changed My Name From Binder To Binder Singh. All Concerned Note.

I, Rajesh Kumar Kochhar S/O Chaman Lal Resident Of H. No. 99, Gurudwara Street Satya Narayan Mandir, Dilbagh Nagar Basti Guzan, Jalandhar, Punjab Have Changed My Name From Rajesh Kumar Kochhar To Rajesh Kochhar. All Concerned Please Note.

I, Ajit Ram S/o Khiali Ram Village Nagdipur Post Office Khushalpur Teh. Garhshankar Distt. Hoshiarpur (Punjab) declared that I have changed my name from Ajit Ram to Ajit Singh. For all future purposes. All concerned note.

I, Hasrat Singh Mahal W/o Sanampreet Singh Mahal R/o H.No. 526-A, New Amritsar, Amritsar have changed my name from Hasrat Singh to Hasrat Singh Mahal

I, Gurmukh Singh S/o Bachint Singh R/o 1807/5, Gali Narwaria Wali, Chowk Manna Singh, Amritsar have changed my name from Gurmukh Singh to Gurmukh Singh Tagar

I Harvinder Singh Sekhon S/o Partap Singh R/o H.No.68, Shri Guru Arjan Dev Enclave Colony, Adliwala Road, Raja Sansi Amritsar have changed my name from Harvinder Singh Sekhon To Harwinder Singh Sekhon. All Please Note.

I, Radhika and Radhika Agnihotri W/o Charanjit Agnihotri R/o H.No.42 C, Mall Road, Amritsar have declare that above both names are mine one and same person.

I, Baj Singh S/o Gurmej Singh R/o Plot No 70-71, Abadi Bir Enclave Colony, Wadhawa Singh Colony, Tarn Taran Road, Amritsar have declare that Baj is my Given name and Singh is my Surname.

I, Kanwaljit Singh Makker S/o Gurcharan Singh R/o 115, Shaheed Udham Singh Nagar, Jalandhar, Punjab have changed my name from Kanwaljit Singh Makker to Kanwaljit Singh Makkar. All concerned please note.

Change of Name

I, Chandra Kanta d/o Basava Nand Sati w/o Narinder Sharma r/o H.No. 36, Tarlok Avenue, Salempur Musalmana, Jalandhar have changed my name to Kavita Sharma, after marriage. All Please Note.

I, Shaveta Sharma w/o Late Munish Sharma r/o 39, Green Avenue, Backside M.S. Farm Basti Peer Daad Road, Jalandhar That I Assure You That Shaveta Sharma as well as Savita Sharma one and same person. All Please Note.

I, Krishan Singh S/o Ram Singh R/o Village Fazlabad, Distt. Kapurthala, Punjab have changed my name from Krishan Singh to Singh Krishan (Singh as Surname).

I, Fathima Wasim Alias Yashika Shalabh Saxena D/o Mohammed Wasiuddin Dadni W/o Shalabh Saxena R/o B-604 Lifestyle Blu Salaiya, Salaiya, Bhopal, Salaiya, PO: Bawadia Kalan, Dist: Bhopal, Madhya Pradesh - 462026 have changed my name and shall here after be known as Yashika Shalabh Saxena. I have changed only my name, not my Religion.

I, Neeraj Alias Neeraj Kumar Sharma S/o Pardeep Kumar R/o Ward No. 8, Lohian Khas, Tehsil Shahkot, Jalandhar, Punjab, 144629 have changed my name and shall here after be known as Neeraj Kumar Sharma.

I, Kamaljit S/o Dev Raj R/o Village Harsi Pind, Teh. Tanda, Distt. Hoshiarpur, Punjab-144212. I have changed the name of my son from Vishal Kumar to Vishal Kumar Minhas.

I, Ravi Kumar Jhamat son of Surjan Lal resident of H.No. 180, Street No. 4, Professor Colony, Near Rama Mandi, Jalandhar, Punjab have changed my name from Ravi Kumar to Ravi Kumar Jhamat. All concerned please note.

I, Baljinder Singh S/o Balkar Singh R/o H.No. 132, Dhaliwal Dona, Kapurthala, Punjab-144601 have changed my name from Baljinder Singh to Given Name Baljinder & Surname as Singh. All concerned please note.

I Gurshan Singh Makker S/o Kanwaljit Singh Makkar R/o 115, Shaheed Udham Singh Nagar, Jalandhar, Punjab have changed my name from Gurshan Singh Makker to Gurshaan Singh Makkar. All concerned please note.

I Arashdeep Singh S/O Surinder Singh R/O Vill Pandori Musharkati, P.O Bundala Teh Phillaur, Jalandhar, Punjab 144034 Have Changed my Name From Arashdeep Singh To Arashdeep As My Given Name And Singh As My Surname. All Concerned Please Note.

I, Hafsa Fazal Malkana D/o Fazal Ahmad Malkana R/o Mohalla Ahmadiyya, Qadian, Teh Batala, Distt Gurdaspur, pin 143516 (punjab) India, my passport number is L6889300, in Passport my name has written HAFSAH FAZAL and my mother has written NAHEED KAUSAR, I Want change my name in passport as Hafsa Fazal Malkana and My mother as Naheed Kaussar Malkana. Pls all concerned note.

I Roop Mati W/o Kallu R/o H.No. 10/11, Jalandhar Kunj, PO Nagra, Jalandhar-144013, certified that Roop Mati as well as Guddia, both names belongs to one and same person. Please Note.

ਨਾਂਅ ਦੀ ਬਦਲੀ

ਮੈਂ, ਰਾਹੁਲ ਚੌਹਾਨ ਪੁੱਤਰ ਸ਼ੰਭੂ ਚੌਹਾਨ, ਵਾਸੀ ਵਾਰਡ ਨੰਬਰ 8, ਤੋਤਾਪੁਰੀ ਰੋਡ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਰਾਹੁਲ ਕੁਮਾਰ ਰੱਖ ਲਿਆ ਹੈ।

ਮੈਂ ਵੀਰੋ ਬਾਈ ਪਤਨੀ ਬੁੱਧ ਸਿੰਘ ਵਾਸੀ ਮੇਘਾ ਰਾਏ ਹਿਠਾੜ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਨੇ ਆਪਣਾ ਨਾਂਅ ਅਮੀਰ ਕੌਰ ਤੋਂ ਬਦਲ ਕੇ ਵੀਰੋ ਬਾਈ ਰੱਖ ਲਿਆ ਹੈ। ਅੱਜ ਤੋਂ ਬਾਅਦ ਮੈਨੂੰ ਵੀਰੋ ਬਾਈ ਦੇ ਨਾਂਅ ਨਾਲ ਜਾਣਿਆ ਜਾਵੇ। ਸੰਬੰਧਤ ਨੋਟ ਕਰਨ।

ਮੈਂ, ਕੋਮਲ ਪਤਨੀ ਸ਼੍ਰੀ ਸ਼ਾਲਿੰਦਰ ਵਾਸੀ 1004, ਗਲੀ 5, ਬਟਾਲਾ ਰੋਡ, ਗੁਰੂ ਨਾਨਕ ਨਗਰ, ਅੰਮ੍ਰਿਤਸਰ-143001 ਸੂਚਿਤ ਕਰਦੀ ਹਾਂ ਕਿ ਵਿਆਹ ਤੋਂ ਪਹਿਲਾ ਮੇਰਾ ਨਾਮ ਗੀਤਾ ਸੀ ਅਤੇ ਵਿਆਹ ਤੋਂ ਬਾਅਦ ਮੈਂ ਆਪਣਾ ਨਾਮ ਗੀਤਾ ਤੋਂ ਬਦਲ ਕੇ ਕੋਮਲ ਕਰ ਲਿਆ ਹੈ। ਗੀਤਾ ਅਤੇ ਕੋਮਲ ਦੋਵੇਂ ਨਾਮ ਮੇਰੇ ਹੀ ਹਨ।

ਮੈਂ, ਸਰਬਜੀਤ ਕੌਰ ਪੁੱਤਰੀ ਰਛਪਾਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਕਾਲਰਾ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੇ ਪਿਤਾ ਦੇ ਅਧਾਰ ਕਾਰਡ, ਪੈਨ ਕਾਰਡ, ਫੌਜ ਦੇ ਐਂਡਟੀ ਕਾਰਡ ਅਤੇ ਹੋਰ ਸਾਰੇ ਡਾਕੂਮੈਂਟਸ ਵਿੱਚ ਰਛਪਾਲ ਸਿੰਘ ਨਾਮ ਚੱਲਦਾ ਹੈ ਅਤੇ ਮਾਲ ਰਿਕਾਰਡ ਵਿੱਚ ਰਾਜਪਾਲ ਸਿੰਘ ਦਰਜ ਹੈ। ਉਪਰੋਕਤ ਦੋਵੇਂ ਨਾਮ ਰਛਪਾਲ ਸਿੰਘ ਤੇ ਰਾਜਪਾਲ ਸਿੰਘ ਇੱਕ ਹੀ ਵਿਅਕਤੀ ਦੇ ਹਨ।

ਬੇਦਖਲੀ ਨੋਟਿਸ

ਮੈਂ ਗੁਰਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਗੋਬਿੰਦਪੁਰਾ ਤਹਿਸੀਲ ਬੁਢਲਾਡਾ ਜ਼ਿਲ੍ਹਾ ਮਾਨਸਾ ਦੀ ਪੁੱਤਰੀ ਰਨਦੀਪ ਕੌਰ ਪੁੱਤਰੀ ਗੁਰਦੀਪ ਸਿੰਘ ਬੁਰੀ ਸੰਗਤ ਵਿੱਚ ਪੈ ਗਈ ਹੈ , ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋ ਬਾਹਰ ਹੈ, ਜਿਸ ਨਾਲ ਹੁਣ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਾਲੂਕ ਵਾਸਤਾ ਨਹੀਂ। ਮੈਂ ਉਸ ਨੂੰ ਆਪਣੀ ਸਮੂਹ ਚੱਲ ਅਤੇ ਅਚੱਲ ਜਾਇਦਾਦ ਤੋਂ ਬੇ-ਦਖਲ ਕਰਦਾ ਹਾਂ। ਰਨਦੀਪ ਕੌਰ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਤ ਨੋਟ ਕਰਨ।

ਮੈਂ ਗੁਰਮੇਲ ਸਿੰਘ ਪੁੱਤਰ ਗੁਲਜਾਰਾ ਸਿੰਘ ਵਾਸੀ ਪਿੰਡ ਨਡਾਲੋਂ ਤਹਿਸੀਲ ਗੜ੍ਹਸ਼ੰਕਰ ਜਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਾਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ

ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਇਆ ਜਾਵੇ : ਡਿਪਟੀ ਕਮਿਸ਼ਨਰ

ਜਲੰਧਰ (ਸੁਰਿੰਦਰ ਕੁਮਾਰ)- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਵੱਖ-ਵੱਖ ਵਿਭਾਗਾਂ ਅਤੇ ਪੰਜਾਬ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਦੇ ਨਾਲ ਵਪਾਰੀਆਂ ਨੂੰ ਦਰਪੇਸ਼ ਮੁਸ਼ਕਿਲਾਂ ਤੇ ਸ਼ਿਕਾਇਤਾਂ ਦਾ ਸਮੱਸਿਆਵਾਂ ਤੇ ਸ਼ਿਕਾਇਤਾਂ ਦਾ ਨਿਰਧਾਰਿਤ ਸਮੇਂ ਵਿੱਚ ਪਾਰਦਰਸ਼ੀ ਢੰਗ ਨਾਲ ਹੱਲ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਵਪਾਰੀ ਵਰਗ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਜਾਂ ਬੇਲੋੜੀ ਦੇਰੀ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਤੇ ਕਮਿਸ਼ਨ ਦੇ ਜ਼ਿਲ੍ਹਾ ਤੇ ਹਲਕਾ ਪੱਧਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ www.punjabdisewa.com ਪੋਰਟਲ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇ ਅਤੇ ਪੋਰਟਲ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਆਪਣੇ ਵਪਾਰ ਤੇ ਕਾਰੋਬਾਰ ਲਈ ਹੋਰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।

ਮਹਿਲਾ ਕਾਂਗਰਸ ਪੰਜਾਬ ਦਾ ਜਥਾ ਮਹਿੰਗਾਈ ਖ਼ਿਲਾਫ਼ ਧਰਨੇ ਲਈ ਰਵਾਨਾ

ਮੋਹਾਲੀ (ਗੁਰਜੀਤ ਬਿੱਲਾ)- ਮਹਿਲਾ ਕਾਂਗਰਸ ਪੰਜਾਬ ਦੀ ਕਾਰਜਕਾਰੀ ਪ੍ਰਧਾਨ ਬਲਜੀਤ ਕੌਰ ਦੀ ਅਗਵਾਈ ਹੇਠ ਮਹਿਲਾ ਕਾਂਗਰਸ ਪੰਜਾਬ ਦਾ ਇੱਕ ਵੱਡਾ ਜਥਾ ਭਾਜਪਾ ਸਰਕਾਰ ਦੀਆਂ ਨੀਤੀਆਂ ਅਤੇ ਲਗਾਤਾਰ ਵਧ ਰਹੀ ਮਹਿੰਗਾਈ ਦੇ ਵਿਰੋਧ ਵਿੱਚ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਇਆ। ਇਹ ਧਰਨਾ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਦੀ ਅਗਵਾਈ ਹੇਠ ਦਿੱਤਾ ਜਾ ਰਿਹਾ ਹੈ। ਇਸ ਦੌਰਾਨ ਮਹਿਲਾ ਕਾਂਗਰਸ ਦੀਆਂ ਆਗੂਆਂ ਅਤੇ ਵਰਕਰਾਂ ਨੇ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਵਧ ਰਹੀ ਮਹਿੰਗਾਈ ਨੇ ਆਮ ਲੋਕਾਂ, ਖ਼ਾਸ ਕਰਕੇ ਘਰੇਲੂ ਔਰਤਾਂ ਦਾ ਬਜਟ ਵਿਗਾੜ ਕੇ ਰੱਖ ਦਿੱਤਾ ਹੈ।

ਬਲਜੀਤ ਕੌਰ ਨੇ ਕਿਹਾ ਕਿ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ, ਰਸੋਈ ਗੈਸ, ਖਾਣ-ਪੀਣ ਦੀਆਂ ਚੀਜ਼ਾਂ ਅਤੇ ਹੋਰ ਜ਼ਰੂਰੀ ਸਮਾਨ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ ਆਮ ਪਰਵਾਰ ਬਹੁਤ ਪ੍ਰੇਸ਼ਾਨ ਹਨ। ਉਨ੍ਹਾਂ ਕਿਹਾ ਕਿ ਮਹਿਲਾ ਕਾਂਗਰਸ ਪੰਜਾਬ ਹਮੇਸ਼ਾ ਲੋਕਾਂ ਦੀ ਆਵਾਜ਼ ਬਣ ਕੇ ਮਹਿੰਗਾਈ ਅਤੇ ਜਨ-ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਅੱਜ ਦਾ ਇਹ ਰੋਸ ਪ੍ਰਦਰਸ਼ਨ ਭਾਜਪਾ ਸਰਕਾਰ ਨੂੰ ਜਗਾਉਣ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਦਿਵਾਉਣ ਲਈ ਕੀਤਾ ਜਾ ਰਿਹਾ ਹੈ।

ਸਿੰਗੜੀਵਾਲ 'ਚ 'ਮੁੱਖ ਮੰਤਰੀ ਖੇਡ ਮੈਦਾਨ' ਦਾ ਉਦਘਾਟਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪਿੰਡ ਸਿੰਗੜੀਵਾਲ ਦੇ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪਿੰਡ ਵਿੱਚ ਨਵੇਂ ਬਣਾਏ ਗਏ 'ਮੁੱਖ ਮੰਤਰੀ ਖੇਡ ਮੈਦਾਨ' ਦਾ ਉਦਘਾਟਨ ਪੰਜਾਬ ਦੇ ਜੇਲਾਂ, ਪ੍ਰਵਾਸੀ ਭਾਰਤੀ ਅਤੇ ਸੰਸਦੀ ਕਾਜ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਅਤੇ ਖਿਡਾਰੀਆਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ। ਉਦਘਾਟਨ ਉਪਰੰਤ ਮੰਤਰੀ ਨੇ ਖੇਡ ਮੈਦਾਨ ਦਾ ਜਾਇਜ਼ਾ ਲੈਂਦਿਆਂ ਨੌਜਵਾਨਾਂ ਨਾਲ ਗੱਲਬਾਤ ਵੀ ਕੀਤੀ। ਆਪਣੇ ਸੰਬੋਧਨ ਵਿੱਚ ਕੈਬਿਨਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਖੇਡ ਸਹੂਲਤਾਂ ਦੇਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਆਤਮ-ਵਿਸ਼ਵਾਸ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ 1,794 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ ਜਿਸ ਨਾਲ ਪੰਜਾਬ ਦੇ ਵਿੱਚ ਖੇਡਾਂ ਨੂੰ ਹੋਰ ਬਲ ਮਿਲੇਗਾ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ 3,148 ਖੇਡ ਮੈਦਾਨ ਅਤੇ 6,000 ਪਿੰਡਾਂ ਵਿੱਚ ਜਿਮ ਸਥਾਪਿਤ ਕੀਤੇ ਜਾਣਗੇ ਜਿਸ ਨਾਲ ਸਥਾਪਤ ਕੀਤੇ ਜਾ ਰਹੇ ਖੇਡ ਸੱਭਿਆਚਾਰ ਨੂੰ ਵੀ ਮਜ਼ਬੂਤੀ ਮਿਲੇਗੀ । ਕੈਬਿਨਟ ਮੰਤਰੀ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾਅਫਜਾਈ ਕੀਤੀ ਅਤੇ ਪੂਰੀ ਮਿਹਨਤ ਤੇ ਲਗਨ ਨਾਲ ਖੇਡਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਖੇਡ ਮੈਦਾਨ ਬਣਾਉਣਾ ਹੀ ਨਹੀਂ, ਸਗੋਂ ਇਨ੍ਹਾਂ ਮੈਦਾਨਾਂ ਨੂੰ ਨੌਜਵਾਨਾਂ ਦੀ ਸਰਗਰਮ ਖੇਡ ਗਤੀਵਿਧੀਆਂ ਦਾ ਕੇਂਦਰ ਬਣਾਉਣਾ ਹੈ।

ਖੁੱਡੀਆਂ ਨੇ ਨਵ-ਨਿਯੁਕਤ ਉਮੀਦਵਾਰਾਂ ਨੂੰ ਸੌਂਪੇ ਨਿਯੁਕਤੀ ਪੱਤਰ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਵਿਭਾਗ ਦੇ ਚਾਰ ਨਵ-ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਨ੍ਹਾਂ ਨਵ-ਨਿਯੁਕਤ ਉਮੀਦਵਾਰਾਂ ਵਿੱਚ ਤਿੰਨ ਕਲਰਕ ਅਤੇ ਇੱਕ ਗਰੁੱਪ-ਡੀ ਕਰਮਚਾਰੀ ਸ਼ਾਮਲ ਹੈ। ਇਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਖੁੱਡੀਆਂ ਨੇ ਉਨ੍ਹਾਂ ਨੂੰ ਆਪਣੀ ਡਿਊਟੀ ਪੂਰੀ ਲਗਨ, ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਕਰਨ ਲਈ ਪ੍ਰੇਰਿਆ। ਕੈਬਿਨਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੱਤਾ ਸੰਭਾਲਣ ਤੋਂ ਬਾਅਦ ਵੱਖ-ਵੱਖ ਵਿਭਾਗਾਂ ਵਿੱਚ 69,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਖੁੱਡੀਆਂ ਨੇ ਕਿਹਾ, ਅਸੀਂ ਸਿਰਫ਼ ਖਾਲੀ ਅਸਾਮੀਆਂ ਹੀ ਨਹੀਂ ਭਰ ਰਹੇ, ਸਗੋਂ ਇੱਕ ਮਜ਼ਬੂਤ ਅਤੇ ਵਧੇਰੇ ਕੁਸ਼ਲ ਪ੍ਰਸ਼ਾਸਨ ਵੀ ਦੇ ਰਹੇ ਹਾਂ। ਅਸੀਂ ਹਰੇਕ ਯੋਗ ਨੌਜਵਾਨ ਨੂੰ ਪੰਜਾਬ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦਾ ਮੌਕਾ ਯਕੀਨੀ ਬਣਾ ਰਹੇ ਹਾਂ। ਇਸ ਮੌਕੇ ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਸ੍ਰੀ ਪਰਮਦੀਪ ਸਿੰਘ ਵਾਲੀਆ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਮਾਨ ਦੀ ਮਾਤਾ ਨਾਲ ਗੁਰਪ੍ਰੀਤ ਸਿੰਘ ਸੋਨਾ ਨੇ ਕੀਤੀ ਮੁਲਾਕਾਤ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਐਂਟੀ ਡਰੱਗ ਕਲੱਬ ਦੁਆਬਾ ਦੇ ਵਾਈਸ ਪ੍ਰੈਜ਼ੀਡੈਂਟ ਗੁਰਪ੍ਰੀਤ ਸਿੰਘ ਸੋਨਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮਾਤਾ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਇਲਾਕੇ ਵਿੱਚੋਂ ਨਸ਼ੇ ਦੀ ਸਮੱਸਿਆ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਸੰਬੰਧੀ ਵਿਚਾਰ-ਵਟਾਂਦਰਾ ਕੀਤਾ। ਸੋਨਾ ਨੇ ਮੁੱਖ ਮੰਤਰੀ ਦੀ ਮਾਤਾ ਨੂੰ ਵਿਸ਼ਵਾਸ ਦਿਵਾਇਆ ਕਿ ਇਲਾਕੇ ਵਿੱਚੋਂ ਨਸ਼ੇ ਨੂੰ ਜੜ੍ਹੋਂ ਖ਼ਤਮ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਐਂਟੀ ਡਰੱਗ ਕਲੱਬ ਦੁਆਬਾ ਵੱਲੋਂ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੁਹਿਮ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਉਪਰਾਲੇ ਕੀਤੇ ਜਾਣਗੇ।ਗੁਰਪ੍ਰੀਤ ਸਿੰਘ ਸੋਨਾ ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ ਅਤੇ ਐਂਟੀ ਡਰੱਗ ਕਲੱਬ ਦੁਆਬਾ ਇਸ ਮਕਸਦ ਲਈ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਂਦਾ ਰਹੇਗਾ।

ਐੱਸ ਆਈ ਆਰ ਤਹਿਤ ਘਰ-ਘਰ ਸਰਵੇਖਣ ਦਾ ਲਿਆ ਜਾਇਜ਼ਾ

ਜਲੰਧਰ, (ਸੁਰਿੰਦਰ ਕੁਮਾਰ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਵੋਟਰ ਸੂਚੀਆਂ ਦੀ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਤਹਿਤ ਸ਼ੁਰੂ ਹੋਏ ਇਕ ਮਹੀਨਾ ਚੱਲਣ ਵਾਲੇ ਘਰ-ਘਰ ਸਰਵੇਖਣ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਇਲਾਕਿਆਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਐੱਸ ਡੀ ਐੱਮ ਜਲੰਧਰ-1 ਸ਼ੁਭੀ ਆਂਗਰਾ ਵੀ ਮੌਜੂਦ ਸਨ। ਆਪਣੇ ਦੌਰੇ ਦੌਰਾਨ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਵਾਲੀਆ ਨੇ ਉਨ੍ਹਾਂ ਨੂੰ ਐਸ.ਆਈ.ਆਰ. ਦੇ ਉਦੇਸ਼ ਅਤੇ ਪ੍ਰਕਿਰਿਆ ਤੋਂ ਜਾਣੂ ਕਰਵਾਇਆ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਐੱਸ ਆਈ ਆਰ ਦਾ ਉਦੇਸ਼ ਵੋਟਰ ਸੂਚੀਆਂ ਨੂੰ ਸਹੀ, ਪਾਰਦਰਸ਼ੀ ਅਤੇ ਅੱਪਡੇਟ ਬਣਾਉਣਾ ਹੈ। ਉਨ੍ਹਾਂ ਵੋਟਰਾਂ ਨੂੰ ਦੱਸਿਆ ਕਿ ਬੀ ਐੱਲ ਓਜ਼ ਵੱਲੋਂ ਪਹਿਲਾਂ ਤੋਂ ਛਪੇ ਹੋਏ ਗਣਨਾ ਫਾਰਮ ਦਿੱਤੇ ਜਾਣਗੇ, ਜਿਨ੍ਹਾਂ ਨੂੰ ਭਰ ਕੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਜਮ੍ਹਾ ਕਰਵਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਫਾਰਮ ਦੀ ਦਸਤਖ਼ਤ ਕੀਤੀ ਇਕ ਕਾਪੀ ਬੀ ਐੱਲ ਓ ਵੱਲੋਂ ਪ੍ਰਾਪਤ ਕੀਤੀ ਜਾਵੇਗੀ, ਜਦਕਿ ਦੂਜੀ ਕਾਪੀ 'ਤੇ ਬੀ ਐੱਲ ਓ ਦੇ ਦਸਤਖ਼ਤ ਹੋਣਗੇ ਤੇ ਵੋਟਰ ਨੂੰ ਉਸ ਨੂੰ ਰਸੀਦ ਵਜੋਂ ਰੱਖ ਸਕਣਗੇ। ਫਾਰਮ ਨੂੰ ਵੋਟਰ ਜਾਂ ਘਰ ਦੇ ਕਿਸੇ ਵੀ ਬਾਲਗ ਮੈਂਬਰ ਵੱਲੋਂ ਭਰਿਆ ਅਤੇ ਜਮ੍ਹਾ ਕੀਤਾ ਜਾ ਸਕਦਾ ਹੈ।

ਡੇਂਗੂ ਦੀ ਰੋਕਥਾਮ ਲਈ ਟ੍ਰੇਨਿੰਗ ਵਰਕਸ਼ਾਪ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ ਡੇਂਗੂ ਵਰਗੀ ਗੰਭੀਰ ਬਿਮਾਰੀ ਦੇ ਫੈਲਾਅ ਨੂੰ ਰੋਕਣ ਅਤੇ ਆਮ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਦੇ ਮੱਕਸਦ ਨਾਲ ਰਿਆਤ ਬਾਹਰਾ ਕਾਲਜ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਅਤੇ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਟ੍ਰੇਨਿੰਗ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਡੇਂਗੂ ਫੈਲਾਉਣ ਵਾਲੇ ਮੱਛਰ ਦੀ ਪਛਾਣ ਕਰਨ, ਲੋਕਾਂ ਨੂੰ ਸਾਵਧਾਨੀਆਂ ਬਾਰੇ ਜਾਣਕਾਰੀ ਦੇਣ ਅਤੇ ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਦੇ ਯਤਨਾਂ ਵਿੱਚ ਸਹਿਯੋਗ ਦੇਣ ਲਈ ਤਿਆਰ ਕਰਨਾ ਸੀ।ਇਸ ਮੌਕੇ ਸੀ ਐੱਚ ਸੀ ਤੋਂ ਆਏ ਮੈਡੀਕਲ ਅਫਸਰ ਡਾ. ਭਾਰਤੀ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਘਰ-ਘਰ ਜਾ ਕੇ (ਹਾਊਸ-ਟੂ-ਹਾਊਸ) ਕੀਤੇ ਜਾਣ ਵਾਲੇ ਸਰਵੇਖਣ ਵਾਸਤੇ ਜ਼ਰੂਰੀ ਤਕਨੀਕੀ ਅਤੇ ਵਿਵਹਾਰਕ ਜਾਣਕਾਰੀ ਦਿੱਤੀ। ਟ੍ਰੇਨਿੰਗ ਦੌਰਾਨ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਡੇਂਗੂ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਅਤੇ ਇਹ ਮੱਛਰ ਆਮ ਤੌਰ 'ਤੇ ਸਾਫ਼ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਘਰਾਂ ਦੇ ਆਲੇ-ਦੁਆਲੇ ਪਏ ਗਮਲੇ, ਕੂਲਰ, ਪਾਣੀ ਦੀਆਂ ਟੈਂਕੀਆਂ, ਟੁੱਟੇ-ਭੁੱਟੇ ਬਰਤਨ, ਟਾਇਰ, ਡੱਬੇ ਅਤੇ ਹੋਰ ਅਜਿਹੀਆਂ ਵਸਤੂਆਂ ਜਿੱਥੇ ਪਾਣੀ ਇਕੱਠਾ ਹੋ ਸਕਦਾ ਹੈ, ਉਨ੍ਹਾਂ ਦੀ ਨਿਯਮਤ ਜਾਂਚ ਕਰਨਾ ਅਤੇ ਖੜ੍ਹਾ ਪਾਣੀ ਖਤਮ ਕਰਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਸੀ.ਐਚ.ਓ ਨਵਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਡੇਂਗੂ ਦੇ ਮੁੱਖ ਲੱਛਣਾਂ ਜਿਵੇਂ ਤੇਜ਼ ਬੁਖਾਰ, ਸਿਰ ਦਰਦ, ਸਰੀਰ ਅਤੇ ਜੋੜਾਂ ਵਿੱਚ ਦਰਦ, ਅੱਖਾਂ ਦੇ ਪਿੱਛੇ ਦਰਦ ਅਤੇ ਚਮੜੀ 'ਤੇ ਦਾਣੇ ਆਦਿ ਬਾਰੇ ਵੀ ਜਾਣਕਾਰੀ ਦਿੱਤੀ। ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਹਰ ਸ਼ੁੱਕਰਵਾਰ ਡ੍ਰਾਈ ਡੇ ਮਨਾਉਂਦੇ ਹੋਏ ਆਪਣੇ ਘਰਾਂ ਅਤੇ ਆਲੇ-ਦੁਆਲੇ ਪਾਣੀ ਦੇ ਸਾਰੇ ਸਰੋਤਾਂ ਦੀ ਜਾਂਚ ਕਰਨ ਅਤੇ ਖੜ੍ਹੇ ਪਾਣੀ ਨੂੰ ਤੁਰੰਤ ਖਾਲੀ ਕਰਨ।

'ਇੱਕ ਪੌਦਾ ਮਾਂ ਦੇ ਨਾਂਅ' ਪ੍ਰੋਗਰਾਮ ਕਰਵਾਇਆ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ) ਤਹਿਸੀਲ ਨੰਗਲ ਅਧੀਨ ਆਉਂਦੇ ਪਿੰਡ ਨਾਨਗਰਾਂ ਦੇ ਕੈਂਮਬ੍ਰਿਜ ਇਨੋਵੇਟਿਵ ਸਕੂਲ, ਨਾਨਗਰਾਂ ਵਿਖੇ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ 'ਮਿਸ਼ਨ ਲਾਈਫ' ਅਧੀਨ 'ਇੱਕ ਪੌਦਾ ਮਾਂ ਦੇ ਨਾਂਅ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੇ ਵਾਤਾਵਰਣ ਦੀ ਸੰਭਾਲ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੰਕਲਪ ਲਿਆ। ਇਸ ਪ੍ਰੋਗਰਾ

ਆਰ ਬੀ ਯੂ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਮੀਨਾਰ

ਚੰਡੀਗੜ੍ਹ, ਖਰੜ (ਗੁਰਜੀਤ ਬਿੱਲਾ, ਹਰਨਾਮ ਸਿੰਘ ਢੱਲਾ)- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਰਿਆਤ ਬਾਹਰਾ

ਯੂਨੀਵਰਸਿਟੀ ਵਿਖੇ ਸੱਤਵਾਂ ਰਾਜ ਪੱਧਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਮਹਿਲ ਕਲਾਂ ਤੋਂ ਵਿਧਾਇਕ ਅਤੇ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਕੁਲਵੰਤ ਸਿੰਘ ਪੰਡੋਰੀ ਨੇ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਸਰਕਾਰ ਦੇ ਸੱਭਿਆਚਾਰਕ ਮਾਮਲਿਆਂ ਬਾਰੇ ਸਲਾਹਕਾਰ ਦੀਪਕ ਬਾਲੀ, ਡੇਰਾ ਸੰਤ ਬਾਬਾ ਪ੍ਰੀਤਮ ਦਾਸ ਜੀ ਦੇ ਮੁਖੀ ਸੰਤ ਬਾਬਾ ਨਿਰਮਲ ਦਾਸ, ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਮਨਜਿੰਦਰ ਸਿੰਘ, ਡੇਰਾ ਸੰਤ ਪ੍ਰੀਤਮ ਦਾਸ ਤੋਂ ਆਰਕੀਟੈਕਟ ਸੰਤੋਸ਼ ਕੁਮਾਰੀ, ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚਾਂਸਲਰ ਸੰਜੇ ਕੁਮਾਰ, ਰਜਿਸਟਰਾਰ ਪ੍ਰੋ. ਐੱਲ ਕੇ ਯਾਦਵ, ਡੀਨ ਵਿਦਿਆਰਥੀ ਭਲਾਈ ਡਾ. ਸਿਮਰਜੀਤ ਕੌਰ, ਯੂਨੀਵਰਸਿਟੀ ਦੇ ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਮਹਾਨ ਸ਼ਖ਼ਸੀਅਤ ਕਿਸੇ ਇੱਕ ਵਰਗ, ਧਰਮ ਜਾਂ ਖੇਤਰ ਤੱਕ ਸੀਮਤ ਨਹੀਂ ਹੈ। ਉਨ੍ਹਾਂ ਦੀ ਬਾਣੀ ਅਤੇ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਪਿਆਰ, ਭਾਈਚਾਰੇ, ਸੱਚਾਈ ਅਤੇ ਮਨੁੱਖੀ ਸਨਮਾਨ ਦਾ ਸੰਦੇਸ਼ ਦਿੰਦੀ ਹੈ। ਵਿਧਾਇਕ ਪੰਡੋਰੀ ਨੇ ਕਿਹਾ ਕਿ ਯੂਨੀਵਰਸਿਟੀਆਂ ਗਿਆਨ ਅਤੇ ਵਿਚਾਰ-ਵਟਾਂਦਰੇ ਦੇ ਮਹੱਤਵਪੂਰਨ ਕੇਂਦਰ ਹਨ ਅਤੇ ਇੱਥੇ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਫ਼ਲਸਫ਼ੇ 'ਤੇ ਗੰਭੀਰ ਵਿਚਾਰ-ਵਟਾਂਦਰਾ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੀ ਵਿਚਾਰਧਾਰਾ ਨਾਲ ਡੂੰਘਾਈ ਨਾਲ ਜੋੜਨ ਵਿੱਚ ਸਹਾਈ ਹੋਵੇਗਾ। ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਆਏ ਪ੍ਰੋ. ਮਨਜਿੰਦਰ ਸਿੰਘ ਨੇ ਕਿਹਾ ਕਿ 650 ਸਾਲ ਪਹਿਲਾਂ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਿੱਤਾ ਬਰਾਬਰੀ ਦਾ ਸੰਦੇਸ਼ ਅੱਜ ਵੀ ਓਨਾ ਹੀ ਪ੍ਰਸੰਗਿਕ ਹੈ। ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਨੂੰ ਆਮ ਲੋਕਾਂ ਅਤੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾ ਰਹੇ ਹਨ।

650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਸਮਾਗਮ ਤੇ ਕਿਤਾਬੀ ਪ੍ਰਤੀਯੋਗਤਾ ਸੰਬੰਧੀ ਮੀਟਿੰਗ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਸ੍ਰੀ ਗੁਰੂ ਰਵਿਦਾਸ ਭਵਨ ਵਿਖੇ ਡਾ. ਬੀ.ਆਰ ਅੰਬੇਡਕਰ ਕਲੱਬ, ਮੀਰਾ ਬਾਈ ਸਭਾ, ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਅਤੇ ਸਮੂਹ ਸੰਗਤਾਂ ਦੀ ਇੱਕ ਇਕੱਤਰਤਾ

ਕੀਤੀ ਗਈ ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਸ਼ਤਾਬਦੀ ਸਮਾਗਮਾਂ ਦੇ ਸੰਬੰਧ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ। ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਦੇ ਮੁੱਖ ਸੇਵਾਦਾਰ ਜਗਦੀਸ਼ ਕੁਮਾਰ ਰਿੰਕਾ ਦੀ ਦੇਖ-ਰੇਖ ਹੇਠੀ ਇਸ ਮੀਟਿੰਗ ਦੌਰਾਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਆਰੰਭ ਕੀਤੇ ਗਏ ਧਾਰਮਿਕ ਸਮਾਗਮ ਤੋਂ ਇਲਾਵਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਜੀਵਨੀ 'ਤੇ ਅਧਾਰਤ ਕਿਤਾਬੀ ਪ੍ਰਤੀਯੋਗਤਾ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਜਗਦੀਸ਼ ਕੁਮਾਰ ਰਿੰਕਾ ਤੇ ਡਾ. ਬੀ.ਆਰ ਅੰਬੇਡਕਰ ਕਲੱਬ ਦੇ ਪ੍ਰਧਾਨ ਮਨਦੀਪ ਸਿੰਘ ਭਾਰਦਵਾਜ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ 28 ਅਗਸਤ ਨੂੰ ਪੂਰਨਮਾਸ਼ੀ ਦੇ ਦਿਹਾੜੇ 'ਤੇ ਕਰਵਾਏ ਜਾ ਰਹੇ ਮਹੀਨਾਵਾਰੀ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਨਿਸ਼ਾਨ ਸਾਹਿਬ ਜੀ ਦੇ ਚੋਲਾ ਸਾਹਿਬ ਬਦਲਣ ਦੀ ਸੇਵਾ ਕੀਤੀ ਜਾਵੇਗੀ ਉਪਰੰਤ ਸਤਿਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਸਮਰਪਿਤ ਆਰੰਭ ਕੀਤੀ ਗਈ ਛੇਵੀਂ ਸ੍ਰੀ ਸਹਿਜ ਪਾਠ ਦੀ ਲੜੀ ਦੇ ਦੌਰਾਨ 6ਵੇਂ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਜਾਣਗੇ ਅਤੇ 7ਵੇਂ ਸ੍ਰੀ ਸਹਿਜ ਪਾਠ ਜੀ ਦੀ ਆਰੰਭਤਾ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਮੌਕੇ ਸਮਾਗਮ ਵਿੱਚ ਬਾਬਾ ਗੁਰਮੁਖ ਦਾਸ ਸਵਾਰ ਵਾਲੇ, ਹੈਡ ਗ੍ਰੰਥੀ ਭਾਈ ਦਲਜੀਤ ਸਿੰਘ ਅਤੇ ਛੋਟੇ ਬੱਚੇ ਸ਼ਬਦ ਕੀਰਤਨ ਦੁਆਰਾ ਨਿਹਾਲ ਕਰਦੇ ਹੋਏ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਨਗੇ। ਇਸ ਮੌਕੇ ਉਕਤ ਪ੍ਰਬੰਧਕਾਂ ਨੇ ਹੋਰ ਦੱਸਿਆ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ ਅੰਬੇਡਕਰ ਜੀ ਜੀਵਨੀ ਦੇ ਸਬੰਧ ਵਿੱਚ 30 ਅਗਸਤ ਨੂੰ ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਦੇ ਲੰਗਰ ਹਾਲ ਵਿੱਚ ਕਿਤਾਬੀ ਪ੍ਰਤੀਯੋਗਤਾ ਵੀ ਕਰਵਾਈ ਜਾਵੇਗੀ ਜਿਸ ਵਿੱਚ ਇਲਾਕੇ ਭਰ ਚੋਂ ਬੱਚੇ ਭਾਗ ਲੈਣਗੇ। ਇਸੇ ਮੌਕੇ ਪ੍ਰਗਟ ਲਾਲ, ਸੰਤੋਖ ਸਿੰਘ, ਸਰਜੀਤ ਸਿੰਘ ਬੈਂਕ ਵਾਲੇ, ਸੋਮ ਪ੍ਰਕਾਸ਼, ਅਮਰੀਕ ਸਿੰਘ, ਰਵੀ ਕੁਮਾਰ, ਕਸ਼ਮੀਰ ਸਿੰਘ, ਅਮਰੀਕ ਸਿੰਘ, ਪ੍ਰਿੰਸ, ਇੰਦਰਜੀਤ ਗੁਰਕੀਰਤ ਸਿੰਘ,ਪਵਨ ਕੁਮਾਰ, ਪ੍ਰਿੰਸ, ਬੋਬੀ, ਚਮਨ ਲਾਲ, ਗਗਨਦੀਪ ਗੱਗੀ, ਕਸ਼ਮੀਰ ਸਿੰਘ, ਪ੍ਰਿੰਸ, ਮਨਜੀਤ ਕੌਰ, ਅਰਵਿੰਦਰ ਕੌਰ, ਸੁਨੀਤਾ ਰਾਣੀ ਵੀ ਹਾਜ਼ਰ ਸਨ।

ਨਵਾਂ ਪਿੰਡ ਦੋਨੇਵਾਲ ਵਿਖੇ ਖੇਡ ਮੈਦਾਨ ਦਾ ਉਦਘਾਟਨ

ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਉਤਸ਼ਾਹਿਤ ਕਰਨ ਲਈ ਉਸਾਰੇ ਜਾ ਰਹੇ 3100 ਖੇਡ ਮੈਦਾਨਾਂ ਦੇ ਪਹਿਲੇ ਚਰਨ ਤਹਿਤ ਬਲਾਕ ਲੋਹੀਆਂ ਖਾਸ ਦੇ ਪਿੰਡ ਨਵਾਂ ਪਿੰਡ ਦੋਨੇਵਾਲ ਵਿਖੇ ਨਵੇਂ ਖੇਡ ਮੈਦਾਨ ਦਾ

ਉਦਘਾਟਨ ਕੀਤਾ ਗਿਆ। ਇਹ ਖੇਡ ਮੈਦਾਨ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡ ਪੱਧਰ 'ਤੇ ਖੇਡ ਪ੍ਰਤਿਭਾ ਨੂੰ ਉਭਾਰਨ ਵੱਲ ਇੱਕ ਅਹਿਮ ਕਦਮ ਹੈ। ਖੇਡ ਮੈਦਾਨ ਤਿਆਰ ਹੋਣ ਨਾਲ ਪਿੰਡ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਪਿੰਡ ਵਿੱਚ ਹੀ ਖੇਡਾਂ ਦੀਆਂ ਬਿਹਤਰ ਸਹੂਲਤਾਂ ਮਿਲ ਸਕਣਗੀਆਂ ਅਤੇ ਉਹ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਭਾਗ ਲੈ ਸਕਣਗੇ। ਇਹ ਪ੍ਰਾਜੈਕਟ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਪੰਜਾਬ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਤਿਆਰ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਪਿੰਡਾਂ ਵਿੱਚ ਖੇਡ ਮੈਦਾਨ ਵਿਕਸਿਤ ਕਰਕੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਪਿੰਡ ਨਵਾਂ ਪਿੰਡ ਦੋਨੇਵਾਲ ਦੇ ਖੇਡ ਮੈਦਾਨ ਦਾ ਉਦਘਾਟਨ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਹਲਕਾ ਇੰਚਾਰਜ 'ਆਪ' ਸ਼ਾਹਕੋਟ ਵੱਲੋਂ ਆਪਣੇ ਕਰ-ਕਮਲਾਂ ਨਾਲ ਕੀਤਾ ਗਿਆ। ਇਸ ਮੌਕੇ ਪਿੰਡ ਦੇ ਪੰਚਾਇਤ ਮੈਂਬਰਾਂ, ਪਤਵੰਤਿਆਂ ਅਤੇ ਨਗਰ ਵਾਸੀਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਪਿੰਡ ਵਾਸੀਆਂ ਨੇ ਕਿਹਾ ਕਿ ਨਵੇਂ ਖੇਡ ਮੈਦਾਨ ਨਾਲ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ ਲਈ ਇੱਕ ਵਧੀਆ ਮੰਚ ਮਿਲੇਗਾ ਅਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਹੋਣਗੇ।

ਇਸ ਮੌਕੇ ਅਵਤਾਰ ਸਿੰਘ ਸਰਪੰਚ, ਸੁਖਵਿੰਦਰ ਸਿੰਘ ਪੰਚ, ਜਸਪਾਲ ਸਿੰਘ, ਬਲਵਿੰਦਰ ਸਿੰਘ ਪੰਚ, ਬਗੀਚਾ ਸਿੰਘ, ਕਸ਼ਮੀਰ ਸਿੰਘ ਪ੍ਰਧਾਨ, ਰਾਜਵੰਤ ਸਿੰਘ ਚੰਦੀ, ਤਰਸੇਮ ਸਿੰਘ ਠੇਕੇਦਾਰ, ਹੈਪੀ, ਮਹਿੰਗਾ ਸਿੰਘ, ਪਿਆਰਾ ਸਿੰਘ ਜਾਪਾਨੀ, ਬਚਨ ਸਿੰਘ, ਅਸ਼ਵਨੀ ਕੁਮਾਰ ਗੋਰਾ (ਐੱਸ.ਡੀ.ਓ), ਆਰੀਅਨ ਮਿਸ਼ਰਾ ਜੇ.ਈ ਵਰੁਣ ਕੁਮਾਰ ਜੇ.ਈ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

16 ਆਂਗਣਵਾੜੀ ਹੈਲਪਰਾਂ ਨੂੰ ਮਿਲੇ ਨਿਯੁਕਤੀ ਪੱਤਰ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਆਪਣੇ ਮੁੱਖ ਦਫ਼ਤਰ ਡੇਰਾਬੱਸੀ ਵਿਖੇ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਨਾਲ ਸਬੰਧਤ 16 ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।

ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਆਂਗਣਵਾੜੀ ਹੈਲਪਰਾਂ ਬੱਚਿਆਂ ਅਤੇ ਮਹਿਲਾਵਾਂ ਦੀ ਭਲਾਈ ਨਾਲ ਸਿੱਧੇ ਤੌਰ 'ਤੇ ਜੁੜੀਆਂ ਹੋਈਆਂ ਹਨ ਅਤੇ ਉਨ੍ਹਾਂ ਦੀ ਸੇਵਾ ਸਮਾਜ ਲਈ ਬਹੁਤ ਮਹੱਤਵਪੂਰਨ ਹੈ। ਇਸ ਮੌਕੇ ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਸੋਨੀਆ ਦੇਵੀ ਵਾਸੀ ਲੈਹਲੀ, ਰਵਨੀਤ ਕੌਰ, ਵਾਸੀ ਧਰਮਗੜ੍ਹ, ਚਰਨਜੀਤ ਕੌਰ ਵਾਸੀ ਬਾਕਰਪੁਰ ਟੈਂਕੀ, ਮੇਘਾ ਵਾਸੀ ਲਾਲੜੂ ਮੰਡੀ, ਪਰਦੀਪ ਕੌਰ ਵਾਸੀ ਹਰੀਪੁਰ ਕੂੜਾ, ਅੰਜਲੀ ਦੇਵੀ ਵਾਸੀ ਪੰਡਵਾਲਾ, ਅੰਜੂ ਦੇਵੀ ਵਾਸੀ ਜਿਓਲੀ, ਪੂਨਮ ਕੌਰ ਵਾਸੀ ਭਗਵਾਨਪੁਰ, ਰੇਸ਼ਮ ਕੌਰ ਵਾਸੀ ਸਿਓਲੀ, ਆਰਤੀ ਵਾਸੀ ਭਾਗਸੀ, ਮਨੀਸ਼ਾ ਹਾਣੀ ਵਾਸੀ ਮਹੀਵਾਲਾ, ਪਿੰਕੀ ਰਾਣੀ ਵਾਸੀ ਰਾਮਪੁਰ ਸੈਣੀਆਂ, ਅੰਕਿਤਾ ਵਾਸੀ ਮੁਬਾਰਕਪੁਰ, ਮੋਨਿਕਾ ਹਾਣੀ ਵਾਸੀ ਦੇਵੀਨਗਰ, ਸਪਿੰਦਰ ਬੇਗਮ ਵਾਸੀ ਸ਼ੇਖਪੁਰ ਕਲਾਂ ਤੇ ਰਣਦੀਪ ਕੌਰ ਵਾਸੀ ਹੁੰਬੜਾ ਨੂੰ ਨਿਯੁਕਤੀ ਪੱਤਰ ਸੌਂਪੇ ਗਏ।

ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

ਨਵਾਂਸ਼ਹਿਰ (ਮਨੋਜ ਲਾਡੀ)- ਟਿੱਪਰ ਵੱਜਣ ਕਾਰਨ ਮੋਟਰਸਾਈਕਲ ਸਵਾਰ ਦੀ ਮੌਤ ਹੋਣ 'ਤੇ ਪੁਲਸ ਨੇ ਨਾ ਮਾਲੂਮ ਟਿੱਪਰ ਚਾਲਕ ਦੇ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਥਾਣਾ ਸਦਰ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਏ ਐੱਸ ਆਈ ਜੋਗਿੰਦਰ ਪਾਲ ਨੇ ਦੱਸਿਆ ਕਿ ਰਮਨ ਕੁਮਾਰ ਪੁੱਤਰ ਜਸਪਾਲ ਵਾਸੀ ਨਗਰ ਜ਼ਿਲ੍ਹਾ ਜਲੰਧਰ ਨੇ ਦੱਸਿਆ ਕਿ ਉਹ ਗੱਡੀਆਂ ਦੇ ਸੀਟ ਕਵਰ ਬਨਾਉਣ ਦਾ ਕੰਮ ਕਰਦਾ ਹੈ।23 ਅਗਸਤ ਨੂੰ ਆਪਣੇ ਮੋਟਰਸਾਈਕਲ 'ਤੇ ਸਮੇਤ ਕਰਮਜੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਨਗਰ ਜ਼ਿਲ੍ਹਾ ਜਲੰਧਰ ਬਲਾਚੌਰ ਨੂੰ ਕੰਮ ਕਰਨ ਜਾ ਰਹੇ ਸੀ। ਜਦੋਂ ਰਾਹੋਂ ਰੋਡ ਬੀਰੋਵਾਲ ਮੋੜ ਸੌਹ ਗੁਰਦੁਆਰਾ ਪਾਸ ਪੁੱਜੇ ਤਾਂ ਪਿੱਛੋਂ ਇੱਕ ਤੇਜ਼ ਰਫਤਾਰ ਟਿੱਪਰ ਨੇ ਮੋਟਰਸਾਈਕਲ ਨੂੰ ਪਿੱਛੋਂ ਟੱਕਰ ਮਾਰ ਦਿੱਤੀ। ਟੱਕਰ ਵੱਜਣ ਕਾਰਨ ਉਹ ਤੇ ਕਰਮਜੀਤ ਸਿੰਘ ਦੋਵੇਂ ਸੜਕ ਪਰ ਡਿੱਗ ਪਏ। ਉਸ ਨੇ ਦੱਸਿਆ ਕਿ ਕਰਮਜੀਤ ਸਿੰਘ ਦੇ ਸਿਰ ਉਪਰੋਂ ਟਿੱਪਰ ਲੰਘ ਗਿਆ ਤੇ ਟਿੱਪਰ ਦਾ ਚਾਲਕ ਟਿੱਪਰ ਨੂੰ ਮੌਕੇ ਤੋਂ ਭਜਾ ਕੇ ਲੈ ਗਿਆ। ਜਦੋਂ ਕਰਮਜੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟਿੱਪਰ ਦਾ ਨੰਬਰ ਪੀ ਬੀ-06-ਵੀ-9608 ਪੜ੍ਹਿਆ ਗਿਆ, ਜਿਸ 'ਤੇ ਨਾ-ਮਾਲੂਮ ਟਿੱਪਰ ਚਾਲਕ ਦੇ ਖਿਲਾਫ਼ ਮਾਮਲਾ ਦਰਜ ਕਰਕੇ ਭਾਲ ਸ਼ੁਰੂ ਕਰ ਦਿੱਤੀ ਹੈ।

ਸਾਲਾਨਾ ਜੋੜ ਮੇਲਾ ਕਰਵਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਮੇਹਟੀਆਣਾ ਵਿਖੇ ਦਰਬਾਰ ਧੰਨ ਧੰਨ ਸ੍ਰੀ ਦੇਸੂ ਫੱਕਰ ਮਹਾਰਾਜ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ,ਐਨ ਆਰ ਆਈ ਅਤੇ ਇਲਾਕੇ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਦੇਸੂ ਫੱਕਰ ਮਹਾਰਾਜ ਜੀ ਦੀ ਯਾਦ ਵਿੱਚ ਸਲਾਨਾ ਚਾਰ ਰੋਜ਼ਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਕਮਲਜੀਤ ਕੁਮਾਰੀ ਮੇਹਟੀਆਣਾ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਡਾਕਟਰ ਮਹਿੰਦਰ ਪਾਲ ਬੱਧਣ ਮੇਹਟੀਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ

ਕਰਦਿਆਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਪੰਜਾਬ ਦੇ ਨਾਮਵਰ ਕਲਾਕਾਰ ਲਖਵੀਰ ਯੋਗੀ ਖਨੌੜਾ, ਬਲਵਿੰਦਰ ਸੋਨੂੰ, ਕੇ ਕੇ ਹੁਸ਼ਿਆਰਪੁਰ, ਬਿੱਟੂ ਵਲੈਤੀਆ, ਸ਼ੌਕਤ ਅਲੀ ਦੀਵਾਨਾ, ਦਵਿੰਦਰ ਦਿਆਲਪੁਰੀ ਨੇ ਬਾਬਾ ਜੀ ਦੇ ਗੁਣਗਾਨ ਕੀਤੇ। ਉਨ੍ਹਾਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਦੌਰਾਨ ਸਾਈ ਜਸਵੰਤ ਸਿੰਘ ਜੱਸਾ ਖਨੌੜਾ, ਸਾਈਂ ਰਵਿੰਦਰ ਸਿੰਘ ਹੈਪੀ ਪਧਿਆਣਾ, ਬਾਬਾ ਸਿੰਦੀ ਸ਼ਾਹ ਕੰਦੋਲਾ, ਸਾਈਂ ਮੁਲਖ ਰਾਜ ਕੰਦੋਲਾ, ਬਾਬਾ ਬਿੱਟੂ ਮੇਹਟੀਆਣਾ, ਬਾਬਾ ਰਣਵੀਰ ਸਿੰਘ ਬਿਹਾਲਾ, ਬਾਬਾ ਸੋਨੂੰ ਸ਼ਾਹ ਖਨੌੜਾ, ਬਾਬਾ ਬੂਟਾ ਸ਼ਾਹ ਖਨੌੜਾ, ਬਾਬਾ ਥਾਣੇਦਾਰ ਗੁਰਮੇਲ ਸਿੰਘ ਖਨੌੜਾ, ਬਾਬਾ

ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਭਰਵਾਂ ਸਵਾਗਤ, ਜਥੇਦਾਰ ਨੇ ਨਸ਼ਿਆਂ ਖ਼ਿਲਾਫ਼ ਸਰਕਾਰਾਂ ਨੂੰ ਘੇਰਿਆ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)- ਧਾਰਮਿਕ ਪ੍ਰਚਾਰ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਯਾਦ ਨੂੰ ਸਮਰਪਤ ਕੱਢਿਆ ਜਾ ਰਿਹਾ ਮੀਰੀ-ਪੀਰੀ ਖ਼ਾਲਸਾ ਮਾਰਚ ਬਰਨਾਲਾ, ਠੀਗੀਵਾਲ, ਰਾਏਸਰ, ਚੰਨਣਵਾਲ ਤੇ ਛੀਨੀਵਾਲ ਆਦਿ ਪਿੰਡਾਂ ਤੋਂ ਹੁੰਦਾ ਹੋਇਆ ਮਹਿਲ ਕਲਾਂ ਪੁੱਜਿਆ।ਇਲਾਕੇ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਇਲਾਕੇ ਦੀਆਂ ਸੰਗਤਾਂ ਵੱਲੋਂ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਦਿਆਂ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮਾਜ ਅਤੇ ਸਰਕਾਰਾਂ ਨੂੰ ਗੰਭੀਰ ਯਤਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਿਆ ਜਾਵੇ ਤਾਂ ਜੁ ਉਹ ਨਸ਼ਿਆਂ ਦੀ ਲਪੇਟ ਵਿੱਚ ਆਉਣ ਤੋਂ ਬਚ ਸਕਣ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਠੱਲ੍ਹ ਪਾਉਣ ਵਿੱਚ ਸਰਕਾਰਾਂ ਦੀ ਕਾਰਗੁਜ਼ਾਰੀ ਤਸੱਲੀਬਖ਼ਸ਼ ਨਹੀਂ ਰਹੀ ਤੇ ਪਿੰਡਾਂ ਵਿੱਚ ਨਸ਼ਿਆਂ ਖ਼ਿਲਾਫ਼ ਲੋਕ ਲਹਿਰ ਖੜੀ ਕਰਨ ਦੀ ਲੋੜ ਹੈ।

ਮਹਾਂ ਬੰਦ 'ਚ ਸ਼ਾਮਲ ਹੋਣਗੇ ਅਧਿਆਪਕ

ਬਲਾਕ ਪਾਤੜਾਂ ਦੇ ਦਫ਼ਤਰ ਤੇ ਸਕੂਲ ਰਹਿਣਗੇ ਬੰਦ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਵੱਖ-ਵੱਖ ਅਧਿਆਪਕ ਤੇ ਦਫ਼ਤਰੀ ਕਰਮਚਾਰੀਆਂ ਦੀਆਂ ਜਥੇਬੰਦੀਆਂ ਵੱਲੋਂ 27 ਅਗਸਤ ਦੇ ਬੰਦ ਨੂੰ ਸਫਲ ਬਣਾਉਣ ਦੀਆਂ ਤਿਆਰੀਆਂ ਨੂੰ ਲੈ ਕੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਫ਼ੈਸਲਾ ਲਿਆ ਗਿਆ ਕਿ ਤਿਆਰੀ ਵਜੋਂ ਮਹਾਂਬੰਦ ਨੂੰ ਮੁਕੰਮਲ ਬੰਦ ਬਣਾਉਣ ਲਈ ਹਰ ਛੋਟੇ ਵੱਡੇ ਦਫਤਰ ਤੇ ਸਕੂਲਾਂ ਤੱਕ ਪਹੁੰਚ ਕਰਕੇ ਤਹਿਸੀਲ ਪਾਤੜਾਂ ਦੇ ਸਮੁੱਚੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਇਸ ਬੰਦ ਦਾ ਹਿੱਸਾ ਬਣਾਇਆ ਜਾਵੇ ਤਾਂ ਜੁ ਮੁਲਾਜ਼ਮ ਮੰਗਾਂ ਤੋਂ ਭੱਜੀ ਪੰਜਾਬ ਸਰਕਾਰ ਦੇ ਬੋਲ਼ੇ ਕੰਨਾਂ ਤੱਕ ਹੱਕੀ ਮੰਗਾਂ ਦੀ ਆਵਾਜ਼ ਪੁਚਾਈ ਜਾ ਸਕੇ।ਅਧਿਆਪਕ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਦਾਲਤੀ ਹੁਕਮਾਂ ਦੇ ਬਾਵਜੂਦ ਮੁਲਾਜ਼ਮਾਂ ਦਾ 18 ਪ੍ਰਤੀਸ਼ਤ ਡੀਏ ਜਾਰੀ ਕਰਨ,17-7-20 ਤੋਂ ਬਾਅਦ ਵਾਲੇ ਮੁਲਾਜ਼ਮਾਂ ਤੇ ਪੰਜਾਬ ਦੇ ਸਕੇਲ ਲਾਗੂ ਕਰਨ, ਨੋਟੀਫਿਕੇਸ਼ਨ ਜਾਰੀ ਕਰਕੇ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕਰਨ, ਕੱਚੇ ਮੁਲਜ਼ਮਾਂ ਨੂੰ ਪੱਕੇ ਕਰਨ ਅਤੇ ਮਾਣਭੱਤਾ ਵਰਕਰਾਂ ਤੇ ਘੱਟ ਤੋਂ ਘੱਟ ਉਜਰਤਾਂ ਲਾਗੂ ਕਰਨ ਤੋਂ ਪਿਛਲੇ ਸਾਢੇ ਚਾਰ ਸਾਲਾਂ ਤੋਂ ਟਾਲਾ ਵੱਟਦੀ ਆ ਰਹੀ ਹੈ।7 ਅਗਸਤ ਦੀ ਇਤਿਹਾਸਕ ਚੰਡੀਗੜ੍ਹ ਰੈਲੀ ਤੋਂ ਬਾਅਦ ਮੁਲਾਜਮ

27 ਅਗਸਤ ਨੂੰ ਇਤਿਹਾਸਿਕ ਮਹਾਬੰਦ ਕਰਕੇ ਮੁਲਾਜ਼ਮ ਲਹਿਰ ਨੂੰ ਸਿਖਰ 'ਤੇ ਲੈ ਕੇ ਜਾਣਗੇ। ਇਸ ਮੌਕੇ ਡੈਮੋਕ੍ਰੇਟਿਕ ਟੀਚਰ ਫਰੰਟ ਤੋਂ ਜਸਪਾਲ ਖਾਂਗ, ਰਾਜੀਵ ਕੁਮਾਰ, 3582 ਤੋਂ ਰਾਜਪਾਲ ਸਿੰਘ, ਜੀਟੀਯੂ ਤੋਂ ਬਲਵਿੰਦਰ ਸਿੰਘ, 6635 ਅਧਿਆਪਕ ਯੂਨੀਅਨ ਤੋਂ ਸ਼ੰਕਰ ਸਿੰਘ 4161 ਅਧਿਆਪਕ ਯੂਨੀਅਨ ਤੋਂ ਗੁਰਧਿਆਨ ਸਿੰਘ, ਕੰਪਿਊਟਰ ਅਧਿਆਪਕ ਯੂਨੀਅਨ ਤੋਂ ਅਜੇ ਕੁਮਾਰ, 6060 ਤੋਂ ਭੁਪਿੰਦਰ ਸਿੰਘ ਤੇ ਹੋਰ ਬਲਾਕ ਦੇ ਵੱਡੀ ਗਿਣਤੀ ਅਧਿਆਪਕ ਹਾਜ਼ਰ ਸਨ।

ਢਾਡੀ ਕਲਾ ਪੰਜਾਬ ਦੇ ਇਤਿਹਾਸ ਨੂੰ ਸੇਧ ਦੇਣ ਵਾਲੀ ਮਾਣਮੱਤੀ ਕਲਾ: ਸੰਧਵਾਂ

ਪਟਿਆਲਾ (ਰਾਜਿੰਦਰ ਸਿੰਘ ਬਿੰਦ) - ਭਾਸ਼ਾ ਵਿਭਾਗ ਪੰਜਾਬ ਨੇ ਭਾਸ਼ਾ ਭਵਨ ਵਿਖੇ ਗਿਆਨੀ ਸੋਹਣ ਸਿੰਘ ਸੀਤਲ ਯਾਦਗਾਰੀ ਢਾਡੀ ਸਮਾਗਮ ਕਰਾਇਆ।ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਕਿਹਾ ਕਿ ਢਾਡੀ ਕਲਾ ਪੰਜਾਬ ਦੇ ਇਤਿਹਾਸ ਨੂੰ ਸੇਧ ਦੇਣ ਵਾਲੀ ਮਾਣਮੱਤੀ ਕਲਾ ਹੈ।ਸਮਾਗਮ ਦੌਰਾਨ ਉੱਘੇ ਢਾਡੀ ਜੱਥਿਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਸਵਰਗੀ ਸੀਤਲ ਦੀ ਰਚਨਾਵਾਂ ਦਾ ਗਾਇਨ ਕੀਤਾ। ਸੰਧਵਾਂ ਨੇ ਭਾਸ਼ਾ ਵਿਭਾਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗਿਆਨੀ ਸੋਹਣ ਸਿੰਘ ਸੀਤਲ ਨੂੰ ਯਾਦ ਕਰਕੇ ਭਾਸ਼ਾ ਵਿਭਾਗ ਨੇ ਪੰਜਾਬੀ ਮਾਂ ਦੀਆਂ ਅਸੀਸਾਂ ਲੈਣ ਵਾਲਾ ਕੰਮ ਕੀਤਾ ਹੈ।ਉਨ੍ਹਾਂ ਕਿਹਾ ਕਿ ਗਿਆਨੀ ਜੀ ਆਪਣੀ ਕਲਾ ਦੇ ਸਾਰੇ ਸਰੂਪਾਂ ਰਾਹੀਂ ਪੰਜਾਬ ਨੂੰ ਹਰ ਪੱਖੋਂ ਖੁਸ਼ਹਾਲ ਬਣਾਉਣ ਦੀ ਚਾਹਤ ਪ੍ਰਗਟ ਕਰਦੇ ਰਹੇ ਹਨ।ਉਨ੍ਹਾਂ ਕਿਹਾ ਕਿ ਸਾਡਾ ਸੀਤਲ ਜੀ ਵਰਗੀਆਂ ਸ਼ਖ਼ਸੀਅਤਾਂ ਦੀ ਵਿਦਵਤਾ ਤੇ ਰਚਨਾਵਾਂ ਨੂੰ ਨਾਲ ਲੈ ਕੇ ਚੱਲਣਾ ਬਣਦਾ ਹੈ।ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ

ਢਾਡੀ ਕਲਾ ਸੂਰਮਗਤੀ ਦੀ ਪ੍ਰਤੀਨਿਧਤਾ ਕਰਨ ਵਾਲੀ ਕਲਾ ਹੈ ਤੇ ਸਮੇਂ-ਸਮੇਂ ਸਿਰ ਇਤਿਹਾਸ ਨੂੰ ਮੋੜਾ ਦੇਣ ਵਾਲੀ ਭੂਮਿਕਾ ਨਿਭਾਉਂਦੀ ਆਈ ਹੈ। ਡਾਇਰੈਕਟਰ ਭਾਸ਼ਾਵਾਂ ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਨ ਦੌਰਾਨ ਕਿਹਾ ਕਿ ਗਿਆਨੀ ਸੋਹਣ ਸਿੰਘ ਸੀਤਲ ਦੀ ਸ਼ਖ਼ਸੀਅਤ ਅਨੇਕ ਰੂਪਾਂ ਵਿਚ ਢਾਡੀ ਕਲਾ, ਇਤਿਹਾਸਕਾਰੀ, ਗੀਤਕਾਰੀ, ਨਾਵਲਕਾਰੀ ਆਦਿ ਸ਼ਾਮਲ ਸਨ।ਉਨ੍ਹਾਂ ਦੀ ਵਿਲੱਖਣਤਾ ਇਹ ਸੀ ਕਿ ਜਦੋਂ ਉਹ ਢਾਡੀ ਵਜੋਂ ਆਪਣੀ ਪ੍ਰਤਿਭਾ ਦਿਖਾਉਂਦੇ ਸਨ ਤਾਂ ਮਹਿਸੂਸ ਨਹੀਂ ਹੁੰਦਾ ਸੀ ਕਿ ਉਹ ਬਾਰੀਕਬੀਨੀ ਵਾਲੇ ਨਾਵਲਕਾਰ ਵੀ ਹੋਣਗੇ।ਇਸ ਮੌਕੇ ਮੁੱਖ ਵਕਤਾ ਸ੍ਰੀ ਦੇਸ ਰਾਜ ਛਾਜਲੀ ਨੇ ਗਿਆਨੀ ਸੋਹਣ ਸਿੰਘ ਸੀਤਲ ਦੀ ਸ਼ਖ਼ਸੀਅਤ ਤੇ ਕਲਾ ਬਾਰੇ ਚਾਨਣਾ ਪਾਇਆ ਅਤੇ ਪੰਜਾਬ ਦੇ ਢਾਡੀ ਸੰਗੀਤ ਦੇ ਆਰੰਭ ਅਤੇ ਵਿਕਾਸ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਢਾਡੀ ਕਲਾ ਸੰਗੀਤ ਦੀ ਸੱਚੀ-ਸੁੱਚੀ ਪ੍ਰੰਪਰਾ ਹੈ ਜੋ ਗੁਰੂ ਕਾਲ ਤੋਂ ਪਹਿਲਾਂ ਦੀ ਚੱਲੀ ਆ ਰਹੀ ਹੈ। ਇਸ ਮੌਕੇ ਭਾਸ਼ਾ ਵਿਭਾਗ ਦੀਆਂ ਪਿਛਲੇ ਵਰ੍ਹੇ ਦੀਆਂ ਸਰਗਰਮੀਆਂ ਤੇ ਪ੍ਰਾਪਤੀਆਂ 'ਤੇ ਅਧਾਰਤ ਪੁਸਤਕ 'ਸਾਲ ਦੇ ਸਫ਼ੇ' ਵੀ ਲੋਕ ਅਰਪਣ ਕੀਤੀ ਗਈ।ਮਹਿਮਾਨਾਂ ਤੇ ਢਾਡੀ ਜਥਿਆਂ ਨੂੰ ਵਿਭਾਗੀ ਸ਼ਾਲਾਂ ਤੇ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।

ਤੀਜ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

ਸਮਾਣਾ (ਗੁਰਪਿਆਰ ਸਿੰਘ ਬੱਲ)- ਰੋਟਰੀ ਕਲੱਬ ਸਮਾਣਾ ਸਿਟੀ ਤੇ ਰੋਟਰੀ ਕਲੱਬ ਸਮਾਣਾ ਵੱਲੋਂ ਸਾਂਝੇ ਤੌਰ 'ਤੇ ਰੋਟਰੀ ਭਵਨ ਵਿਖੇ ਤੀਜ ਦਾ ਤਿਉਹਾਰ ਰੰਗਾਂ, ਸੰਗੀਤ, ਰਵਾਇਤਾਂ ਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਮਨਾਇਆ ਗਿਆ।ਰੋਟਰੀ ਮੈਂਬਰਾਂ ਤੇ ਮਹਿਮਾਨਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਸਮਾਗਮ ਵਿੱਚ ਡਿਸਟ੍ਰਿਕਟ 3090 ਦੀ ਫਰਸਟ ਲੇਡੀ ਰੋਟੇਰੀਅਨ ਸਾਚੀ ਸਿੰਗਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਦੀ ਮਾਣਯੋਗ ਹਾਜ਼ਰੀ ਨੇ ਸਮਾਗਮ ਦੀ ਰੌਣਕ ਹੋਰ ਵਧਾ ਦਿੱਤੀ। ਤੀਜ ਸਮਾਗਮ ਦੌਰਾਨ ਸੱਭਿਆਚਾਰਕ ਰਵਾਇਤਾਂ, ਸੰਗੀਤ, ਰੰਗਾਂ ਤੇ ਆਪਸੀ ਸਾਂਝ ਦੀ ਖੂਬਸੂਰਤ ਝਲਕ ਦੇਖਣ ਨੂੰ ਮਿਲੀ। ਇਸ ਮੌਕੇ ਨੇ ਸਾਰਿਆਂ ਨੂੰ ਆਪਣੀਆਂ ਸੱਭਿਆਚਾਰਕ ਪ੍ਰੰਪਰਾਵਾਂ ਨਾਲ ਜੁੜਨ ਅਤੇ ਮਿਲਜੁਲ ਕੇ ਤਿਉਹਾਰ ਦੀਆਂ ਖੁਸ਼ੀਆਂ ਮਨਾਉਣ ਦਾ ਮੌਕਾ ਦਿੱਤਾ।ਸਮਾਗਮ ਦਾ ਆਯੋਜਨ ਰੋਟੇਰੀਅਨ ਵਿੰਨੀਤਾ ਗਰਗ ਅਤੇ ਰੋਟੇਰੀਅਨ ਪੈਰੀ ਗੁਪਤਾ, ਆਯੋਜਨ ਮੈਂਬਰ, ਵੱਲੋਂ ਕੀਤਾ ਗਿਆ।ਰੋਟੇਰੀਅਨ ਵਾਨਿਕਾ ਗੋਇਲ, ਪ੍ਰਧਾਨ; ਰੋਟੇਰੀਅਨ ਸ਼ਾਲੂ ਗਰਗ, ਸਕੱਤਰ ਤੇ ਰੋਟੇਰੀਅਨ ਸੀਮਾ ਗਰਗ, ਵਿੱਤ ਸਕੱਤਰ ਨੇ ਸਮਾਗਮ ਵਿੱਚ ਅਗਵਾਈ ਅਤੇ ਸਮਨਵਯ ਦੀ ਮਹੱਤਵਪੂਰਨ ਭੂਮਿਕਾ ਨਿਭਾਈ।

ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਦੀ ਮਹੱਤਤਾ ਤੇ ਗੁਣਵੱਤਾ ਸੰਬੰਧੀ ਕੈਂਪ

ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ) - ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫਾਜ਼ਿਲਕਾ ਰਣਦੀਪ ਕੁਮਾਰ ਦੀ ਰਹਿਨੁਮਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਹਮੂ ਜੋਈਆ ਵਿਖੇ ਸਕੂਲੀ ਬੱਚਿਆਂ ਨੂੰ ਦੁੱਧ ਪ੍ਰਤੀ ਜਾਗਰੂਕ ਕਰਨ ਲਈ ਦੁੱਧ ਦੀ ਮਹੱਤਤਾ ਅਤੇ ਗੁਣਵੱਤਾ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸਕੂਲ ਦੇ ਬੱਚਿਆਂ ਅਤੇ ਸਟਾਫ ਵੱਲੋਂ ਬੜੇ ਉਤਸ਼ਾਹ ਨਾਲ ਭਾਗ ਲਿਆ ਗਿਆ। ਇਸ ਕੈਂਪ ਵਿੱਚ ਰਣਦੀਪ ਕੁਮਾਰ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫਾਜ਼ਿਲਕਾ ਵੱਲੋਂ ਸਾਫਟ ਡਰਿੰਕਸ ਅਤੇ ਦੁੱਧ ਦੀ ਤੁਲਨਾ ਕਰਦੇ ਹੋਏ ਸਾਫਟ ਡਰਿੰਕਸ ਪੀਣ ਨਾਲ ਸਿਹਤ ਨੂੰ ਹੋਣ ਵਾਲੇ ਨੁਕਸਾਨ ਸਬੰਧੀ ਬੱਚਿਆਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਰਮਨਦੀਪ ਕੁਮਾਰ, ਡੇਅਰੀ ਵਿਕਾਸ ਇੰਸਪੈਕਟਰ ਵੱਲੋ ਦੁੱਧ ਵਿੱਚ ਹੋਣ ਵਾਲੀ ਮਿਲਾਵਟ ਅਤੇ ਨਕਲੀ ਦੁੱਧ ਦੀ ਪਹਿਚਾਣ ਸਬੰਧੀ ਸਕੂਲੀ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ। ਅਮਨਦੀਪ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਅਤੇ ਗੁਰਵਿੰਦਰ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਬੱਚਿਆਂ ਨੂੰ ਦੁੱਧ ਵਿੱਚ ਪਾਏ ਜਾਣ ਵਾਲੇ ਪੋਸ਼ਟਿਕ ਤੱਤਾਂ ਸਬੰਧੀ ਜਾਣੂ ਕਰਵਾਇਆ ਗਿਆ ਅਤੇ ਬੱਚਿਆਂ ਨੂੰ ਰੋਜਾਨਾ ਦੁੱਧ ਪੀਣ ਲਈ ਪ੍ਰੇਰਿਤ ਕੀਤਾ ਗਿਆ । ਸਕੂਲ ਦੇ ਪ੍ਰਿੰਸੀਪਲ ਸ੍ਰੀ ਬਲਜੀਤ ਸਿੰਘ, ਲੈਕਚਰਾਰ ਗੁਰਜਿੰਦਰ ਸਿੰਘ ਅਤੇ ਕਵਿੰਦਰ ਕੁਮਾਰ ਅਤੇ ਉਹਨਾਂ ਦੇ ਸਮੂਹ ਸਟਾਫ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਇਸ ਕੈਂਪ ਨੂੰ ਆਯੋਜਿਤ ਕਰਨ ਵਿੱਚ ਖਾਸ ਯੋਗਦਾਨ ਦਿੱਤਾ ।

ਡੀ ਐੱਸ ਪੀ ਨਾਲ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) - ਪੁਲਸ ਪਬਲਿਕ ਤਾਲਮੇਲ ਕਮੇਟੀ ਦੀ ਮੀਟਿੰਗ ਡੀਐਸਪੀ ਸਬ ਡਵੀਜ਼ਨ ਬਚਨ ਸਿੰਘ ਨਾਲ ਵੱਖ-ਵੱਖ ਮੁੱਦਿਆਂ 'ਤੇ ਕੀਤੀ ਗਈ।ਇਹ ਮੀਟਿੰਗ ਪੁਲਿਸ ਪਬਲਿਕ ਤਾਲਮੇਲ ਕਮੇਟੀ ਦੇ ਆਰਗਨਾਈਜ਼ਰ ਅਸ਼ੋਕ ਮਹਿੰਦਰਾ ਦੀ ਅਗਵਾਈ

ਵਿੱਚ ਹੋਈ।ਮੀਟਿੰਗ ਵਿੱਚ ਐਚ ਐਸ ਕਪੂਰ (ਪੱਤਰਕਾਰ) ਪ੍ਰਧਾਨ ਚਾਲੀ ਮੁਕਤੇ ਵੈਲਫੇਅਰ ਸੁਸਾਇਟੀ ਵੱਲੋਂ ਡੀਐਸਪੀ ਸਾਹਿਬ ਨੂੰ ਸਿਰੋਪਾ ਦੇ ਕੇ ਸਨਮਾਨ ਕੀਤਾ ਗਿਆ ਤੇ ਸਮੁੱਚੇ ਕਮੇਟੀ ਮੈਂਬਰਾਂ ਵੱਲੋਂ ਡਿਪਟੀ ਸਾਹਿਬ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਕਮੇਟੀ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਮੁੱਦਿਆਂ, ਨਸ਼ੇ ਵਰਗੀਆਂ ਭਿਆਨਕ ਬਿਮਾਰੀਆਂ ਅਤੇ ਸ਼ਹਿਰ ਦੀ ਟ੍ਰੈਫ਼ਿਕ ਵਿਵਸਥਾ ਤੇ ਹੋਰ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਡੀਐਸਪੀ ਸਾਹਿਬ ਨੂੰ ਮੁਕਤਸਰ ਵਿਖੇ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ। ਡੀਐਸਪੀ ਬਚਨ ਸਿੰਘ ਨੇ ਵੱਖ-ਵੱਖ ਜਥੇਬੰਦੀਆਂ ਪੁਲਿਸ ਤਾਲਮੇਲ ਕਮੇਟੀ ਨੂੰ ਵਿਸ਼ਵਾਸ ਦਿਵਾਇਆ ਕਿ ਪੁਲਸ ਲੋਕਾਂ ਦੀ ਸੇਵਾ ਲਈ 24 ਘੰਟੇ ਹਾਜ਼ਰ ਹੈ, ਕਿਸੇ ਨੂੰ ਵੀ ਕੋਈ ਸਮੱਸਿਆ ਆਉਂਦੀ ਹੈ ਤਾਂ ਪੁਲਿਸ ਪਬਲਿਕ ਤਾਲਮੇਲ ਕਮੇਟੀ ਦੇ ਗਰੁੱਪ ਰਾਹੀਂ ਜਾਂ ਮੈਨੂੰ ਦੱਸ ਕੇ ਕੋਈ ਵੀ ਸਮੱਸਿਆ ਆਉਂਦੀ ਹੈ ਤਾਂ ਉਹ ਤੁਰੰਤ ਹੱਲ ਕੀਤੀ ਜਾਵੇਗੀ ਸ਼ਹਿਰ ਦੇ ਵਿਕਾਸ ਦੇ ਭਲੇ ਲਈ ਅਸੀਂ ਹਾਜ਼ਰ ਹਾਂ।ਡੀਐਸਪੀ ਸਾਹਿਬ ਨੇ ਸਮੂਹ ਕਮੇਟੀ ਦੇ ਮੈਂਬਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਕਿਸੇ ਵੀ ਮਾੜੇ ਅਨਸਰ ਜਾਂ ਕੋਈ ਮਾੜੀ ਗਤਵੀਤੀ ਹੁੰਦੀ ਹੈ ਤਾਂ ਉਹ ਤੁਰੰਤ ਮੇਰੇ ਧਿਆਨ ਵਿੱਚ ਲਿਆਉਣ ਤਾਂ ਜੁ ਉਨ੍ਹਾਂ ਮਾਮਲਿਆਂ ਦਾ ਹੱਲ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਨਸ਼ੇ ਖਿਲਾਫ ਚੱਲ ਰਹੀ ਮੁਹਿੰਮ ਵਿੱਚ ਅਗਰ ਕੋਈ ਮਾੜਾ ਅਨਸਰ ਨਸ਼ੇ ਨੂੰ ਬੜਾਵਾ ਦੇਵੇਗਾ ਤਾਂ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਡੀਐਸਪੀ ਸਾਹਿਬ ਨੇ ਕਿਹਾ ਕਿ ਜੇ ਕੋਈ ਨੌਜਵਾਨ ਜਾਂ ਕੋਈ ਵਿਅਕਤੀ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਪੁਲਸ ਉਨ੍ਹਾਂ ਦੇ ਨਾਲ ਖੜੀ ਹੈ।

ਬਾਲਦ ਕਲਾਂ ਤੇ ਬਾਸੀਅਰਖ 'ਚ ਖਿਡਾਰੀਆਂ ਲਈ ਖੁੱਲ੍ਹੇ ਖੇਡ ਮੈਦਾਨ ਭਰਾਜ ਨੇ ਕੀਤੇ ਲੋਕ ਅਰਪਿਤ

ਭਵਾਨੀਗੜ੍ਹ, (ਰਾਜ ਖੁਰਮੀ)- ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰ

'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮਸ਼ਾਲ ਦਾ ਗੁਰਦਾਸਪੁਰ 'ਚ ਭਰਵਾਂ ਸਵਾਗਤ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮਸ਼ਾਲ ਗੁਰਦਾਸਪੁਰ ਜ਼ਿਲ੍ਹੇ ਵਿੱਚ ਪਹੁੰਚ ਗਈ ਹੈ।ਪਠਾਨਕੋਟ ਤੋਂ ਮਸ਼ਾਲ ਲੈ ਕੇ ਪਹੁੰਚੇ ਖਿਡਾਰੀਆਂ ਦਾ ਦੀਨਾਨਗਰ ਦੇ ਹਲਕਾ ਇੰਚਾਰਜ ਸਮਸ਼ੇਰ ਸਿੰਘ ਅਤੇ ਗੁਰਦਾਸਪੁਰ ਵਿਖੇ ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਕੁਲਦੀਪ ਚੰਦ, ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ, ਅਸ਼ੋਕ ਕੁਮਾਰ ਐੱਸਡੀਐੱਮ ਗੁਰਦਾਸਪੁਰ, ਗਗਨਦੀਪ ਸਿੰਘ ਐੱਸ.ਡੀ.ਐੱਮ ਦੀਨਾਨਗਰ, ਜ਼ਿਲ੍ਹਾ ਸਿੱਖਿਆ ਅਫਸਰ (ਸ) ਰਜੇਸ਼ ਸ਼ਰਮਾ, ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਸਮੇਤ ਖਿਡਾਰੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਪੈਦਲ ਮਾਰਚ ਕਰਦਿਆਂ ਮਸ਼ਾਲ ਨੂੰ ਜਿਮਨੇਜ਼ੀਅਮ ਹਾਲ ਗੁਰਦਾਸਪੁਰ ਵਿਖੇ ਲਿਜਾਇਆ ਗਿਆ।ਮਸ਼ਾਲ 28 ਅਗਸਤ ਨੂੰ ਸ੍ਰੀ ਅੰਮ੍ਰਿਤਸਰ ਜ਼ਿਲ੍ਹੇ ਨੂੰ ਰਵਾਨਾ ਕੀਤੀ ਜਾਵੇਗੀ।

ਦੀਨਾਨਗਰ ਵਿਖੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਹਲਕਾ ਇੰਚਾਰਜ ਸਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ 'ਖੇਡਾਂ ਵਤਨ ਪੰਜਾਬ ਦੀਆਂ-2026' ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਖਿਡਾਰੀਆਂ, ਕੋਚਾਂ ਅਤੇ ਖੇਡ ਪ੍ਰੇਮੀਆਂ ਨੂੰ ਇਸ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ।ਇਸ ਮੌਕੇ ਸਹਾਇਕ ਕਮਿਸ਼ਨਰ ਕੁਲਦੀਪ ਚੰਦ ਅਤੇ ਐੱਸ ਡੀ ਐੱਮ ਅਸ਼ੋਕ ਕੁਮਾਰ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹੇ ਵਿੱਚ ਬਲਾਕ ਅਤੇ ਜ਼ਿਲ੍ਹਾ ਖੇਡ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਮੁਕਾਬਲੇ ਕਰਵਾਏ ਜਾਣਗੇ।

ਉਨ੍ਹਾਂ ਅੱਗੇ ਦੱਸਿਆ ਕਿ 28 ਅਗਸਤ ਨੂੰ ਬਟਾਲਾ ਤੋਂ ਹੁੰਦੇ ਹੋਏ ਮਸ਼ਾਲ ਸ੍ਰੀ ਅੰਮ੍ਰਿਤਸਰ ਜ਼ਿਲ੍ਹੇ ਲਈ ਰਵਾਨਾ ਹੋਵੇਗੀ।ਇਸ ਮੌਕੇ ਸੁਖਵਿੰਦਰ ਸਿੰਘ ਚੇਅਰਮੈਨ ਸਪੋਰਟਸ ਵੈਲਫੇਅਰ ਬੋਰਡ ਗੁਰਦਾਸਪੁਰ, ਚੇਅਰਮੈਨ ਜਸਬੀਰ ਸਿੰਘ ਕਠਿਆਲੀ, ਲੋਕੇਸ਼ ਸਿੰਘ, ਮਨਮੋਹਨ ਸਿੰਘ ਬਲਾਕ ਸੰਮਤੀ ਮੈਂਬਰ, ਟਰੱਸਟੀ ਹਿਤੇਸ਼ ਮਹਾਜਨ, ਟਰੱਸਟੀ ਰਘਬੀਰ ਸਿੰਘ ਖਾਲਸਾ, ਕੌਂਸਲਰ ਨਰੇਸ਼ ਕੁਮਾਰ, ਇਕਬਾਲ ਸਮਰਾ, ਸ੍ਰੀਮਤੀ ਅਨੀਤਾ ਜੀ ਤੋਂ ਇਲਾਵਾ ਕੌਂਸਲਰ, ਖਿਡਾਰੀ, ਖੇਡ ਪ੍ਰੇਮੀ, ਸਕੂਲ ਵਿਦਿਆਰਥੀ ਅਤੇ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।

ਅੱਜ ਦੇ ਮਹਾਂ ਬੰਦ ਨੂੰ ਗੁਰੂ ਨਾਨਕ ਦੇਵ 'ਵਰਸਿਟੀ ਦੇ ਮੁਲਾਜ਼ਮਾਂ ਵੱਲੋਂ ਪੂਰਨ ਸਮਰਥਨ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਅੰਮ੍ਰਿਤਸਰ: ਸਾਂਝਾ ਮੁਲਾਜ਼ਮ ਮੋਰਚੇ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ 27 ਅਗਸਤ 2026 ਨੂੰ ਮਹਾ ਬੰਦ ਦਾ ਸੱਦਾ ਦਿੱਤਾ ਗਿਆ ਹੈ। ਇਸ ਸੱਦੇ ਨੂੰ ਪੂਰਨ ਸਮਰਥਨ ਦਿੰਦਿਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਮੂਹ ਮੁਲਾਜ਼ਮਾਂ ਵੱਲੋਂ 27 ਅਗਸਤ ਨੂੰ ਇਕ ਦਿਨ ਦੀ ਸਮੂਹਿਕ ਛੁੱਟੀ ਲੈ ਕੇ ਸਾਂਝਾ ਮੁਲਾਜ਼ਮ ਮੋਰਚੇ ਦੇ ਸੰਘਰਸ਼ ਵਿਚ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਬੰਧੀ ਯੂਨੀਵਰਸਿਟੀ ਦੇ ਸਮੂਹ ਮੁਲਾਜ਼ਮ ਸਾਥੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ 27 ਅਗਸਤ ਦੀ ਇਕ ਦਿਨ ਦੀ ਸਮੂਹਿਕ ਛੁੱਟੀ ਜ਼ਰੂਰ ਭਰਨ ਅਤੇ ਮੁਲਾਜ਼ਮਾਂ ਦੀ ਏਕਤਾ ਤੇ ਸਾਂਝੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਕਈ ਜਾਇਜ਼ ਮੰਗਾਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ, ਪਰ ਸਰਕਾਰ ਵੱਲੋਂ ਇਨ੍ਹਾਂ ਦਾ ਸਥਾਈ ਹੱਲ ਕਰਨ ਦੀ ਬਜਾਏ ਟਾਲਮਟੋਲ ਕੀਤੀ ਜਾ ਰਹੀ ਹੈ। ਇਸ ਕਾਰਨ ਮੁਲਾਜ਼ਮ ਵਰਗ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਧਾਨ ਹਰਦੀਪ ਸਿੰਘ ਨਾਗਰਾ ਨੇ ਵਿਦਿਆਰਥੀਆਂ ਤੇ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਨ੍ਹਾਂ ਨੇ ਯੂਨੀਵਰਸਿਟੀ ਵਿਚ ਜ਼ਰੂਰੀ ਕੰਮ ਹਨ, ਉਹ 27 ਅਗਸਤ ਨੂੰ ਯੂਨੀਵਰਸਿਟੀ ਆਉਣ ਦੀ ਖੇਚਲ ਨਾ ਕਰਨ।

ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ

* ਸੂਬਾ ਪ੍ਰਧਾਨ ਨੇ ਧਨਵੰਤ ਸਿੰਘ ਖਤਰਾਏ ਕਲਾਂ ਵਿਰੁੱਧ ਲੱਗੇ ਦੋਸ਼ਾਂ ਨੂੰ ਨਕਾਰਿਆ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਨੇੜਲੇ ਪਿੰਡ ਖਤਰਾਏ ਕਲਾਂ ਸੂਬਾ ਮੀਤ ਪ੍ਰਧਾਨ ਧਨਵੰਤ ਸਿੰਘ ਖਤਰਾਏ ਕਲਾਂ ਦੀ ਰਿਹਾਇਸ਼ ਵਿਖੇ ਹੋਈ ਜਿਸ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਰਘਬੀਰ ਸਿੰਘ ਮਹਿਰਵਾਲ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਵੱਡੀ ਗਿਣਤੀ ਵਿੱਚ ਪਹੁੰਚੇ ਯੂਨੀਅਨ ਦੇ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਰਘਬੀਰ ਸਿੰਘ ਨੇ ਕਿਹਾ ਕਿ ਯੂਨੀਅਨ ਵਿੱਚੋਂ ਮੁਅੱਤਲ ਕੀਤੇ ਗਏ ਦੋ ਆਗੂਆਂ ਵੱਲੋਂ ਵਿਰੋਧੀ ਤਾਕਤਾਂ ਨਾਲ ਰਲ ਕੇ ਯੂਨੀਅਨ ਨੂੰ ਤੋੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਪਰ ਇਨਾਂ ਦੇ ਖਤਰਨਾਕ ਮਨਸੂਬਿਆਂ ਨੂੰ ਕਦੀ ਵੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਯੂਨੀਅਨ ਦੇ ਆਗੂ ਰਣਜੀਤ ਸਿੰਘ ਮਹਾਰ ਅਤੇ ਬਲਵਿੰਦਰ ਸਿੰਘ ਮੁਕਾਮ ਵੱਲੋਂ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਧਨਵੰਤ ਸਿੰਘ ਖਤਰਾਏ ਕਲਾਂ ਤੇ ਪਾਰਟੀ ਫੰਡ ਨੂੰ ਨਜਾਇਜ਼ ਵਰਤਣ ਦੇ ਲਾਏ ਗਏ ਦੋਸ਼ ਪੂਰੀ ਤਰ੍ਹਾਂ ਬੇਬੁਨਿਆਦ ਹਨ ਅਤੇ ਇਹਨਾਂ ਦੋਸ਼ਾਂ ਵਿੱਚ ਕੋਈ ਵੀ ਸੱਚਾਈ ਸਾਹਮਣੇ ਨਹੀਂ ਆਉਂਦੀ।ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਆਗੂਆਂ ਵੱਲੋਂ ਲਗਾਤਾਰ ਯੂਨੀਅਨ ਦੇ ਹਿੱਤਾਂ ਵਿਰੋਧੀ ਕਾਰਵਾਈਆਂ ਕੀਤੀਆਂ ਜਾਂਦੀਆਂ ਰਹੀਆਂ ਸਨ ਤਾਂ ਹੀ ਇਨ੍ਹਾਂ ਨੂੰ ਪਿਛਲੀਆਂ ਤਿੰਨ ਮੀਟਿੰਗਾਂ ਵਿੱਚ ਆਪਣਾ ਪੱਖ ਰੱਖਣ ਦਾ ਮੌਕਾ ਦਿੱਤਾ ਗਿਆ ਸੀ ਪਰ ਨਾ ਤਾਂ ਇਹ ਮੀਟਿੰਗ ਵਿੱਚ ਆਏ ਅਤੇ ਨਾ ਹੀ ਇਹਨਾਂ ਆਪਣਾ ਪੱਖ ਰੱਖਿਆ ਜਿਸ ਕਰਕੇ ਇਹਨਾਂ ਨੂੰ ਫਿਲਹਾਲ ਯੂਨੀਅਨ ਤੋਂ ਮੁਅੱਤਲ ਕੀਤਾ ਗਿਆ ਹੈ। ਸੂਬਾ ਪ੍ਰਧਾਨ ਨੇ ਕਿਹਾ ਕਿ ਪਾਰਟੀ ਨੂੰ ਮਿਲੇ ਫੰਡਾਂ ਅਤੇ ਖਰਚ ਦਾ ਵੇਰਵਾ ਪੂਰੇ ਰਿਕਾਰਡ ਸਮੇਤ ਕੋਈ ਵੀ ਆਗੂ ਲੈ ਸਕਦਾ ਹੈ ਜਿਸ ਨੂੰ ਕਦੇ ਵੀ ਕਿਸੇ ਵੱਲੋਂ ਛੁਪਾਇਆ ਨਹੀਂ ਗਿਆ। ਉਹਨਾਂ ਸਪਸ਼ਟ ਕੀਤਾ ਕਿ ਨਿਰਧਾਰ ਦੋਸ਼ ਲਾਉਣ ਵਾਲਾ ਰਣਜੀਤ ਸਿੰਘ ਮਹਾਰ ਆਮ ਆਦਮੀ ਪਾਰਟੀ ਦਾ ਸਰਕਲ ਅਹੁਦੇਦਾਰ ਹੈ ਜੋ ਕਿ ਸਿਆਸੀ ਗਤੀਵਿਧੀਆਂ ਦੇ ਨਾਲ ਨਾਲ ਯੂਨੀਅਨ ਦੀ ਸਰਗਰਮੀ ਵਿੱਚ ਹਿੱਸਾ ਨਹੀਂ ਲੈ ਸਕਦਾ। ਇਸ ਮੌਕੇ ਸੂਬਾ ਮੀਤ ਪ੍ਰਧਾਨ ਧਨਵੰਤ ਸਿੰਘ ਖਤਰਾਏ ਕਲਾਂ ਨੇ ਕਿਹਾ ਕਿ ਕਸਬਾ ਹਰਸ਼ਾ ਛੀਨਾ ਵਿੱਚ ਪਾਰਟੀ ਦਫਤਰ ਤੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਨਜਾਇਜ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ ਜਿਨਾਂ ਦੀ ਮਦਦ ਰਣਜੀਤ ਮੁਹਾਰ ਅਤੇ ਬਲਵਿੰਦਰ ਮੁਕਾਮ ਵੱਲੋਂ ਕਰਕੇ ਯੂਨੀਅਨ ਦੇ ਵਿਰੁੱਧ ਕੰਮ ਕੀਤਾ ਹੈ ਅਤੇ ਇਹਨਾਂ ਆਗੂਆਂ ਨੂੰ ਯੂਨੀਅਨ ਵਿਰੋਧੀ ਕਾਰਵਾਈਆਂ ਕਰਨ ਤੋਂ ਰੋਕਣ ਕਾਰਨ ਹੀ ਇਹ ਆਗੂ ਬੁਖਲਾਹਟ ਵਿੱਚ ਆ ਕੇ ਨਿਰਧਾਰ ਦੋਸ਼ ਲਗਾ ਰਹੇ ਹਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਰਾਜ ਸਿੰਘ ਛੀਨਾ, ਡਾ. ਇੰਦਰਜੀਤ ਸਿੰਘ ਮਹਿਲਾ ਵਾਲਾ, ਕਾਬਲ ਸਿੰਘ ਛੀਨਾ, ਸੁਖਰਾਜ ਸਿੰਘ ਸਰਕਾਰੀਆ ਵਿਜੇ ਸ਼ਾਹ ਧਾਰੀਵਾਲ, ਮੰਨੂ ਤੇੜਾ, ਕੁਲਵੰਤ ਸਿੰਘ ਛਜਲਵੱਡੀ ਆਦਿ ਨੇ ਵੀ ਧਨਵੰਤ ਸਿੰਘ ਖਤਰਾਏ ਕਲਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ।

ਬਾਬਾ ਬਕਾਲਾ ਸਾਹਿਬ ਖੇਤਰ ਦੇ 18 ਸਕੂਲਾਂ 'ਚ ਅੱਜ ਤੋਂ 29 ਤੱਕ ਛੁੱਟੀ

ਬਿਆਸ/ਅੰਮ੍ਰਿਤਸਰ (ਪਰਮਜੀਤ ਸਿੰਘ ਰੱਖੜਾ/ਜਸਬੀਰ ਸਿੰਘ ਪੱਟੀ, ਕੰਵਲਜੀਤਸਿੰਘ) ਰੱਖੜ ਪੁੰਨਿਆ ਦੇ ਮੇਲੇ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਵੱਲੋਂ ਬਾਬਾ ਬਕਾਲਾ ਸਾਹਿਬ ਖੇਤਰ ਨਾਲ ਸੰਬੰਧਤ 18 ਸਕੂਲਾਂ ਵਿੱਚ 27 ਅਗਸਤ ਤੋਂ 29 ਅਗਸਤ ਤੱਕ ਛੁੱਟੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਇਹ ਛੁੱਟੀ ਹੇਠ ਲਿਖੇ ਸਕੂਲਾਂ ਵਿੱਚ ਲਾਗੂ ਹੋਵੇਗੀ : ਸਰਕਾਰੀ ਹਾਈ ਸਕੂਲ ਬਾਬਾ ਬਕਾਲਾ, ਦਸਮੇਸ਼ ਪਬਲਿਕ ਸਕੂਲ ਬਾਬਾ ਬਕਾਲਾ, ਸਰਕਾਰੀ ਮਿਡਲ ਸਕੂਲ ਛਾਪਿਆਂਵਾਲੀ, ਸਰਕਾਰੀ ਮਿਡਲ ਸਕੂਲ ਉਮਰਾਨੰਗਲ, ਸਰਕਾਰੀ ਮਿਡਲ ਸਕੂਲ ਠੱਠੀਆਂ, ਮਾਤਾ ਗੰਗਾ ਸੀਨੀਅਰ ਸੈਕੰਡਰੀ ਸਕੂਲ, ਬਾਬਾ ਬਕਾਲਾ, ਜੀ ਟੀ ਬੀ ਸਕੂਲ, ਬਾਬਾ ਬਕਾਲਾ, ਨਿਊ ਸੈਂਚਰੀ ਪਬਲਿਕ ਸਕੂਲ ਛਾਪਿਆਂਵਾਲੀ, ਸੇਂਟ ਸੋਲਜ਼ਰ ਪਬਲਿਕ ਸਕੂਲ ਠੱਠੀਆਂ, ਸੰਤ ਮਾਝਾ ਸਿੰਘ ਕਰਮਜੋਤ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਠਿਆਲਾ, ਸਰਕਾਰੀ ਕੰਨਿਆ ਹਾਈ ਸਕੂਲ ਸਠਿਆਲਾ, ਸਰਕਾਰੀ ਐਲੀਮੈਂਟਰੀ ਸਕੂਲ ਬਾਬਾ ਬਕਾਲਾ (ਲੜਕੇ) ਸਰਕਾਰੀ ਐਲੀਮੈਂਟਰੀ ਸਕੂਲ ਛਾਪਿਆਂਵਾਲੀ, ਸਰਕਾਰੀ ਐਲੀਮੈਂਟਰੀ ਸਕੂਲ ਉਮਰਾਨੰਗਲ, ਸਰਕਾਰੀ ਐਲੀਮੈਂਟਰੀ ਸਕੂਲ ਠੱਠੀਆਂ, ਸਰਕਾਰੀ ਐਲੀਮੈਂਟਰੀ ਸਕੂਲ ਸਠਿਆਲਾ (ਲੜਕੇ) ਤੇ ਸਰਕਾਰੀ ਐਲੀਮੈਂਟਰੀ ਸਕੂਲ ਸਠਿਆਲਾ (ਉੱਤਰੀ)।

ਪੀ ਐੱਸ ਐੱਸ ਐੱਸ ਬੀ ਦੀ ਮੁਫ਼ਤ ਸਿਖਲਾਈ ਪਹਿਲੀ ਤੋਂ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਸਿਲੈਕਸ਼ਨ ਬੋਰਡ ਗਰੁੱਪ-ਸੀ ਦੀ ਭਰਤੀ ਲਈ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਯੁਵਕਾਂ ਲਈ ਕੋਚਿੰਗ 1 ਸਤੰਬਰ ਤੋਂ 30 ਨਵੰਬਰ ਤੱਕ ਚਲਾਈ ਜਾਵੇਗੀ। ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਦੇ ਇੰਚਾਰਜ ਨਵਜੋਧ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੀ ਐੱਸ ਐੱਸ ਐੱਸ ਬੀ ਗਰੁੱਪ-ਸੀ ਦੀ ਦੀ ਤਿਆਰੀ ਲਈ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿਖੇ ਮੁਫ਼ਤ ਸਿਖਲਾਈ 1 ਸਤੰਬਰ ਤੋਂ 30 ਨਵੰਬਰ ਤੱਕ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੋਚਿੰਗ ਦੌਰਾਨ ਯੁਵਕਾਂ ਨੂੰ ਮੁਫ਼ਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ। ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਲੈ ਕੇ ਕੈਂਪ 'ਚ ਰਿਪੋਰਟ ਕਰ ਸਕਦੇ ਹਨ।

ਰੱਖੜ ਪੁੰਨਿਆ ਦੇ ਮੇਲੇ 'ਤੇ ਭਾਜਪਾ ਦੀ ਰੈਲੀ ਇਤਿਹਾਸਕ ਹੋਵੇਗੀ-ਮੰਨਾ

ਬੁਤਾਲਾ (ਨਿਰਮਲ ਸਿੰਘ ਸੰਘਾ)- ਬਾਬਾ ਬਕਾਲਾ ਸਾਹਿਬ ਵਿਖੇ ਸਾਚਾ ਗੁਰੂ ਲਾਧੋ ਰੇ ਦੇ ਸਾਲਾਨਾ ਜੋੜ ਮੇਲੇ ਤੇ ਅਤੇ ਰੱਖੜ ਪੁੰਨਿਆ ਦੇ ਮੇਲੇ ਤੇ 28 ਅਗਸਤ ਨੂੰ ਭਾਰਤੀ ਜਨਤਾ ਪਾਰਟੀ ਦੀ ਵਿਸ਼ਾਲ ਰੈਲੀ ਸਬੰਧੀ ਪਿੰਡ ਸਠਿਆਲਾ (ਪੱਤੀ ਮਸੰਦ ਕੀ) ਵਿਖੇ ਸਾਬਕਾ ਵਿਧਾਇਕ ਅਤੇ ਸੁਭਾਈ ਸਕੱਤਰ ਮਨਜੀਤ ਸਿੰਘ ਮੰਨਾ ਵੱਲੋਂ ਭਾਜਪਾ ਵਰਕਰਾਂ ਅਤੇ ਸਮਰਥਕਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁੰਨਿਆ ਦੇ ਪਵਿੱਤਰ ਮੇਲੇ ਮੌਕੇ ਭਾਜਪਾ ਵੱਲੋਂ ਕੀਤੀ ਜਾ ਰਹੀ ਰੈਲੀ ਇਤਿਹਾਸਕ ਹੋਵੇਗੀ।ਉਨ੍ਹਾਂ ਕਿਹਾ ਕਿ ਰੈਲੀ 'ਚ ਕੇਂਦਰੀ ਮੰਤਰੀ ਅਤੇ ਹਰਿਆਣਾ ਦੇ ਮੁੱਖ ਮੰਤਰੀ, ਭਾਜਪਾ ਦੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿਲੋਂ ਦੇ ਵਿਚਾਰ ਸੁਣਨ ਲਈ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਗਈ।ਇਸ ਮੌਕੇ ਚੇਅਰਮੈਨ ਰਣਜੀਤ ਸਿੰਘ ਮੀਆਂਵਿੰਡ, ਗੁਰਦੀਪ ਸਿੰਘ ਕਾਕੋ, ਐਡਵੋਕੇਟ ਇਕਬਾਲ ਸਿੰਘ ਬੱਲ, ਰਾਜੇਸ਼ ਟਾਂਗਰੀ, ਸਰਕਲ ਪ੍ਰਧਾਨ ਗੁਰਚਰਨ ਸਿੰਘ, ਬਿਕਰਮਜੀਤ ਸਿੰਘ ਚੀਮਾਬਾਠਾ, ਸੇਠ ਸਰਦੂਲ ਸਿੰਘ, ਰਵੀ ਟਪਿਆਲਾ, ਬਾਬਾ ਸੰਤੋਖ ਸਿੰਘ ਬਲਸਰਾਂ, ਚਰਨ ਸਿੰਘ, ਜੱਗਾ ਸਿੰਘ, ਮੈਂਬਰ ਕਸ਼ਮੀਰ ਸਿੰਘ,ਬਾਬਾ ਰਾਜਵਿੰਦਰ ਸਿੰਘ, ਬਾਬਾ ਤਰਸੇਮ ਸਿੰਘ, ਬਾਬਾ ਅਵਤਾਰ ਸਿੰਘ ਆਦਿ ਹਾਜ਼ਰ ਸਨ।

ਅੱਜ ਸਮੂਹਿਕ ਛੁੱਟੀ ਲੈ ਕੇ ਹੜਤਾਲ ਕਰਨਗੇ ਮੁਲਾਜ਼ਮ

ਗੁਰਦਾਸਪੁਰ (ਜਨਕ ਮਹਾਜਨ)-ਸੀ ਪੀ ਐਫ਼ ਕਰਮਚਾਰੀ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਰਣਬੀਰ ਸਿੰਘ ਡੰਡੇ ਅਤੇ ਮਾਸ ਮੀਡੀਆ ਅਫਸਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਦੀ ਹੱਕੀ ਮੰਗਾਂ ਲਈ ਮਿਤੀ 27 ਅਗਸਤ ਨੂੰ ਮੁਲਾਜ਼ਮ ਸਮੂਹਿਕ ਛੁੱਟੀ ਲੈ ਕੇ ਹੜਤਾਲ ਕਰਨਗੇ। ਮੁਲਾਜ਼ਮ ਡੀ ਏ ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, 15 ਜਨਵਰੀ 2015 ਅਤੇ 17 ਜੁਲਾਈ 2020 ਨੂੰ ਜਾਰੀ ਪੱਤਰ ਰੱਦ ਕਰਨ, 4/9/14 ਏ ਸੀ ਪੀ ਬਹਾਲ ਕਰਨ, ਗ਼ੁਏਚੁਟੀ ਵਧਾਉਣ, ਠੇਕਾ ਸਿਸਟਮ ਖਤਮ ਕਰਨ ਆਦਿ ਦੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ ਪਰ ਸਰਕਾਰ ਉਨ੍

ਭਗਤ ਨੇ ਤੀਰਥ ਯਾਤਰਾ ਲਈ 3 ਬੱਸਾਂ ਕੀਤੀਆਂ ਰਵਾਨਾ

ਜਲੰਧਰ (ਸੁਰਿੰਦਰ ਕੁਮਾਰ)- ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੈਨਾਨੀ ਅਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਵਲੋਂ 120 ਫੁੱਟੀ ਰੋਡ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ 3

ਬੱਸਾਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਸੰਗਤਾਂ ਦੇ ਨਾਲ ਰੂਬਰੂ ਹੁੰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ ਉਹਨਾਂ ਦੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾਂ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਇਸ ਯੋਜਨਾਂ ਤਹਿਤ ਪੰਜਾਬ ਦੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾਂਦੇ ਸਨ, ਪਰ ਹੁਣ ਲੋਕਾਂ ਦੀ ਆਪਣੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੀ ਆਸਥਾ ਤੇ ਸ਼ਰਧਾ ਨੂੰ ਮੁੱਖ ਰੱਖਦਿਆਂ ਇਸ ਯੋਜਨਾਂ ਦੇ ਦਾਇਰੇ ਨੂੰ ਵਧਾਇਆ ਗਿਆ ਹੈ। ਸ੍ਰੀ ਭਗਤ ਨੇ ਅੱਗੇ ਦੱਸਿਆ ਕਿ ਮੌਜੂਦਾ ਪੰਜਾਬ ਸਰਕਾਰ ਦੇ ਇਹਨਾਂ ਨੇਕ ਕਾਰਜਾਂ ਤਹਿਤ ਜਲੰਧਰ ਤੋਂ ਹਰਿਦੁਆਰ-ਰਿਸ਼ੀਕੇਸ਼, ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ ਅਤੇ ਵਰਿੰਦਾਵਨ ਲਈ ਬੱਸਾਂ ਰਵਾਨਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਹਨਾਂ ਬੱਸਾਂ ਰਾਹੀਂ ਸੰਗਤਾਂ ਆਪਣੇ-ਆਪਣੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਮੁਫ਼ਤ ਵਿੱਚ ਦਰਸ਼ਨ ਕਰ ਸਕਣਗੀਆਂ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੌਰਾਨ ਸੰਗਤਾਂ ਦੇ ਰਿਹਾਇਸ਼ ਅਤੇ ਖਾਣੇ ਆਦਿ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਸ੍ਰੀ ਭਗਤ ਨੇ ਅੱਗੇ ਦੱਸਿਆ ਕਿ ਹੁਣ ਤੱਕ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ 4 ਲੱਖ ਤੋਂ ਵੱਧ ਸੰਗਤਾਂ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੀਆਂ ਹਨ।

ਦੀਪਕ ਧੀਰ ਪ੍ਰੈੱਸ ਕਲੱਬ ਦੇ ਪ੍ਰਧਾਨ ਬਣੇ

ਸੁਲਤਾਨਪੁਰ ਲੋਧੀ (ਹਨੀ)- ਦੀ ਵਰਕਿੰਗ ਜਨਲਿਸਟ ਐਸੋਸੀਏਸ਼ਨ (ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ) ਦੀ ਹੋਈ ਅਹਿਮ ਚੋਣ ਦੌਰਾਨ ਪੱਤਰਕਾਰ ਭਾਈਚਾਰੇ ਨੇ ਏਕਤਾ ਅਤੇ ਆਪਸੀ ਸਹਿਮਤੀ ਦੀ ਮਿਸਾਲ ਕਾਇਮ ਕਰਦਿਆਂ ਦੀਪਕ ਧੀਰ ਨੂੰ ਸਰਬਸੰਮਤੀ ਨਾਲ ਐਸੋਸੀਏਸ਼ਨ ਦਾ ਪ੍ਰਧਾਨ ਚੁਣ ਲਿਆ। ਦੱਸਣਯੋਗ ਹੈ ਕਿ ਪ੍ਰਧਾਨ ਦੇ ਅਹੁਦੇ ਲਈ ਦੀਪਕ ਧੀਰ, ਸਤਪਾਲ ਕਾਲਾ, ਬਲਵੀਰ ਸਿੰਘ ਧੰਜੂ, ਬਲਵਿੰਦਰ ਸਿੰਘ ਧਾਲੀਵਾਲ, ਲਖਵੀਰ ਸਿੰਘ ਲੱਖੀ, ਅਸ਼ਵਨੀ ਜੋਸ਼ੀ ਅਤੇ ਲਕਸ਼ਮੀ ਨੰਦਨ ਸਮੇਤ ਕੁੱਲ 7 ਉਮੀਦਵਾਰ ਮੈਦਾਨ ਵਿੱਚ ਸਨ। ਚੋਣ ਪ੍ਰਕਿਰਿਆ ਦੌਰਾਨ ਸਾਰੇ ਉਮੀਦਵਾਰਾਂ ਨੇ ਆਪਸੀ ਸਹਿਮਤੀ, ਭਾਈਚਾਰਕ ਏਕਤਾ ਅਤੇ ਐਸੋਸੀਏਸ਼ਨ ਦੇ ਵਡੇਰੇ ਹਿੱਤਾਂ ਨੂੰ ਤਰਜੀਹ ਦਿੰਦਿਆਂ ਦੀਪਕ ਧੀਰ ਦੇ ਨਾਮ 'ਤੇ ਸਹਿਮਤੀ ਪ੍ਰਗਟਾਈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ। ਨਵੇਂ-ਚੁਣੇ ਪ੍ਰਧਾਨ ਦੀਪਕ ਧੀਰ ਨੇ ਸਮੂਹ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਮਿਲੀ ਇਹ ਜ਼ਿੰਮੇਵਾਰੀ ਸਿਰਫ਼ ਇੱਕ ਅਹੁਦਾ ਨਹੀਂ, ਸਗੋਂ ਪੱਤਰਕਾਰ ਸਾਥੀਆਂ ਵੱਲੋਂ ਦਿੱਤਾ ਗਿਆ ਵੱਡਾ ਭਰੋਸਾ, ਸਨਮਾਨ ਅਤੇ ਜ਼ਿੰਮੇਵਾਰੀ ਹੈ। ਉਹ ਇਸ ਭਰੋਸੇ ਨੂੰ ਪੂਰੀ ਇਮਾਨਦਾਰੀ, ਨਿਰਪੱਖਤਾ ਅਤੇ ਤਨਦੇਹੀ ਨਾਲ ਨਿਭਾਉਣਗੇ। ਦੀਪਕ ਧੀਰ ਨੇ ਪ੍ਰਧਾਨਗੀ ਦੀ ਚੋਣ ਦੌਰਾਨ ਉਨ੍ਹਾਂ ਦੇ ਨਾਮ 'ਤੇ ਸਹਿਮਤੀ ਦੇਣ ਵਾਲੇ ਸਾਰੇ ਉਮੀਦਵਾਰਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੇਰੀ ਇਕੱਲੇ ਦੀ ਜਿੱਤ ਨਹੀਂ, ਸਗੋਂ ਸਮੂਹ ਪੱਤਰਕਾਰ ਭਾਈਚਾਰੇ ਦੀ ਜਿੱਤ ਹੈ। ਇਸ ਮੌਕੇ ਸਾਬਕਾ ਪ੍ਰਧਾਨ ਸੁਰਿੰਦਰ ਪਾਲ ਸਿੰਘ ਸੋਢੀ, ਸਾਬਕਾ ਪ੍ਰਧਾਨ ਲਖਵੀਰ ਸਿੰਘ ਲੱਖੀ, ਤਿਲਕਰਾਜ ਜੋਸ਼ੀ, ਨਰਿੰਦਰ ਸਿੰਘ ਸੋਨੀਆ, ਐਡਵੋਕੇਟ ਰਜਿੰਦਰ ਸਿੰਘ ਰਾਣਾ, ਲਕਸ਼ਮੀ ਨੰਦਨ, ਬਲਵੀਰ ਸਿੰਘ ਧੰਜੂ, ਸਤਪਾਲ ਕਾਲਾ, ਵਰੁਣ ਸ਼ਰਮਾ, ਬਲਵਿੰਦਰ ਸਿੰਘ ਲਾਡੀ, ਨਰੇਸ਼ ਹੈਪੀ, ਦੇਸ਼ ਰਾਜ, ਬਲਵਿੰਦਰ ਸਿੰਘ ਧਾਲੀਵਾਲ, ਕੁਲਵੰਤ ਸਿੰਘ ਨੂਰੋਵਾਲ, ਅਸ਼ਵਨੀ ਜੋਸ਼ੀ, ਰਣਜੀਤ ਸਿੰਘ ਚੰਦੀ, ਰਕੇਸ਼ ਕੁਮਾਰ, ਚਰਨਜੀਤ ਸਿੰਘ ਢਿੱਲੋਂ, ਜਗਜੀਤ ਸਿੰਘ ਧੰਜੂ, ਸਿਮਰਨਜੀਤ ਸਿੰਘ, ਦਿਲਬਾਗ ਸਿੰਘ, ਜਸਦੇਵ ਸਿੰਘ ਝੰਡ, ਜਗਮੋਹਨ ਸਿੰਘ ਥਿੰਦ, ਪ੍ਰਦੀਪ ਸਿੰਘ, ਕੰਵਲਪ੍ਰੀਤ ਸਿੰਘ, ਕੁਲਵਿੰਦਰ ਸਿੰਘ ਲਾਡੀ, ਅਰਵਿੰਦ ਪਾਠਕ, ਪਰਮਜੀਤ ਸਿੰਘ, ਤਰਸੇਮ ਸਿੰਘ ਥਿੰਦ, ਜਤਿੰਦਰ ਸੇਠੀ, ਦੀਪਕ ਸ਼ਰਮਾ, ਲਵਪ੍ਰੀਤ ਸਿੰਘ ਪਿੰਡਾ, ਕੁਲਬੀਰ ਸਿੰਘ ਮਿੰਟੂ, ਪਵਨ ਕੁਮਾਰ ਹਨੀ, ਗੁਰਪਿੰਦਰ ਪਾਲ ਸਿੰਘ ਕੰਡਾ, ਗੁਰਪ੍ਰੀਤ ਸਿੰਘ ਢੋਟ, ਰਵੀ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਭਾਈਚਾਰਾ ਮੌਜੂਦ ਸੀ।

'ਡਾਇਰੀ: ਬੱਬਰ ਅਕਾਲੀ ਲਹਿਰ' ਬੱਬਰ ਸ਼ਤਾਬਦੀ ਮੌਕੇ ਲੋਕ-ਅਰਪਣ

ਜਲੰਧਰ (ਨ ਜ਼ ਸ)- 'ਡਾਇਰੀ: ਬੱਬਰ ਅਕਾਲੀ ਲਹਿਰ' ਨਵ ਪ੍ਰਕਾਸ਼ਿਤ ਪੁਸਤਕ ਦੀ ਪਹਿਲੀ ਕਾਪੀ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੂੰ ਭੇਟ ਕਰਦੇ ਹੋਏ ਅਮੋਲਕ ਸਿੰਘ ਨੇ ਮੁਢਲੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ 1926-2026 ਦੇ ਇਤਿਹਾਸਕ ਮਹੱਤਵ ਅਤੇ ਪ੍ਰਸੰਗਕਤਾ ਨੂੰ ਸਮਝਦਿਆਂ ਇਹ ਪੁਸਤਕ ਵਿਸ਼ੇਸ਼ ਕਰਕੇ ਉਸ ਪਾਠਕ ਵਰਗ ਨੂੰ ਸਨਮੁਖ ਰੱਖਕੇ ਤਿਆਰ ਕੀਤੀ ਗਈ ਹੈ ਜਿਸਨੂੰ ਬੱਬਰ ਅਕਾਲੀ ਲਹਿਰ ਦੇ ਹਕੀਕੀ ਇਤਿਹਾਸ ਦੀ ਜਾਣ-ਪਹਿਚਾਣ ਨਹੀਂ, ਜਾਂ ਬਹੁਤ ਨਿਗੂਣੀ ਹੈ ਜਾਂ ਹਕੀਕਤਾਂ ਤੋਂ ਕੋਹਾਂ ਦੂਰ ਹੈ। ਉਹ ਵਰਗ ਇਸ ਕਿਤਾਬ ਰਾਹੀਂ ਬਹੁਤ ਹੀ ਗੁੰਦਵੇਂ, ਸਧਾਰਣ ਅਤੇ ਸਪੱਸ਼ਟ ਅੰਦਾਜ਼ ਵਿੱਚ ਜਾਣਕੇ ਤਸੱਲੀ ਪ੍ਰਗਟ ਕਰੇਗਾ ਕਿ ਬੱਬਰ ਅਕਾਲੀ ਲਹਿਰ ਤਾਂ ਇਉਂ ਜਾਪਦੈ ਜਿਵੇਂ ਸਾਡੇ ਸਮਿਆਂ ਦੀ ਹਾਣੀ ਲਹਿਰ ਹੋਵੇ। ਉਹਨਾਂ ਦੱਸਿਆ ਕਿ ਬੱਬਰ ਅਕਾਲੀ ਲਹਿਰ ਨੇ ਹਿੱਕਾਂ ਤਣਕੇ ਐਲਾਨ ਕੀਤੇ ਸੀ ਕਿ 'ਸਾਡੀ ਧਰਤੀ, ਸਾਡੇ ਲੋਕ, ਇਹ ਅੰਗਰੇਜ਼ ਹਾਕਮ ਕੌਣ ਹੁੰਦੇ ਨੇ ਸਾਡੇ ਖੇਤਾਂ, ਸਾਡੇ ਬਾਗ਼ਾਂ, ਸਾਡੀਆਂ ਨਹਿਰਾਂ ਸੜਕਾਂ ਦੀ ਬੋਲੀ ਦੇਣ ਵਾਲੇ? ' ਉਹਨਾਂ ਸਾਫ਼ ਸ਼ਬਦਾਂ 'ਚ ਹੋਕਾ ਦਿੱਤਾ ਸੀ ਕਿ ਸਾਡੀ ਲੜਾਈ ਗੋਰੀ ਚਮੜੀ ਨਾਲ ਨਹੀਂ ਸਗੋਂ ਦੇਸੀ-ਬਦੇਸੀ ਲੁੱਟ-ਖੋਹ, ਦਾਬੇ, ਵਿਤਕਰੇ, ਜ਼ਬਰ ਸਿਤਮ ਨਾਲ਼ ਹੈ। ਅਮੋਲਕ ਸਿੰਘ ਨੇ ਕਿਹਾ ਕਿ ਅੱਜ ਜਦੋਂ ਅਮਰੀਕੀ ਸਾਮਰਾਜ ਦੇ ਦਬਾਅ ਹੇਠ ਆ ਕੇ ਭਾਰਤੀ ਹਾਕਮ ਡੰਡੌਤ ਬੰਧਨਾ ਕਰਕੇ ਅਮਰੀਕਾ-ਭਾਰਤ ਖੁੱਲ੍ਹੀ ਵਪਾਰਕ ਸੰਧੀ ਦੇ ਨਾਂਅ 'ਤੇ ਭਾਰਤੀ ਲੋਕਾਂ ਸਿਰ ਸੌਦਾ

ਮੜ੍ਹ ਰਹੇ ਨੇ, ਜਿਵੇਂ ਚੋਰੀ ਚੋਰੀ ਡਰੋਨ ਰਾਹੀਂ ਜ਼ਮੀਨਾਂ ਦੀ ਪਮਾਇਸ਼ ਕਰਕੇ ਲੈਂਡ ਪੂਲਿੰਗ ਨੀਤੀ ਦੇ ਮੁੜ ਦੰਦੇ ਤਿੱਖੇ ਕੀਤੇ ਜਾ ਰਹੇ ਹਨ, ਜਿਵੇਂ ਜੁਆਨੀ ਪ੍ਰਵਾਸ਼ ਦਾ ਹਨੇਰਾ ਢੋਅ ਰਹੀ ਹੈ, ਇਸ ਦੌਰ ਅੰਦਰ 'ਡਾਇਰੀ: ਬੱਬਰ ਅਕਾਲੀ ਲਹਿਰ' ਦੀ ਬੇਹੱਦ ਸਾਰਥਕਤਾ ਸਾਹਮਣੇ ਲਿਆਏਗੀ ਅਤੇ ਆਪਣੇ ਫਰਜ਼ ਪਹਿਚਾਨਣ ਲਈ ਪ੍ਰੇਰਨਾਦਾਇਕ ਹੋਏਗੀ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੇ ਪੁਸਤਕ ਦੀ ਆਮਦ ਨੂੰ ਜੀ ਆਇਆਂ ਕਹਿਦੇ ਹੋਏ ਦੱਸਿਆ ਕਿ 28 ਤੋਂ 30 ਅਗਸਤ ਲੱਗ ਰਹੇ ਤਿੰਨ ਰੋਜ਼ਾ ਸਿਖਿਆਰਥੀ ਚੇਤਨਾ ਕੈਂਪ ਵਿੱਚ ਹੋਰਨਾਂ ਕਿਤਾਬਾਂ ਸਮੇਤ ਇਹ ਪੁਸਤਕ ਵੀ ਸਿਖਿਆਰਥੀਆਂ ਨੂੰ ਸਨਮਾਨ ਵਜੋਂ ਭੇਟ ਕੀਤੀ ਜਾਏਗੀ। ਡਾਇਰੀ ਲੋਕ ਅਰਪਣ ਮੌਕੇ ਕਮੇਟੀ ਜਨਰਲ ਸਕੱਤਰ ਗੁਰਮੀਤ ਸਿੰਘ, ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਡਾ. ਸੈਲੇਸ਼, ਗੁਰਦੀਪ ਸਿੰਘ, ਭੂਵਨ, ਦਵਿੰਦਰ ਮੰਡ ਅਤੇ ਸ਼ਾਗੁਨ ਹਾਜ਼ਰ ਸਨ।

ਵਿੱਤ ਮੰਤਰੀ ਵੱਲੋਂ ਮਲਟੀਪਰਪਜ਼ ਹੈੱਲਥ ਵਰਕਰਾਂ ਨੂੰ ਪ੍ਰੋਤਸਾਹਨ ਭੱਤਾ ਦੇਣ ਦੇ ਨਿਰਦੇਸ਼

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜੋ ਕਿ ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਨੂੰ ਠੇਕਾ

ਆਧਾਰਿਤ ਮਲਟੀਪਰਪਜ਼ ਹੈਲਥ ਵਰਕਰਾਂ ਨੂੰ ਪ੍ਰਤੀ ਟੀਕਾਕਰਨ ਸੈਸ਼ਨ 525 ਰੁਪਏ ਦਾ ਵਿਸ਼ੇਸ਼ ਪ੍ਰੋਤਸਾਹਨ ਭੱਤਾ (ਮਹੀਨੇ ਵਿੱਚ ਵੱਧ ਤੋਂ ਵੱਧ ਚਾਰ ਸੈਸ਼ਨਾਂ ਤੱਕ) ਦੇਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਕੈਬਨਿਟ ਸਬ-ਕਮੇਟੀ ਦੀਆਂ ਲੜੀਵਾਰ ਮੀਟਿੰਗਾਂ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਨੂੰ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਦੀਆਂ ਜਾਇਜ਼ ਮੰਗਾਂ, ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਭਲਾਈ ਨਾਲ ਜੁੜੇ ਮੁੱਦਿਆਂ ਨੂੰ ਜਲਦ ਹੱਲ ਕਰਨ ਦੇ ਹੁਕਮ ਦਿੱਤੇ। ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਇਸ ਫੈਸਲੇ ਨਾਲ ਇਨ੍ਹਾਂ ਮੁਲਾਜ਼ਮਾਂ ਦੀ ਮਹੀਨਾਵਾਰ ਆਮਦਨ ਵਿੱਚ ਸਿੱਧੇ ਤੌਰ 'ਤੇ 2,100 ਰੁਪਏ ਤੱਕ ਦਾ ਵਾਧਾ ਹੋਵੇਗਾ। ਉਨ੍ਹਾਂ ਨੇ ਵਿਭਾਗ ਨੂੰ ਸੇਵਾਵਾਂ ਰੈਗੂਲਰ ਕਰਨ ਸਬੰਧੀ ਯੂਨੀਅਨ ਦਾ ਮਾਮਲਾ ਸਮੀਖਿਆ ਲਈ ਸਬੰਧਤ ਕਮੇਟੀ ਨੂੰ ਭੇਜਣ ਦੇ ਵੀ ਨਿਰਦੇਸ਼ ਦਿੱਤੇ। ਯੂਨੀਅਨ ਦੇ ਨੁਮਾਇੰਦਿਆਂ ਨੇ ਪ੍ਰੋਤਸਾਹਨ ਭੱਤੇ ਦੇ ਨਾਲ-ਨਾਲ ਵਰਦੀ ਭੱਤਾ ਅਤੇ ਟੂਰ ਭੱਤਾ ਸ਼ੁਰੂ ਕਰਨ ਲਈ ਵਿੱਤ ਮੰਤਰੀ ਦਾ ਧੰਨਵਾਦ ਪ੍ਰਗਟਾਇਆ। ਇਸ ਦੌਰਾਨ, ਮੰਤਰੀ ਹਰਪਾਲ ਸਿੰਘ ਚੀਮਾ ਨੇ ਜੰਗਲਾਤ ਵਰਕਰਜ਼ ਯੂਨੀਅਨ ਅਤੇ ਪੰਜਾਬ ਪ੍ਰਦੇਸ਼ ਪੱਲੇਦਾਰ ਯੂਨੀਅਨ ਨਾਲ ਵੀ ਵਿਚਾਰ-ਵਟਾਂਦਰਾ ਕੀਤਾ। ਵਫ਼ਦ ਨੇ ਮੰਗ ਪੱਤਰ ਸੌਂਪਦਿਆਂ ਸੂਬਾ ਸਰਕਾਰ ਨੂੰ ਬਾਕੀ ਰਹਿੰਦੀਆਂ ਸਾਰੀਆਂ ਮੁਲਾਜ਼ਮ ਸ਼੍ਰੇਣੀਆਂ ਨੂੰ ਰੈਗੂਲਰਾਈਜ਼ੇਸ਼ਨ ਨੀਤੀ ਦੇ ਘੇਰੇ ਵਿੱਚ ਲਿਆਉਣ ਦੀ ਮੰਗ ਕੀਤੀ। ਉਨ੍ਹਾਂ ਤਨਖਾਹਾਂ ਵਿੱਚ ਸਮੇਂ ਸਿਰ ਵਾਧੇ ਅਤੇ ਕੰਮ ਵਾਲੀ ਥਾਂ 'ਤੇ ਵਾਪਰਨ ਵਾਲੇ ਹਾਦਸਿਆਂ ਜਾਂ ਜਾਨੀ ਨੁਕਸਾਨ ਦੀ ਸੂਰਤ ਵਿੱਚ ਢੁਕਵੇਂ ਮੁਆਵਜ਼ੇ ਅਤੇ ਸਮਾਜਿਕ ਸੁਰੱਖਿਆ ਪ੍ਰਬੰਧਾਂ ਦੀ ਵੀ ਮੰਗ ਕੀਤੀ। ਵਿੱਤ ਮੰਤਰੀ ਚੀਮਾ ਨੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਧਿਆਨ ਨਾਲ ਸੁਣਦਿਆਂ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਉਨ੍ਹਾਂ ਦੀਆਂ ਮੰਗਾਂ ਦੀ ਹਮਦਰਦੀ ਨਾਲ ਸਮੀਖਿਆ ਕਰ ਰਹੀ ਹੈ ਅਤੇ ਜਲਦ ਹੀ ਉਚਿਤ ਕਾਰਵਾਈ ਕੀਤੀ ਜਾਵੇਗੀ।

ਨੇਤਰਦਾਨ ਪੱਖਵਾੜੇ 'ਤੇ ਨੇਤਰਦਾਨ ਦਾ ਸੰਕਲਪ ਲੈਣ ਦੀ ਅਪੀਲ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ 8 ਸਤੰਬਰ 2026 ਤੱਕ ਮਨਾਏ ਜਾ ਰਹੇ 41ਵੇਂ ਰਾਸ਼ਟਰੀ ਨੇਤਰਦਾਨ ਪਖਵਾੜੇ ਦੇ ਮੌਕੇ ਤੇ ਪ੍ਰਦੇਸ਼ਵਾਸੀਆਂ ਨੂੰ ਨੇਤਰਦਾਨ ਦਾ ਸੰਕਲਪ ਲੈਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨੇਤਰਦਾਨ ਮਹਾਦਾਨ ਹੈ ਅਤੇ ਤੁਹਾਡੀਆਂ ਅੱਖਾਂ ਕਿਸੇ ਦ੍ਰਿਸ਼ਟੀਹੀਣ ਵਿਅਕਤੀ ਦੇ ਜੀਵਨ ਵਿੱਚ ਨਵਾਂ ਉਜਾਲਾ ਲਿਆ ਸਕਦੀਆਂ ਹਨ।ਆਰਤੀ ਸਿੰਘ ਰਾਓ ਨੇ ਦੱਸਿਆ ਕਿ ਇੱਕ ਵਿਅਕਤੀ ਵੱਲੋਂ ਕੀਤਾ ਗਿਆ ਨੇਤਰਦਾਨ ਦੋ ਦ੍ਰਿਸ਼ਟੀਹੀਣ ਵਿਅਕਤੀਆਂ ਦੇ ਜੀਵਨ ਨੂੰ ਰੌਸ਼ਨ ਕਰ ਸਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਵਿਅਕਤੀ ਆਪਣੇ ਜੀਵਨ ਕਾਲ ਵਿੱਚ ਅੱਖਾਂ ਦਾਨ ਕਰਨ ਦੀ ਪ੍ਰਤਿਗਿਆ ਲੈ ਸਕਦਾ ਹੈ, ਜਦੋਂ ਕਿ ਮੌਤ ਤੋਂ ਬਾਅਦ 6 ਤੋਂ 8 ਘੰਟਿਆਂ ਦੇ ਅੰਦਰ ਨੇਤਰਾਂ ਨੂੰ ਸੁਰੱਖਿਅਤ ਕੱਢਿਆ ਜਾਂਦਾ ਹੈ। ਇਸ ਪੂਰੀ ਪ੍ਰਕਿਰਿਆ ਲਈ ਨੇਤਰਦਾਤਿਆਂ ਜਾਂ ਪ੍ਰਾਪਤਕਰਤਾਵਾਂ ਤੋਂ ਕੋਈ ਫ਼ੀਸ ਨਹੀਂ ਲਈ ਜਾਂਦੀ।ਨੇਤਰਦਾਤੇ ਦੀ ਮੌਤ ਤੋਂ ਬਾਅਦ ਪਰਿਵਾਰਕ ਮੈਂਬਰ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ, ਜ਼ਿਲ੍ਹਾ ਸਿਵਲ ਹਸਪਤਾਲ ਦੇ ਨੇਤਰਦਾਨ ਕੇਂਦਰ, ਮੈਡੀਕਲ ਕਾਲਜ ਜਾਂ ਆਈ ਬੈਂਕ ਨਾਲ ਸੰਪਰਕ ਕਰ ਸਕਦੇ ਹਨ।

ਚੱਬੇਵਾਲ ਤੇ ਇਸ਼ਾਂਕ ਕੁਮਾਰ ਨੇ 'ਮੁੱਖ ਮੰਤਰੀ ਖੇਡ ਮੈਦਾਨ' ਦਾ ਕੀਤਾ ਉਦਘਾਟਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਨੇੜਲੇ ਪਿੰਡ ਪੱਟੀ ਵਿਖੇ 'ਮੁੱਖ ਮੰਤਰੀ ਖੇਡ ਮੈਦਾਨ' ਦਾ ਉਦਘਾਟਨ ਕਰਦਿਆਂ ਕਿਹਾ ਕਿ ਇਹ ਖੇਡ ਮੈਦਾਨ ਪੇਂਡੂ ਨੌਜਵਾਨਾਂ ਨੂੰ ਆਧੁਨਿਕ ਖੇਡ ਸਹੂਲਤਾਂ ਮੁਹੱਈਆ ਕਰਵਾ ਕੇ ਜ਼ਮੀਨੀ ਪੱਧਰ 'ਤੇ ਖੇਡਾਂ ਨੂੰ ਉਤਸ